PAIGAM-E-JAGAT

ਪੈ.ਗਾਮ-ਏ-ਜਗਤ

Title code : CHAMUL00914 | E-mail : Info@paigamejagat.com | ਐਤਵਾਰ, 13 ਸਤੰਬਰ 2026, ਸਾਲ-4, ਅੰਕ-6, ਚੰਡੀਗੜ੍ਹ, ਮੁੱਖ ਸੰਪਾਦਕ : ਦਵਿੰਦਰ ਕੁਮਾਰ, ਸੰਪਰਕ-9878862733, 9872340701

ਜੇਕਰ ਕੋਈ ਵਿਅਕਤੀ ਕੁਝ ਸਿੱਖਣਾ ਚਾਹੁੰਦਾ ਹੈ, ਤਾਂ ਹਰ ਗਲਤੀ ਉਸਨੂੰ ਕੁਝ ਨਾ ਕੁਝ ਸਿਖਾਉਂਦੀ ਹੈ।



ਜਿਨਪਿੰਗ ਨਾਲ ਦੁਵੱਲੀ ਬੈਠਕ 'ਚ ਬੋਲ ਪੀਐੱਮ ਮੋਦੀ

'ਰਿਸ਼ਤਿਆਂ ਦੇ ਵਿਕਾਸ ਲਈ ਸਰਹੱਦ 'ਤੇ ਸ਼ਾਂਤੀ ਜ਼ਰੂਰੀ'

ਭਾਰਤ-ਚੀਨ ਇੱਕ ਦੂਜੇ ਦੀਆਂ ਤਾਕਤਾਂ ਤੋਂ ਸਿੱਖ ਸਕਦੇ ਹਨ- ਜਿਨਪਿੰਗ, 'ਏਆਈ ਤੇ ਤਕਨੀਕ ਦੇ ਦੌਰ 'ਚ ਰੂਲ ਮੇਕਰ ਬਣੇ ਗਲੋਬਲ ਸਾਊਥ'



ਨਵੀਂ ਦਿੱਲੀ, 12 ਸਤੰਬਰ (ਪੈ.ਗਾਮ-ਏ-ਜਗਤ)

ਬ੍ਰਿਕਸ ਸਿਖਰ ਸੰਮੇਲਨ ਦਾ ਆਗਾਜ਼ ਹੋ ਚੁੱਕਾ ਹੈ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਉਦਘਾਟਨ ਸੈਸ਼ਨ ਨੂੰ ਸੰਬੋਧਨ ਕਰਦੇ ਹੋਏ ਸੰਮੇਲਨ ਦੀ ਸ਼ੁਰੂਆਤ ਕੀਤੀ। ਇਸ ਦੌਰਾਨ ਉਨ੍ਹਾਂ ਨੇ ਬ੍ਰਿਕਸ ਦੇਸ਼ਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਨਮਸਕਾਰ, ਭਾਰਤ ਵਿਚ ਤੁਹਾਡੇ ਸਾਰਿਆਂ ਦਾ ਸਵਾਗਤ ਕਰਦੇ ਹੋਏ ਮੈਨੂੰ ਬਹੁਤ ਖੁਸ਼ੀ ਹੋ ਰਹੀ ਹੈ।

ਭਾਰਤ ਦੀ ਬ੍ਰਿਕਸ ਅਗਵਾਈ, ਪੀਪਲ ਸੇਂਟ੍ਰਿਕ ਤੇ ਹਿਊਮੈਨਿਟੀ ਫਸਟ ਅਪਰੋਚ 'ਤੇ ਆਧਾਰਿਤ ਹੈ। ਮੋਦੀ ਨੇ ਕਿਹਾ ਕਿ ਸਾਨੂੰ ਅਗਲੇ 20 ਸਾਲਾਂ ਲਈ ਇੱਕ ਨਵੇਂ ਤੇ Ambitious ਏਜੰਡੇ 'ਤੇ ਕੰਮ ਕਰਨ ਦੀ ਲੋੜ ਹੈ। ਸਾਨੂੰ ਇਸ ਪ੍ਰਕਿਰਿਆ ਦੀ ਸ਼ੁਰੂਆਤ ਆਪਣੇ ਅੰਦਰੂਨੀ ਕਾਰਜ-ਢਾਂਚੇ ਤੋਂ ਕਰਨੀ ਚਾਹੀਦੀ ਹੈ।

ਮੈਂ ਬ੍ਰਿਕਸ ਦੇ ਕੰਮਕਾਜ ਤੇ ਫੈਸਲਿਆਂ ਨੂੰ ਲਾਗੂ ਕਰਨ 'ਚ ਨਿਰੰਤਰਤਾ ਯਕੀਨੀ ਬਣਾਉਣ ਲਈ ਇੱਕ ਮਕੈਨਿਜ਼ਮ ਬਣਾਉਣ ਦਾ ਪ੍ਰਸਤਾਵ ਕਰਦਾ ਹਾਂ। ਇਸ ਨਾਲ 'ਟਰੋਇਕਾ' ਪ੍ਰਣਾਲੀ ਰਾਹੀਂ ਸਾਰੀਆਂਪਹਿਲਕਦਮੀਆਂ ਤੇ ਉਨ੍ਹਾਂ ਦੇ ਨਤੀਜਿਆਂ 'ਤੇ ਅਗਲੀ ਕਾਰਵਾਈ ਕਰਨ 'ਚ ਸਹੂਲਤ ਮਿਲੇਗੀ। ਪੀਐੱਮ ਮੋਦੀ ਨੇ ਅੱਗੇ ਕਿਹਾ ਕਿ ਭਵਿੱਖ ਵਿਚ ਰੂਲ ਮੇਕਿੰਗ ਲਈ ਵੈਸ਼ਵਿਕ ਹਿੱਸੇਦਾਰੀ ਯਕੀਨੀ ਕਰਨਾ ਅਹਿਮ ਹੈ। 19, ਕ੍ਰਿਟੀਕਲ ਤਕਨੀਕ ਆਦਿ ਭਵਿੱਖ ਦੀ ਨੀਤੀ ਤੇ ਨਿਯਮ ਤੈਅ ਕਰ ਰਹੇ ਹਨ। ਸਾਨੂੰ ਗਲੋਬਲ ਸਾਊਥ ਨੂੰ ਰੂਲ ਮੇਕਰ ਬਣਾਉਣ 'ਤੇ ਧਿਆਨ ਕੇਂਦਰਿਤ ਕਰਨਾ ਹੋਵੇਗਾ। ਭਾਰਤ ਦੀ ਅਗਵਾਈ ਵਿਚ ਹੋ ਰਹੇ ਬ੍ਰਿਕਸ ਸੰਮੇਲਨ ਤੋਂ ਇਕ ਸਪੱਸ਼ਟ ਸੰਦੇਸ਼ ਜਾਣਾ ਚਾਹੀਦਾ ਹੈ, ਜੇਕਰ ਸਾਡਾ ਭਵਿੱਖ ਸਾਂਝਾ ਹੈ ਤਾਂ ਉਸ ਨੂੰ ਆਕਾਰ ਦੇਣ ਦਾ ਅਧਿਕਾਰ ਵੀ ਸਾਰਿਆਂ ਦਾ ਹੋਣਾ ਚਾਹੀਦਾ ਹੈ।

ਆਵਾਜ਼ ਚੁੱਕਣ ਤੋਂ ਲੈ ਕੇ ਅਸਰ ਦਿਖਾਉਣ ਤੱਕ ਤੇ ਵਿਸ਼ੇਸ਼ ਅਧਿਕਾਰ ਤੋਂ ਲੈ ਕੇ ਸਾਂਝੇਦਾਰੀ ਤੱਕ ਇਹੀ ਸੰਕਪਲ ਸਾਡੇ BRICS@20 ਦੇ ਹੋਣੇ ਚਾਹੀਦੇ ਹਨ। ਉਨ੍ਹਾਂ ਕਿਹਾ ਕਿ ਬ੍ਰਿਕਸ ਨੂੰ ਮਜ਼ਬੂਤ ਕਰਦੇ ਹੋਏ ਸਾਨੂੰ ਗਲੋਬਲ ਰਿਫਾਰਮ ਦੀ ਦਿਸ਼ਾ ਵੀ ਤੈਅ ਕਰਨੀ ਹੋਵੇਗੀ। ਗਲੋਬਲ ਗਵਰਨੈਂਸ ਦਾ ਮੌਜੂਦਾ ਢਾਂਚਾ ਪਿਰਾਮਿਡ ਦੀ ਤਰ੍ਹਾਂ ਦਿਖਾਈ ਦਿੰਦਾ ਹੈ। ਇਸ ਦੇ ਉਪਰੀ ਹਿੱਸੇ ਵਿਚ ਪਾਵਰ ਤੇ ਡਿਸੀਜਨ ਮੇਕਿੰਗ ਕੇਂਦਰਿਤ (ਬਾਕ ਸਫ਼ਾ 2 'ਤੇ)

ਸਿੰਘੂ ਬਾਰਡਰ 'ਤੇ ਖਾਲਿਸਤਾਨ ਪੱਖੀ ਅਤੇ ਬ੍ਰਿਕਸ ਵਿਰੋਧੀ ਨਾਅਰੇ ਲਿਖਣ ਦਾ ਮਾਮਲਾ: ਪੰਜਾਬ ਤੋਂ ਤਿੰਨ ਗ੍ਰਿਫ਼ਤਾਰ

ਨਵੀਂ ਦਿੱਲੀ, 12 ਸਤੰਬਰ (ਪੈ.ਗਾਮ-ਏ-ਜਗਤ)

ਮੁਲਜ਼ਮਾਂ ਦੀ ਪਛਾਣ ਪ੍ਰੀਤਪਾਲ, ਹਰਮਿੰਦਰ ਸਿੰਘ ਅਤੇ ਨਿਰੰਜਨ ਵਜੋਂ ਹੋਈ

ਦਿੱਲੀ ਪੁਲੀਸ ਨੇ ਸ਼ਨਿੱਚਰਵਾਰ ਨੂੰ ਦੱਸਿਆ ਕਿ ਪੰਜਾਬ ਤੋਂ ਤਿੰਨ ਲੋਕਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਇਨ੍ਹਾਂ ਉੱਤੇ ਪਾਬੰਦੀਸ਼ੁਦਾ ਸੰਗਠਨ 'ਸਿੱਖਸ ਫਾਰ ਜਸਟਿਸ' ਦੇ ਮੁਖੀ ਗੁਰਪਤਵੰਤ ਸਿੰਘ ਪੰਨੂ ਦੇ ਕਹਿਣ 'ਤੇ ਸਿੰਘੂ ਬਾਰਡਰ ਨੇੜੇ ਖਾਲਿਸਤਾਨ ਪੱਖੀ ਅਤੇ ਇਤਰਾਜ਼ਯੋਗ ਨਾਅਰੇ ਲਿਖਣ ਦਾ ਦੋਸ਼ ਹੈ। ਪੁਲੀਸ ਦਾ ਕਹਿਣਾ ਹੈ ਕਿ ਇਨ੍ਹਾਂ ਨਾਅਰਿਆਂ ਵਿੱਚ ਬ੍ਰਿਕਸ ਵਿਰੋਧੀ ਨਾਅਰੇ ਵੀ ਸ਼ਾਮਲ ਸਨ। ਪੁਲੀਸ ਨੂੰ ਇਸ ਘਟਨਾ ਵਿੱਚ ਪਾਬੰਦੀਸ਼ੁਦਾ 'ਸਿੱਖਸ ਫਾਰ ਜਸਟਿਸ' ਦੀ ਸ਼ਮੂਲੀਅਤ ਦਾ ਸ਼ੱਕ ਹੈ।

ਗ੍ਰਿਫਤਾਰ ਕੀਤੇ ਗਏ ਮੁਲਜ਼ਮਾਂ ਦੀ ਪਛਾਣ 31 ਸਾਲਾ ਪ੍ਰੀਤਪਾਲ, ਹਰਮਿੰਦਰ ਸਿੰਘ ਅਤੇ ਨਿਰੰਜਨ ਵਜੋਂ ਹੋਈ ਹੈ। ਪੁਲੀਸ ਨੇ ਕਿਹਾ ਕਿ ਉਨ੍ਹਾਂ ਦੀਆਂ ਗਤੀਵਿਧੀਆਂ ਨੂੰ ਸਿੰਘੂ ਸਰਹੱਦੀ ਖੇਤਰ ਅਤੇ ਹੋਰ ਥਾਵਾਂ ਤੋਂ ਸੀ ਸੀ ਟੀ ਵੀ ਫੁਟੇਜ ਰਾਹੀਂ ਟਰੇਸ ਕੀਤਾ ਗਿਆ ਸੀ ਅਤੇ ਬਾਅਦ ਵਿੱਚ ਤਿੰਨਾਂ ਨੂੰ ਪੰਜਾਬ ਤੋਂ ਗ੍ਰਿਫ਼ਤਾਰ ਕੀਤਾ ਗਿਆ।

ਪੁਲੀਸ ਸੂਤਰਾਂ ਅਨੁਸਾਰ, ਇਹ ਨਾਅਰੇ 6 ਸਤੰਬਰ ਨੂੰ ਦਿੱਲੀ ਦੇ ਬਾਹਰਵਾਰ ਅਲੀਪੁਰ ਵਿੱਚ ਅਮਰੀਕਾ ਸਥਿਤ ਵੱਖਵਾਦੀ ਸੰਗਠਨ ਐੱਸ ਐੱਫ ਜੇ ਅਤੇ ਇਸ ਦੇ ਮੁਖੀ ਪੰਨੂ ਦੇ ਇਸ਼ਾਰੇ 'ਤੇ ਲਿਖੇ ਗਏ ਸਨ। ਸੂਤਰਾਂ ਨੇ ਦੱਸਿਆ ਕਿ ਪ੍ਰੀਤਪਾਲ ਜ਼ਮਾਨਤ 'ਤੇ ਬਾਹਰ ਸੀ ਅਤੇ ਭਾਰਤ ਵਿੱਚ ਐੱਸ ਐੱਫ ਜੇ ਦੇ ਸੰਚਾਲਨ ਮੁਖੀ ਵਜੋਂ ਕੰਮ ਕਰ ਰਿਹਾ ਸੀ। ਉਸ ਨੂੰ ਪਹਿਲਾਂ 2023 ਵਿੱਚ ਦਿੱਲੀ ਪੁਲੀਸ ਦੇ ਸਪੈਸ਼ਲ ਸੈੱਲ ਨੇ ਗ੍ਰਿਫ਼ਤਾਰ ਕੀਤਾ ਸੀ। ਉਸ 'ਤੇ ਜੀ20 ਸੰਮੇਲਨ ਤੋਂ ਪਹਿਲਾਂ ਰਾਜਧਾਨੀ ਵਿੱਚ ਕਈ ਥਾਵਾਂ 'ਤੇ ਇਸੇ ਤਰ੍ਹਾਂ ਦੇ ਖਾਲਿਸਤਾਨ ਪੱਖੀ ਨਾਅਰੇ ਲਿਖਣ ਦਾ ਦੋਸ਼ ਸੀ। ਸੂਤਰਾਂ ਅਨੁਸਾਰ, ਪ੍ਰੀਤਪਾਲ ਅਤੇ ਇੱਕ ਹੋਰ (ਬਾਕ ਸਫ਼ਾ 2 'ਤੇ)

ਪੰਜਾਬ ਵਿੱਚ ਬਿਜਲੀ ਸੰਕਟ ਇਕ ਦੋ ਦਿਨ ਵਿਚ ਹੱਲ ਕਰ ਲਿਆ ਜਾਵੇਗਾ: ਤਰਨਪ੍ਰੀਤ ਸੋਂਦ

Taranpreet Singh Sond ਨੇ ਕੇਂਦਰੀ ਪੂਲ ਵਿਚੋਂ ਪੂਰੀ ਬਿਜਲੀ ਨਾ ਮਿਲਣ ਦੇ ਦੋਸ਼ ਲਾਏ

ਚੰਡੀਗੜ੍ਹ, 12 ਸਤੰਬਰ (ਪੈ.ਗਾਮ-ਏ-ਜਗਤ)

ਪੰਜਾਬ ਵਿੱਚ ਬਿਜਲੀ ਸੰਕਟ ਗੰਭੀਰ ਹੋ ਗਿਆ ਹੈ ਅਤੇ ਉਦਯੋਗਿਕ ਤੇ ਘਰੇਲੂ ਖੇਤਰਾਂ ਵਿੱਚ ਲੰਬੇ ਪਾਵਰ ਕੱਟ ਲੱਗ ਰਹੇ ਹਨ। ਇਸ ਦੇ ਮੱਦੇਨਜ਼ਰ ਪੰਜਾਬ ਦੇ ਬਿਜਲੀ ਅਤੇ ਲੋਕ ਨਿਰਮਾਣ ਮੰਤਰੀ ਤਰਨਪ੍ਰੀਤ ਸਿੰਘ ਸੌਂਦ ਨੇ ਅੱਜ ਕਿਹਾ ਕਿ ਇਹ ਸਮੱਸਿਆ ਇਕ ਦੋ ਦਿਨ ਵਿਚ ਹੱਲ ਕਰ ਲਈ ਜਾਵੇਗੀ। ਪੰਜਾਬ ਸਰਕਾਰ ਨੇ ਕੇਂਦਰ ਨਾਲ ਰਾਬਤਾ ਬਣਾਇਆ ਹੋਇਆ ਹੈ।

ਉਨ੍ਹਾਂ ਕੇਂਦਰ ਸਰਕਾਰ 'ਤੇ ਨਿਸ਼ਾਨੇ ਸੇਧਦਿਆਂ ਕਿਹਾ ਕਿ ਕੇਂਦਰੀ ਪੂਲ ਵਿਚੋਂ ਪੂਰੀ ਬਿਜਲੀ ਨਾ ਮਿਲਣ ਕਾਰਨ ਸਮੱਸਿਆ ਆ ਰਹੀ ਹੈ। ਉਨ੍ਹਾਂ ਖੁਲਾਸਾ ਕੀਤਾ ਹੈ ਕਿ ਪੰਜਾਬ ਨੂੰ ਇਸ ਸਮੇਂ ਕੇਂਦਰੀ ਪਾਵਰ ਪੂਲ ਤੋਂ ਉਸ ਦੇ ਬਣਦੇ ਹਿੱਸੇ ਨਾਲੋਂ 1,051 ਮੈਗਾਵਾਟ ਘੱਟ ਬਿਜਲੀ ਮਿਲ ਰਹੀ ਹੈ। ਮੰਤਰੀ ਨੇ ਕਿਹਾ ਕਿ ਪੰਜਾਬ ਇੱਕ ਖੇਤੀ ਪ੍ਰਧਾਨ ਸੂਬਾ ਹੈ ਜਿੱਥੇ ਕਿਸਾਨਾਂ ਅਤੇ ਆਰਥਿਕਤਾ ਲਈ ਨਿਰਵਿਘਨ ਬਿਜਲੀ ਸਪਲਾਈ ਬਹੁਤ ਜ਼ਰੂਰੀ ਹੈ ਅਤੇ ਉਨ੍ਹਾਂ



ਇਸ ਮਾਮਲੇ ਵਿੱਚ ਕੇਂਦਰੀ ਬਿਜਲੀ ਮੰਤਰੀ ਨੂੰ ਲਿਖਤੀ ਤੌਰ 'ਤੇ ਅਪੀਲ ਵੀ ਕੀਤੀ ਹੈ ਕਿ ਪੰਜਾਬ ਨੂੰ ਉਸ ਦਾ ਬਣਦਾ ਪੂਰਾ ਹਿੱਸਾ ਤੁਰੰਤ ਦਿੱਤਾ ਜਾਵੇ। ਕੋਲੇ ਦੀ ਕਮੀ ਦੇ ਦਾਅਵਿਆਂ ਨੂੰ ਸਿਰੇ ਤੋਂ ਖਾਰਜ ਕਰਦਿਆਂ ਮੰਤਰੀ ਸੌਂਦ ਨੇ ਸਪੱਸ਼ਟ ਕੀਤਾ ਕਿ ਪੰਜਾਬ ਸਰਕਾਰ ਦੇ ਆਪਣੇ ਮਲਕੀਅਤ ਵਾਲੇ ਥਰਮਲ ਪਲਾਂਟਾਂ ਵਿੱਚ ਕੋਲੇ ਦੀ ਕੋਈ ਕਮੀ ਨਹੀਂ ਹੈ। ਸੂਬੇ ਨੇ ਆਪਣੀ ਪਛਵਾੜਾ ਕੋਲਾ ਖਾਨ ਨੂੰ ਚਾਲੂ ਕਰ ਲਿਆ ਹੈ ਜਿਸ (ਬਾਕ ਸਫ਼ਾ 2 'ਤੇ)

ਮਾਨ ਸਰਕਾਰ ਨੇ ਬਿਜਲੀ ਸੈਕਟਰ ਨੂੰ ਤਬਾਹ ਕੀਤਾ : ਸੁਨੀਲ ਜਾਖੜ



ਚੰਡੀਗੜ੍ਹ : ਭਾਰਤੀ ਜਨਤਾ ਪਾਰਟੀ ਦੇ ਸਾਬਕਾ ਸੂਬਾ ਪ੍ਰਧਾਨ ਸੁਨੀਲ ਜਾਖੜ ਨੇ ਪੰਜਾਬ ਦੀ ਭਗਵੰਤ ਮਾਨ ਸਰਕਾਰ ਨੂੰ ਰਾਜ ਦੇ ਬਿਜਲੀ ਸੈਕਟਰ ਦੀ ਤਬਾਹੀ ਦਾ ਜ਼ਿੰਮੇਵਾਰ ਦੱਸਦਿਆਂ ਕਿਹਾ ਹੈ ਕਿ ਇਸ ਸਰਕਾਰ ਵੱਲੋਂ ਆਪਣੇ ਸਿਆਸੀ ਹਿੱਤਾਂ ਲਈ ਬਿਜਲੀ ਨਿਗਮ ਦੇ ਕੀਤੇ ਵਿੱਤੀ ਘਾਣ ਅਤੇ ਮਾੜੇ ਪ੍ਰਬੰਧਨ ਕਾਰਨ ਪੰਜਾਬ ਨੂੰ ਬਲੈਕ ਆਊਟ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਅੱਜ ਇੱਥੋਂ ਜਾਰੀ ਸੋਸ਼ਲ ਮੀਡੀਆ ਸੁਨੇਹੇ ਵਿਚ ਸੁਨੀਲ ਜਾਖੜ ਨੇ ਲਿਖਿਆ ਹੈ, "ਅਖੌਤੀ 'ਇਸ਼ਤਿਹਾਰੀ' ਸਿੱਖਿਆ (ਬਾਕ ਸਫ਼ਾ 2 'ਤੇ)

ਅਕਾਲੀ ਦਲ ਦੇ ਸਾਬਕਾ ਰਾਜ ਸਭਾ ਮੈਂਬਰ ਵਰਿੰਦਰ ਬਾਜਵਾ ਦਾ ਦਿਹਾਂਤ

ਚੰਡੀਗੜ੍ਹ, 12 ਸਤੰਬਰ (ਪੈ.ਗਾਮ-ਏ-ਜਗਤ)



ਸ਼੍ਰੋਮਣੀ ਅਕਾਲੀ ਦਲ (ਬਾਦਲ) ਦੇ ਸੀਨੀਅਰ ਆਗੂ ਅਤੇ ਸਾਬਕਾ ਸੰਸਦ ਮੈਂਬਰ ਵਰਿੰਦਰ ਸਿੰਘ ਬਾਜਵਾ ਦਾ ਸ਼ਨੀਵਾਰ ਨੂੰ ਦੇਹਾਂਤ ਹੋ ਗਿਆ। ਬਾਜਵਾ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਮੁੱਖ ਚਿਹਰਿਆਂ ਵਿੱਚੋਂ ਇੱਕ ਸਨ। ਬਾਜਵਾ ਨੇ 1980 ਦੇ ਦਹਾਕੇ ਵਿੱਚ ਅਕਾਲੀ ਦਲ ਨਾਲ ਇੱਕ ਨੌਜਵਾਨ ਆਗੂ ਵਜੋਂ ਆਪਣਾ ਰਾਜਨੀਤਿਕ ਕਰੀਅਰ ਸ਼ੁਰੂ ਕੀਤਾ ਸੀ। ਉਹ 1995 ਵਿੱਚ ਹੁਸ਼ਿਆਰਪੁਰ ਹਲਕੇ ਦੇ ਪ੍ਰਧਾਨ ਚੁਣੇ ਗਏ ਸਨ। ਉਹ 2004 ਤੋਂ 2010 ਤੱਕ ਪੰਜਾਬ ਤੋਂ ਰਾਜ ਸਭਾ ਮੈਂਬਰ ਰਹੇ। ਉਨ੍ਹਾਂ ਨੇ ਅਕਾਲੀ ਦਲ ਦੇ ਸੀਨੀਅਰ ਮੀਤ ਪ੍ਰਧਾਨ ਵਜੋਂ ਸੇਵਾ ਨਿਭਾਈ ਅਤੇ ਹੁਸ਼ਿਆਰਪੁਰ ਜ਼ਿਲ੍ਹੇ ਵਿੱਚ ਪਾਰਟੀ ਦਾ ਇੱਕ ਵੱਡਾ ਥੰਮ੍ਹ ਮੰਨਿਆ ਜਾਂਦਾ ਸੀ। ਉਹ ਥੋੜ੍ਹੇ ਸਮੇਂ ਲਈ ਕਾਂਗਰਸ ਵਿੱਚ ਵੀ ਸ਼ਾਮਲ ਹੋਏ, ਪਰ 2022 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਅਕਾਲੀ ਦਲ ਵਿੱਚ ਵਾਪਸ ਆ ਗਏ। ਉਹ ਮੂਲ ਰੂਪ ਵਿੱਚ ਹੁਸ਼ਿਆਰਪੁਰ ਜ਼ਿਲ੍ਹੇ ਦੇ ਰਹਿਣ ਵਾਲੇ ਹਨ। ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਬਰਿੰਦਰ ਸਿੰਘ ਬਾਜਵਾ ਦੇ ਨਿਵਾਸ ਸਥਾਨ 'ਤੇ ਗਏ ਅਤੇ ਪਰਿਵਾਰ ਨਾਲ ਦੁੱਖ ਸਾਂਝਾ ਕਰਦਿਆਂ ਉਨ੍ਹਾਂ ਨਾਲ ਹਮਦਰਦੀ ਪ੍ਰਗਟ ਕੀਤੀ। ਉਨ੍ਹਾਂ ਪਰਿਵਾਰਕ ਮੈਂਬਰਾਂ ਨਾਲ ਮੁਲਾਕਾਤ ਕੀਤੀ, ਮਰਹੂਮ ਆਗੂ ਨੂੰ ਸ਼ਰਧਾਂਜਲੀ ਭੇਟ ਕੀਤੀ ਅਤੇ ਵਿਛੜੀ ਆਤਮਾ ਦੀ ਸ਼ਾਂਤੀ (ਬਾਕ ਸਫ਼ਾ 2 'ਤੇ)

ਦੋ ਟਰਾਲਿਆਂ ਦੀ ਭਿਆਨਕ ਟੱਕਰ 'ਚ ਦੋ ਲੋਕਾਂ ਦੀ ਮੌਤ

ਸਮਾਣਾ/ਪਾਤੜਾਂ, 12 ਸਤੰਬਰ (ਪੈ.ਗਾਮ-ਏ-ਜਗਤ)



ਸ਼ੁੱਕਰਵਾਰ ਦੇਰ ਰਾਤ ਘੱਗਾ ਨੇੜੇ ਜੰਮੂ-ਕੱਟੜਾ ਹਾਈਵੇ 'ਤੇ ਮਾਲ ਦੇ ਭਰੇ ਟਰਾਲੇ ਦੀ ਇਕ ਹੋਰ ਟਰਾਲੇ ਨਾਲ ਟੱਕਰ ਹੋਣ ਕਾਰਨ ਦੋ ਲੋਕਾਂ ਦੀ ਮੌਤ ਹੋ ਗਈ। ਦੋਵਾਂ ਦੀਆਂ ਲਾਸ਼ਾ ਨੂੰ ਪੋਸਟਮਾਰਟਮ ਲਈ ਸਿਵਲ ਹਸਪਤਾਲ ਸਮਾਣਾ ਲਿਆਂਦਾ ਗਿਆ। ਘੱਗਾ ਥਾਣਾ ਦੇ ਏਐਸਆਈ ਸ਼ੇਰ ਸਿੰਘ ਨੇ ਦੱਸਿਆ ਕਿ ਮ੍ਰਿਤਕ ਗੁਰਜੰਟ ਸਿੰਘ (30) ਵਾਸੀ ਅਲੀਕੇ ਝੁੱਗੀਆਂ (ਫਿਰੋਜ਼ਪੁਰ) ਦੇ ਭਰਾ ਗੁਰਸੇਵਕ ਸਿੰਘ ਅਨੁਸਾਰ ਉਸ ਦੇ ਭਰਾ ਦੇ ਨਾਲ ਆਸ਼ੂ (18) ਵਾਸੀ ਪਿੰਡ ਹਾਸਮ ਸੰਦਾ (ਫਿਰੋਜ਼ਪੁਰ) ਕੰਡਕਟਰ ਦਾ ਕੰਮ ਕਰਦਾ ਸੀ। ਬੀਤੇ ਕੱਲ੍ਹ ਦੋਵੇਂ ਟਰਾਲੇ ਵਿਚ ਪੱਛਮੀ ਬੰਗਾਲ ਤੋਂ ਸਾਮਾਨ ਲੋਡ ਕਰ ਕੇ ਡਮਟਾਲ (ਹਿਮਾਚਲ) ਲਈ ਜਾ ਰਹੇ ਸੀ। ਜਦੋਂ ਉਹ ਕਰੀਬ ਇਕ ਵਜੇ ਜੰਮੂ-ਕੱਟੜਾ ਹਾਈਵੇ 'ਤੇ ਟੋਲ ਪਲਾਜ਼ਾ ਘੱਗਾ ਨੇੜੇ ਪਹੁੰਚੇ ਤਾਂ ਉਨ੍ਹਾਂ ਦਾ ਟਰਾਲਾ ਅੱਗੇ ਖੜ੍ਹੇ ਇਕ ਹੋਰ ਟਰਾਲਾ ਵਿੱਚ ਜਾ ਵੱਜਾ। ਸੜਕ 'ਤੇ ਖੜ੍ਹਾ ਚਾਲਕ ਟੱਕਰ ਤੋਂ ਬਾਅਦ ਟਰਾਲਾ ਭਜਾ ਕੇ ਲੈ ਗਿਆ। ਹਾਦਸੇ ਵਿਚ ਆਸ਼ੂ ਦੀ ਮੌਕੇ 'ਤੇ ਹੀ ਮੌਤ ਹੋ ਗਈ ਜਦੋਂ (ਬਾਕ ਸਫ਼ਾ 2 'ਤੇ)

ਲੁਧਿਆਣਾ ਅਦਾਲਤ 'ਚ ਬੰਬ ਧਮਾਕੇ ਦੀ ਧਮਕੀ, ਲੋਕ ਅਦਾਲਤ ਦੌਰਾਨ ਸੈਸ਼ਨ ਜੱਜ ਨੂੰ ਆਈ ਈਮੇਲ

ਲੁਧਿਆਣਾ, 12 ਸਤੰਬਰ (ਪੈ.ਗਾਮ-ਏ-ਜਗਤ)

ਲੁਧਿਆਣਾ ਦੀ ਜ਼ਿਲ੍ਹਾ ਅਤੇ ਸੈਸ਼ਨ ਅਦਾਲਤ ਨੂੰ ਸ਼ਨਿਵਾਰ ਨੂੰ ਇੱਕ ਈਮੇਲ ਰਾਹੀਂ ਬੰਬ ਧਮਾਕੇ ਨਾਲ ਉਡਾਉਣ ਦੀ ਸਨਸਨੀਖੇਜ਼ ਧਮਕੀ ਮਿਲੀ ਹੈ। ਇਹ ਧਮਕੀ ਭਰਿਆ ਸੰਦੇਸ਼ ਅਜਿਹੇ ਨਾਜ਼ੁਕ ਸਮੇਂ ਸਾਹਮਣੇ ਆਇਆ ਜਦੋਂ ਅਦਾਲਤੀ ਕੰਪਲੈਕਸ ਵਿੱਚ ਕੇਸਾਂ ਦੇ ਨਿਪਟਾਰੇ ਲਈ ਨੈਸ਼ਨਲ ਲੋਕ ਅਦਾਲਤ ਚੱਲ ਰਹੀ ਸੀ ਅਤੇ ਉੱਥੇ ਜੱਜਾਂ, ਵਕੀਲਾਂ ਸਮੇਤ ਸੈਂਕੜਿਆਂ ਦੀ ਤਾਦਾਦ ਵਿੱਚ ਆਮ ਲੋਕ ਹਾਜ਼ਰ ਸਨ। ਈਮੇਲ ਮਿਲਦੇ ਸਾਰ ਹੀ ਪੁਲਿਸ ਅਤੇ ਸਿਵਲ ਪ੍ਰਸ਼ਾਸਨ ਵਿੱਚ ਭਾਜੜ ਪੈ ਗਈ। ਸੁਰੱਖਿਆ ਏਜੰਸੀਆਂ ਨੂੰ ਤੁਰੰਤ ਹਾਈ ਅਲਰਟ 'ਤੇ ਕਰ ਦਿੱਤਾ ਗਿਆ ਅਤੇ ਡੌਗ ਸਕੁਐਡ ਦੇ ਨਾਲ-ਨਾਲ ਬੰਬ ਨਿਰੋਧਕ ਦਸਤੇ ਨੇ ਪੂਰੇ ਅਦਾਲਤੀ ਕੰਪਲੈਕਸ ਦੀ ਬਾਰੀਕੀ ਨਾਲ ਤਲਾਸ਼ੀ ਮੁਹਿੰਮ ਵਿੱਢ ਦਿੱਤੀ। ਜਾਣਕਾਰੀ ਮੁਤਾਬਕ, ਜ਼ਿਲ੍ਹਾ ਅਤੇ ਸੈਸ਼ਨ ਜੱਜ ਦੀ ਅਧਿਕਾਰਤ ਈਮੇਲ ਆਈਡੀ 'ਤੇ 12 ਸਤੰਬਰ ਨੂੰ deniseseward@A@gmail.com ਨਾਮਕ ਈਮੇਲ ਪਤੇ ਤੋਂ ਇਹ ਧਮਕੀ ਭਰਿਆ ਸੁਨੇਹਾ ਭੇਜਿਆ ਗਿਆ। ਈਮੇਲ ਭੇਜਣ ਵਾਲੇ ਅਨਸਰ ਨੇ ਖ਼ੁਦ ਨੂੰ ਖ਼ਾਲਿਸਤਾਨ ਨੈਸ਼ਨਲ ਆਰਮੀ ਅਤੇ ਬੱਬਰ ਖ਼ਾਲਸਾ (ਪਰਮਾਰ-ਕੈਨੇਡਾ) ਨਾਲ ਸਬੰਧਤ ਹੋਣ ਦਾ ਦਾਅਵਾ ਕੀਤਾ ਹੈ। ਇਸ ਖ਼ੌਫ਼ਨਾਕ ਮੈਸੇਜ ਵਿੱਚ ਦੁਪਹਿਰ 1:11 ਵਜੇ ਅਦਾਲਤੀ ਪਰਿਸਰ ਦੇ ਅੰਦਰ ਜ਼ਬਰਦਸਤ ਬੰਬ ਧਮਾਕਾ ਕਰਨ ਦੀ ਸਿੱਧੀ ਚਿਤਾਵਨੀ ਦਿੱਤੀ ਗਈ ਸੀ। ਸਾਹਮਣੇ ਆਈ ਇਸ ਧਮਕੀ ਭਰੀ ਈਮੇਲ ਵਿੱਚ ਨਾ ਸਿਰਫ਼ ਲੁਧਿਆਣਾ ਜ਼ਿਲ੍ਹਾ ਅਦਾਲਤ ਅਤੇ ਚੱਲ ਰਹੀ ਲੋਕ ਅਦਾਲਤ ਨੂੰ ਉਡਾਉਣ ਦੀ ਗੱਲ ਕਹੀ ਗਈ ਹੈ।

ਸਗੋਂ ਮੋਹਾਲੀ ਅਤੇ ਹਲਵਾਰਾ ਏਅਰਪੋਰਟ ਨੂੰ ਵੀ ਹਿੰਸਕ ਨਿਸ਼ਾਨਾ ਬਣਾਉਣ ਦੀ ਖੁੱਲ੍ਹੀ ਧਮਕੀ ਦਿੱਤੀ ਗਈ ਹੈ। ਇਸ ਤੋਂ ਇਲਾਵਾ, ਸ਼ਰਾਰਤੀ ਅਨਸਰ ਵੱਲੋਂ ਸੂਬੇ ਦੇ ਕੁਝ ਪ੍ਰਮੁੱਖ ਸਿਆਸੀ ਆਗੂਆਂ ਨੂੰ ਵੀ ਨਿਸ਼ਾਨਾ ਬਣਾਉਣ ਦਾ ਦਾਅਵਾ ਕੀਤਾ ਗਿਆ ਹੈ, ਜਿਸ ਕਾਰਨ (ਬਾਕ ਸਫ਼ਾ 2 'ਤੇ)

ਜਲੰਧਰ 'ਚ ਪੁਲਿਸ ਅਤੇ ਬਦਮਾਸ਼ ਵਿਚਾਲੇ ਮੁੱਠਭੇੜ, ਲੱਤ 'ਚ ਗੋਲੀ ਲੱਗਣ ਮਗਰੋਂ ਡੋਨੀ ਬੱਲ ਗੈਂਗ ਦਾ ਗੁਰਗਾ ਕਾਬੂ



ਜਲੰਧਰ, 12 ਸਤੰਬਰ (ਪੈ.ਗਾਮ-ਏ-ਜਗਤ)

ਜਲੰਧਰ ਪੁਲਿਸ ਨੇ ਸ਼ਨਿਵਾਰ ਸਵੇਰੇ ਇੱਕ ਵੱਡੀ ਕਾਰਵਾਈ ਦੌਰਾਨ ਮੁਕਾਬਲੇ ਮਗਰੋਂ ਖ਼ਤਰਨਾਕ ਬਦਮਾਸ਼ ਨੂੰ ਲੱਤ ਵਿੱਚ ਗੋਲੀ ਮਾਰ ਕੇ ਕਾਬੂ ਕਰ ਲਿਆ ਹੈ। ਪੁਲਿਸ ਮੁਲਜ਼ਮ ਨੂੰ ਇੱਕ ਅਪਰਾਧਿਕ ਮਾਮਲੇ ਵਿੱਚ ਛੁਪਾ ਕੇ ਰੱਖੇ ਹਥਿਆਰ ਦੀ ਬਰਾਮਦਗੀ ਅਤੇ ਨਿਸ਼ਾਨਦੇਹੀ ਲਈ ਮੌਕੇ 'ਤੇ ਲੈ ਕੇ ਆਈ ਸੀ, ਜਿੱਥੇ ਉਸ ਨੇ ਪੁਲਿਸ ਹਿਰਾਸਤ ਵਿੱਚੋਂ ਫ਼ਰਾਰ ਹੋਣ ਦੀ ਕੋਸ਼ਿਸ਼ ਕੀਤੀ। ਇਸ ਆਹਮੋ-ਸਾਹਮਣੇ ਹੋਈ ਮੁੱਠਭੇੜ ਦੌਰਾਨ ਕੁੱਲ ਤਿੰਨ ਰੌਂਦ ਫ਼ਾਇਰ ਹੋਏ। ਪੁਲਿਸ ਨੇ ਘਟਨਾ ਵਾਲੀ ਥਾਂ ਤੋਂ ਚੱਲੇ ਹੋਏ ਕਾਰਤੂਸ ਦਾ ਖੋਲ ਅਤੇ ਮੁਲਜ਼ਮ ਕੋਲੋਂ ਇੱਕ ਪਿਸਤੌਲ ਬਰਾਮਦ ਕਰ ਲਿਆ ਹੈ।

ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਦੀ ਪਛਾਣ ਸੁਖਜਿੰਦਰ ਸਿੰਘ ਉਰਫ਼ ਪ੍ਰਿੰਸ ਵਾਸੀ ਜ਼ਿਲ੍ਹਾ ਤਰਨਤਾਰਨ ਵਜੋਂ ਹੋਈ ਹੈ। ਜਾਂਚ ਦੌਰਾਨ ਇਹ ਗੱਲ ਸਾਹਮਣੇ ਆਈ ਹੈ ਕਿ ਸੁਖਜਿੰਦਰ ਬਦਨਾਮ ਗੈਂਗਸਟਰ ਡੋਨੀ ਬੱਲ ਗੈਂਗ ਦਾ ਸਰਗਰਮ ਕਾਰਕੁੰਨ ਹੈ। ਪੁਲਿਸ ਅਨੁਸਾਰ ਮੁਲਜ਼ਮ ਇਲਾਕੇ ਵਿੱਚ



ਕਿਸੇ ਵੱਡੀ ਅਪਰਾਧਿਕ ਵਾਰਦਾਤ ਨੂੰ ਅੰਜਾਮ ਦੇਣ ਦੀ ਤਾਕ ਵਿੱਚ ਸੀ। ਉਸ ਨੂੰ ਪਹਿਲਾਂ ਇਲਾਕੇ ਵਿੱਚ ਲੱਗੇ ਸੀਸੀਟੀਵੀ ਕੈਮਰਿਆਂ ਦੀ ਫੁਟੇਜ ਦੇ ਆਧਾਰ 'ਤੇ ਹਿਰਾਸਤ ਵਿੱਚ ਲਿਆ ਗਿਆ ਸੀ। ਮੁਲਜ਼ਮ ਤੋਂ ਕੀਤੀ ਗਈ ਮੁੱਢਲੀ ਪੁੱਛਗਿੱਛ ਤੋਂ ਬਾਅਦ ਸ਼ਨਿਵਾਰ ਸਵੇਰੇ ਕਰੀਬ 8 ਵਜੇ ਪੁਲਿਸ ਟੀਮ ਉਸ ਨੂੰ ਲੁਕੋ ਕੇ ਰੱਖੇ ਹਥਿਆਰ ਬਰਾਮਦ ਕਰਵਾਉਣ ਲਈ ਜਮਸ਼ੇਰਪੁਰ ਸਥਿਤ ਡੇਅਰੀ ਕੰਪਲੈਕਸ ਦੇ ਨੇੜੇ ਲੈ ਕੇ ਪਹੁੰਚੀ ਸੀ। ਇਸੇ ਦੌਰਾਨ ਮੁਲਜ਼ਮ ਨੇ ਪੁਲਿਸ ਮੁਲਾਜ਼ਮਾਂ ਨੂੰ ਝਕਾਨੀ ਦੇ ਕੇ ਮੌਕੇ ਤੋਂ ਭੱਜਣ ਦੀ ਕੋਸ਼ਿਸ਼ ਸ਼ੁਰੂ ਕਰ ਦਿੱਤੀ। ਪੁਲਿਸ ਅਧਿਕਾਰੀਆਂ ਨੇ ਦੱਸਿਆ ਕਿ ਮੁਲਜ਼ਮ ਨੇ ਪੁਲਿਸ (ਬਾਕ ਸਫ਼ਾ 2 'ਤੇ)

ਹੂਤੀ ਬਾਗੀਆਂ ਦੇ ਟਾਪੂ 'ਤੇ ਕਬਜ਼ੇ ਤੋਂ ਬਾਅਦ ਸਾਊਦੀ ਅਰਬ ਨੇ ਪਾਈਪਲਾਈਨ ਕੀਤੀ ਬੰਦ

ਕਾਹਿਰਾ: ਸਾਊਦੀ ਅਰਬ ਨੇ ਸ਼ੁੱਕਰਵਾਰ ਨੂੰ ਕਿਹਾ ਕਿ ਉਸਨੇ ਡਰੋਨ ਹਮਲੇ ਤੋਂ ਇੱਕ ਦਿਨ ਬਾਅਦ ਇੱਕ ਵੱਡੀ ਤੇਲ ਪਾਈਪਲਾਈਨ ਬੰਦ ਕਰ ਦਿੱਤੀ ਹੈ, ਜਦੋਂ ਕਿ ਯਮਨ ਦੇ ਈਰਾਨ-ਸਮਰਥਿਤ ਹੂਤੀ ਬਾਗੀਆਂ ਨੇ ਲਾਲ ਸਾਗਰ ਦੇ ਦੱਖਣੀ ਪ੍ਰਵੇਸ਼ ਦੁਆਰ 'ਤੇ ਇੱਕ ਰਣਨੀਤਕ ਟਾਪੂ 'ਤੇ ਕਬਜ਼ਾ ਕਰ ਲਿਆ ਹੈ। ਅਧਿਕਾਰੀਆਂ ਨੇ ਕਿਹਾ ਕਿ ਦੋਵਾਂ ਘਟਨਾਵਾਂ ਨੂੰ ਈਰਾਨ ਯੁੱਧ ਵਿੱਚ ਇੱਕ ਨਵੇਂ ਮੋਰਚੇ ਵਜੋਂ ਦੇਖਿਆ ਜਾ ਰਿਹਾ ਹੈ। ਹੂਤੀ ਬਾਗੀਆਂ ਨੇ ਦੁਨੀਆ ਦੇ ਪ੍ਰਮੁੱਖ ਸਮੁੰਦਰੀ ਵਪਾਰਕ ਮਾਰਗਾਂ ਵਿੱਚੋਂ ਇੱਕ, ਬਾਬ ਅਲ-ਮੰਡੇਬ ਸਟ੍ਰੇਟ ਦੇ ਨੇੜੇ ਸਾਲਾਂ ਵਿੱਚ ਆਪਣਾ ਸਭ ਤੋਂ (ਬਾਕ ਸਫ਼ਾ 2 'ਤੇ)

ਯੂਰਪ ਤੱਕ ਪਹੁੰਚੀ ਪੰਜਾਬ ਪੁਲਿਸ

ਗੈਂਗਸਟਰ ਅੰਮ੍ਰਿਤ ਦਲਮ ਲਿਆਂਦਾ ਭਾਰਤ

ਨਵੀਂ ਦਿੱਲੀ, 12 ਸਤੰਬਰ (ਪੈ.ਗਾਮ-ਏ-ਜਗਤ)



ਕੌਮਾਂਤਰੀ ਪੱਧਰ 'ਤੇ ਸਰਗਰਮ ਸੰਗਠਿਤ ਅਪਰਾਧਿਕ ਗਿਰੋਹਾਂ ਵਿਰੁੱਧ ਪੰਜਾਬ ਪੁਲਿਸ ਨੇ ਕੇਂਦਰੀ ਏਜੰਸੀਆਂ ਦੇ ਨਜ਼ਦੀਕੀ ਤਾਲਮੇਲ ਨਾਲ ਇੱਕ ਵੱਡੀ ਅਤੇ ਇਤਿਹਾਸਕ ਸਫ਼ਲਤਾ ਹਾਸਲ ਕੀਤੀ ਹੈ। ਪੰਜਾਬ ਪੁਲਿਸ ਨੇ ਯੂਰਪੀ ਮੁਲਕ 'ਰਿਪਬਲਿਕ ਆਫ਼ ਮੋਲਦੋਵਾ' ਤੋਂ ਖ਼ਤਰਨਾਕ ਗੈਂਗਸਟਰ ਅੰਮ੍ਰਿਤਪਾਲ ਸਿੰਘ ਉਰਫ਼ ਅੰਮ੍ਰਿਤ ਦਲਮ ਦਾ ਸਫ਼ਲਤਾਪੂਰਵਕ ਪ੍ਰਤਿਅਰਪਣ ਕਰਵਾ ਲਿਆ ਹੈ। ਅੰਮ੍ਰਿਤ ਦਲਮ ਬਦਨਾਮ ਜੱਗੂ ਭਗਵਾਨਪੁਰੀਆ ਗੈਂਗ ਦਾ ਮੁੱਖ ਕਾਰਕੁੰਨ ਹੈ ਅਤੇ ਪੰਜਾਬ ਅੰਦਰ ਕਈ ਸੰਗੀਨ ਵਾਰਦਾਤਾਂ ਵਿੱਚ ਸਰਗਰਮ ਰਿਹਾ ਹੈ। ਪੰਜਾਬ ਦੇ ਡੀਜੀਪੀ ਗੌਰਵ ਯਾਦਵ ਨੇ ਇਸ ਕਾਰਵਾਈ ਬਾਰੇ ਜਾਣਕਾਰੀ ਦਿੰਦਿਆਂ ਦਾਅਵਾ ਕੀਤਾ ਕਿ ਪੰਜਾਬ ਪੁਲਿਸ ਦੇ ਪੂਰੇ ਇਤਿਹਾਸ ਵਿੱਚ ਇਹ ਪਹਿਲਾ ਮੌਕਾ ਹੈ, ਜਦੋਂ ਕਿਸੇ ਯੂਰਪੀ ਦੇਸ਼ ਤੋਂ ਏਨੇ ਵੱਡੇ ਭਗੌੜੇ ਅਪਰਾਧੀ ਨੂੰ ਸਫ਼ਲਤਾਪੂਰਵਕ ਵਾਪਸ ਭਾਰਤ ਲਿਆਂਦਾ ਗਿਆ ਹੈ। ਅੰਮ੍ਰਿਤਪਾਲ ਸਿੰਘ ਪੰਜਾਬ ਅੰਦਰ ਕਤਲ, ਕਤਲ ਦੀ ਕੋਸ਼ਿਸ਼, ਗ਼ੈਰ-ਕਾਨੂੰਨੀ ਗਤੀਵਿਧੀਆਂ ਰੋਕਥਾਮ ਕਾਨੂੰਨ (ਯੂਏਪੀਏ), ਅਸਲਾ ਐਕਟ ਅਤੇ ਨਸ਼ਾ ਤਸਕਰੀ ਨਾਲ ਸਬੰਧਤ ਦਰਜਨਾਂ ਗੰਭੀਰ ਮਾਮਲਿਆਂ ਵਿੱਚ ਲੰਮੇ ਸਮੇਂ ਤੋਂ ਲੋੜੀਂਦਾ ਸੀ। ਵਿਦੇਸ਼ ਦੀ ਧਰਤੀ 'ਤੇ ਬੈਠੇ ਇਸ ਖ਼ਤਰਨਾਕ ਗੈਂਗਸਟਰ ਨੂੰ ਕਾਬੂ ਕਰਨ ਲਈ ਪੰਜਾਬ ਪੁਲਿਸ ਵੱਲੋਂ 'ਆਪ੍ਰੇਸ਼ਨ ਈਸਟਰਨ ਰੀਚ' ਨਾਂ ਦਾ ਵਿਸ਼ੇਸ਼ ਅਭਿਆਨ ਚਲਾਇਆ ਗਿਆ ਸੀ। ਪਿਛਲੇ 6 ਮਹੀਨਿਆਂ ਤੋਂ ਚੱਲ ਰਹੇ ਇਸ ਗੁਪਤ ਅਤੇ ਅੰਤਰਰਾਸ਼ਟਰੀ ਮੈਨਹੰਟ ਦੌਰਾਨ ਐਂਟੀ-ਗੈਂਗਸਟਰ ਟਾਸਕ ਫੋਰਸ (ਏਜੀਟੀਐੱਫ) ਪੰਜਾਬ ਅਤੇ ਓਵਰਸੀਜ਼ ਫਿਊਜਿਟਿਵ ਟਰੈਕਿੰਗ ਐਂਡ ਐਕਸਟਰਾਡੀਸ਼ਨ ਸੈੱਲ (ਓਐੱਫਟੀਈਸੀ) ਪੰਜਾਬ ਨੇ ਅਹਿਮ ਅਤੇ ਕੇਂਦਰੀ ਭੂਮਿਕਾ ਨਿਭਾਈ। ਇਸ ਸਮੁੱਚੇ ਮਿਸ਼ਨ ਨੂੰ 24 ਘੰਟੇ ਨਿਗਰਾਨੀ, ਸਟੀਕ ਖ਼ੁਫ਼ੀਆ ਸੂਚਨਾਵਾਂ ਅਤੇ ਕੇਂਦਰੀ ਤੇ ਅੰਤਰਰਾਸ਼ਟਰੀ ਸੁਰੱਖਿਆ ਏਜੰਸੀਆਂ ਨਾਲ ਮਿਲ ਕੇ ਨੇਪਰੇ ਚਾੜ੍ਹ ਆ ਗਿਆ।

ਪੰਜਾਬ ਪੁਲਿਸ ਦੇ ਡੀਜੀਪੀ ਸਮੇਤ ਉੱਚ ਅਧਿਕਾਰੀਆਂ ਨੇ ਇਸ ਸ਼ਾਨਦਾਰ ਸਫ਼ਲਤਾ ਲਈ ਏਜੀਟੀਐੱਫ ਅਤੇ ਓਐੱਫਟੀਈਸੀ ਦੀਆਂ ਟੀਮਾਂ ਦੇ ਯਤਨਾਂ ਦੀ ਭਰਪੂਰ ਸ਼ਲਾਘਾ ਕੀਤੀ। ਇਸ ਦੇ ਨਾਲ ਹੀ ਪੰਜਾਬ ਪੁਲਿਸ ਵੱਲੋਂ ਅੰਤਰਰਾਸ਼ਟਰੀ ਸਹਿਯੋਗ ਲਈ ਮੋਲਦੋਵਾ ਪ੍ਰਸ਼ਾਸਨ, ਅਜ਼ਰਬਾਈਜਾਨ ਦੇ ਅਧਿਕਾਰੀਆਂ, ਸੀਬੀਆਈ (ਇੰਟਰਪੋਲ ਭਾਰਤ), ਕੇਂਦਰੀ ਗ੍ਰਹਿ ਮੰਤਰਾਲੇ, ਵਿਦੇਸ਼ ਮੰਤਰਾਲੇ ਅਤੇ ਸਮੂਹ ਸਹਿਯੋਗੀ ਕੇਂਦਰੀ ਏਜੰਸੀਆਂ ਦਾ ਰਸਮੀ ਤੌਰ 'ਤੇ ਧੰਨਵਾਦ ਪ੍ਰਗਟਾਇਆ ਗਿਆ। ਡੀਜੀਪੀ ਨੇ ਸਖ਼ਤ ਚਿਤਾਵਨੀ ਦਿੰਦਿਆਂ ਕਿਹਾ ਕਿ ਕੋਈ ਵੀ ਗੈਂਗਸਟਰ ਜਾਂ ਅਪਰਾਧੀ ਦੁਨੀਆ ਦੇ ਕਿਸੇ ਵੀ ਕੋਨੇ ਵਿੱਚ ਲੁਕ ਜਾਵੇ, ਪੰਜਾਬ ਪੁਲਿਸ ਉਨ੍ਹਾਂ ਨੂੰ ਕਾਨੂੰਨ ਦੇ ਕਟਹਿਰੇ ਵਿੱਚ ਲਿਆਉਣ ਲਈ ਪੂਰੀ ਤਰ੍ਹਾਂ ਦ੍ਰਿੜ ਅਤੇ ਵਚਨਬੱਧ ਹੈ।

ਜ਼ੋਮੈਟੋ ਤੋਂ ਖਾਣਾ ਮੰਗਵਾਉਣਾ ਹੋਇਆ ਮਹਿੰਗਾ

- ਕੈਸ਼ ਆਨ ਡਿਲਿਵਰੀ 'ਤੇ ਦੇਣੇ ਪੈਣਗੇ 5 ਤੋਂ 20 ਰੁਪਏ ਵਾਧੂ
- ਆਨਲਾਈਨ ਪੇਮੈਂਟ 'ਤੇ ਮਿਲੇਗੀ ਛੋਟ; ਨਵਾਂ ਪੇਅ ਆਨ ਡਿਲਿਵਰੀ ਚਾਰਜ ਲਾਗੂ

ਚੰਡੀਗੜ੍ਹ, 12 ਸਤੰਬਰ (ਪੈ.ਗਾਮ-ਏ-ਜਗਤ)

ਫੂਡ ਡਿਲਿਵਰੀ ਪਲੇਟਫਾਰਮ ਜ਼ੋਮੈਟੋ ਤੋਂ ਖਾਣਾ ਆਰਡਰ ਕਰਨਾ ਹੁਣ ਹੋਰ ਮਹਿੰਗਾ ਹੋ ਗਿਆ ਹੈ। ਜੇਕਰ ਤੁਸੀਂ ਜ਼ੋਮੈਟੋ ਤੋਂ ਖਾਣਾ ਮੰਗਵਾਉਂਦੇ ਸਮੇਂ ਕੈਸ਼ ਆਨ ਡਿਲਿਵਰੀ (ਡਿਲਿਵਰੀ ਵੇਲੇ ਨਗਦ ਭੁਗਤਾਨ) ਦਾ ਵਿਕਲਪ ਚੁਣਦੇ ਹੋ ਤਾਂ ਤੁਹਾਨੂੰ 5 ਰੁਪਏ ਵੱਧ ਦੇਣੇ ਪੈਣਗੇ। ਇਹ ਨਵੀਂ ਦਰ ਐਪ ਦੀ ਬਿੱਲ ਸਮਰੀ ਵਿੱਚ 'ਪੇਅ ਆਨ ਡਿਲਿਵਰੀ ਫੀਸ' ਦੇ ਨਾਮ ਨਾਲ ਵੱਖਰੇ ਤੌਰ 'ਤੇ ਜੁੜੇਗਾ। ਕੁਝ ਯੂਜ਼ਰਜ਼ ਦੇ ਐਪ ਬਿੱਲ ਵਿੱਚ ਇਹ ਫੀਸ 7 ਰੁਪਏ ਤੋਂ ਲੈ ਕੇ 20 ਰੁਪਏ ਤੱਕ ਵੱਖ-ਵੱਖ ਵੀ ਦਿਖਾਈ ਦੇ ਰਹੀ ਹੈ। ਹਾਲਾਂਕਿ ਜਿਹੜੇ ਗਾਹਕ ਯੂ.ਪੀ.ਆਈ., (ਬਾਕ ਸਫ਼ਾ 2 'ਤੇ)



ਛੋਟੀ ਰਕਮ ਨਾਲ ਕੰਪਨੀ ਨੂੰ ਹੋਵੇਗਾ ਕਰੋੜਾਂ ਰੁਪਏ ਦਾ ਫਾਇਦਾ

ਜ਼ੋਮੈਟੋ 'ਤੇ ਰੋਜ਼ਾਨਾ ਲਗਪਗ 23 ਤੋਂ 25 ਲੱਖ ਆਰਡਰ ਕੀਤੇ ਜਾਂਦੇ ਹਨ। ਜੇਕਰ ਸਿਰਫ਼ 5 ਰੁਪਏ ਦਾ ਛੋਟਾ ਜਿਹਾ ਵਾਧੂ ਚਾਰਜ ਵੀ ਲਗਾਇਆ ਜਾਵੇ, ਤਾਂ ਕੰਪਨੀ ਨੂੰ ਰੋਜ਼ਾਨਾ 1.25 ਕਰੋੜ ਰੁਪਏ ਤੱਕ ਦੀ ਵਾਧੂ ਕਮਾਈ ਹੋ ਸਕਦੀ ਹੈ। ਇਸ ਨਾਲ ਜ਼ੋਮੈਟੋ ਦਾ ਸਾਲਾਨਾ ਮੁਨਾਫ਼ਾ ਸੈਂਕੜੇ ਕਰੋੜ ਰੁਪਏ ਵਧ ਜਾਵੇਗਾ। ਅਪ੍ਰੈਲ 2023 ਵਿੱਚ ਜ਼ੋਮੈਟੋ ਅਤੇ ਸਵਿਗੀ ਨੇ ਸਿਰਫ਼ 2 ਰੁਪਏ ਦੀ ਪਲੇਟਫਾਰਮ ਫੀਸ ਨਾਲ ਸ਼ੁਰੂਆਤ ਕੀਤੀ ਸੀ ਜੋ ਕਿ ਹੁਣ ਵਧ ਕੇ 14.99 ਰੁਪਏ ਪ੍ਰਤੀ ਆਰਡਰ (ਪਲੱਸ 18% ਜੀ.ਐੱਸ.ਟੀ.) ਤੱਕ ਪਹੁੰਚ ਚੁੱਕੀ ਹੈ। ਈ-ਕਾਮਰਸ ਅਤੇ ਫੂਡ ਡਿਲਿਵਰੀ ਕੰਪਨੀਆਂ ਇਨ੍ਹਾਂ ਛੋਟੇ-ਛੋਟੇ ਚਾਰਜਾਂ ਰਾਹੀਂ ਹੀ ਸਾਲਾਨਾ 3,500 ਤੋਂ 4,000 ਕਰੋੜ ਰੁਪਏ ਦੀ ਮੋਟੀ ਕਮਾਈ ਕਰ ਲੈਂਦੀਆਂ ਹਨ।

ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਗੁਰਦੁਆਰਾ ਸਾਰਾਗੜ੍ਹੀ ਸਾਹਿਬ ਵਿਖੇ ਨਤਮਸਤਕ ਹੋ ਕੇ ਸ਼ਹੀਦਾਂ ਨੂੰ ਸ਼ਰਧਾਂਜਲੀ ਕੀਤੀ ਭੇਟ

ਪੈ.ਗਾਮ-ਏ-ਜਗਤ/ਫ਼ਿਰੋਜ਼ਪੁਰ 12 ਸਤੰਬਰ (ਗੁਰਮੇਜ ਸਿੰਘ)

ਸਾਰਾਗੜ੍ਹੀ ਦੀ ਜੰਗ ਬਲੀਦਾਨ ਦੀ ਅਜਿਹੀ ਲਾਮਿਸਾਲ ਕਹਾਣੀ ਹੈ ਜਿਸ ਦੀ ਮਿਸਾਲ ਪੂਰੀ ਦੁਨੀਆ ਵਿਚ ਨਹੀਂ ਮਿਲਦੀ। 12 ਸਤੰਬਰ 1897 ਨੂੰ ਸਾਰਾਗੜ੍ਹੀ ਕਿਲ੍ਹੇ ਦੀ ਰੱਖਿਆ ਕਰਦਿਆਂ ਸਿੱਖ ਰੈਜੀਮੈਂਟ ਦੇ 21 ਬਹਾਦਰ ਸੂਰਬੀਰ ਸੈਨਿਕਾਂ ਨੇ 10 ਹਜ਼ਾਰ ਅਫ਼ਗਾਨਾਂ ਦਾ ਪੂਰੀ ਸੂਰਬੀਰਤਾ ਨਾਲ ਮੁਕਾਬਲਾ ਕਰਦਿਆਂ ਸ਼ਹੀਦੀ ਜਾਮ ਪੀਤਾ ਅਤੇ ਇਤਿਹਾਸ ਵਿਚ ਸੂਰਬੀਰਤਾ, ਅਣਖ ਅਤੇ ਕੁਰਬਾਨੀ ਦੇ ਨਵੇਂ ਅਧਿਆਏ ਦੀ ਸਿਰਜਣਾ ਕੀਤੀ ਜੋ ਆਉਣ ਵਾਲੀਆਂ ਪੀੜ੍ਹੀਆਂ ਲਈ ਹਮੇਸ਼ਾ ਪ੍ਰੇਰਨਾ ਸਰੋਤ ਰਹੇਗੀ। ਇਹ ਪ੍ਰਗਟਾਵਾ ਖੇਤੀਬਾੜੀ ਤੇ ਕਿਸਾਨ ਭਲਾਈ, ਪਸ਼ੂ ਪਾਲਣ, ਮੱਛੀ ਪਾਲਣ ਅਤੇ ਡੇਅਰੀ ਵਿਕਾਸ ਤੇ ਫੂਡ ਪ੍ਰੋਸੈਸਿੰਗ ਮੰਤਰੀ ਸ. ਗੁਰਮੀਤ ਸਿੰਘ ਖੁੱਡੀਆਂ ਨੇ ਸਾਰਾਗੜ੍ਹੀ ਦਿਵਸ ਮੌਕੇ ਗੁਰਦੁਆਰਾ ਸਾਰਾਗੜ੍ਹੀ ਵਿਖੇ ਸ਼ਹੀਦਾਂ ਦੀ ਯਾਦ ਵਿੱਚ ਪੰਜਾਬ ਸਰਕਾਰ ਵੱਲੋਂ ਕਰਵਾਏ ਗਏ ਰਾਜ ਪੱਧਰੀ ਸਮਾਗਮ ਮੌਕੇ ਸਾਰਾਗੜ੍ਹੀ ਜੰਗ ਦੇ ਮਹਾਨ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕਰਨ ਉਪਰੰਤ ਕੀਤਾ।

ਇਸ ਮੌਕੇ ਵਿਧਾਇਕ ਫ਼ਿਰੋਜ਼ਪੁਰ ਸ਼ਹਿਰੀ ਸ. ਰਣਬੀਰ ਸਿੰਘ ਭੁੱਲਰ, ਵਿਧਾਇਕ ਫ਼ਿਰੋਜ਼ਪੁਰ ਦਿਹਾਤੀ

• ਬਹਾਦਰੀ, ਸਮਰਪਣ, ਅਨੁਸ਼ਾਸਨ ਅਤੇ ਫਰਜ਼ ਪ੍ਰਤੀ ਵਫ਼ਾਦਾਰੀ ਦੀ ਅਨੋਖੀ ਮਿਸਾਲ ਹੈ ਸਾਰਾਗੜ੍ਹੀ ਦੀ ਜੰਗ - ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ



ਰਜਨੀਸ਼ ਦਹੀਯਾ, ਵਿਧਾਇਕ ਗੁਰੂਹਰਸਹਾਏ ਸ. ਫੌਜਾ ਸਿੰਘ ਸਰਾਰੀ, ਵਿਧਾਇਕ ਜ਼ੀਰਾ ਨਰੇਸ਼ ਕਟਾਰੀਆ ਨੇ ਵੀ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕੀਤੀ।

ਇੱਥੇ ਗੁਰਦੁਆਰਾ ਸਾਰਾਗੜ੍ਹੀ ਸਾਹਿਬ ਵਿਖੇ ਸ਼ਹੀਦਾਂ ਦੀ ਯਾਦ ਵਿੱਚ ਰੱਖੇ ਗਏ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕਰਨ ਆਏ ਲੋਕਾਂ ਦੇ ਇਕੱਠ ਨੂੰ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਹੇਠ ਰਾਜ ਦੇ ਵਸਨੀਕਾਂ ਖਾਸ ਕਰਕੇ ਨੌਜਵਾਨ ਪੀੜ੍ਹੀ ਨੂੰ ਆਪਣੇ ਮਾਣਮੱਤੇ, ਇਤਿਹਾਸਕ ਤੇ ਗੌਰਵਮਈ ਵਿਰਸੇ ਨਾਲ ਜੋੜਨ ਲਈ ਵੱਡੇ ਪੱਧਰ 'ਤੇ ਕਾਰਜ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਪੂਰੀ ਦੁਨੀਆ ਵਿੱਚ ਅਜਿਹੀ ਬਹਾਦਰੀ ਤੇ ਸੂਰਬੀਰਤਾ ਦੀ ਮਿਸਾਲ ਕਿਤੇ ਵੀ ਨਹੀਂ ਮਿਲਦੀ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੇ ਯਤਨਾਂ ਸਦਕਾ ਇਨ੍ਹਾਂ ਸ਼ਹੀਦਾਂ ਨੂੰ ਨਮਨ ਕਰਦੇ ਹੋਏ ਫ਼ਿਰੋਜ਼ਪੁਰ ਵਿਖੇ ਵਿਸ਼ਵ ਦੀ ਪਹਿਲੀ ਜੰਗੀ ਯਾਦਗਾਰ, ਸਾਰਾਗੜ੍ਹੀ ਜੰਗ ਦੀ ਯਾਦ ਵਿੱਚ ਬਣਾਈ ਗਈ ਹੈ ਕਿਉਂਕਿ ਇਸ ਜੰਗ ਵਿਚ ਸ਼ਹੀਦ ਹੋਣ ਵਾਲੇ ਸੈਨਿਕਾਂ ਵਿਚੋਂ ਜ਼ਿਆਦਾਤਰ ਫਿਰੋਜ਼ਪੁਰ ਨਾਲ ਸੰਬੰਧਿਤ ਸਨ। ਇਹ ਸਾਰਾਗੜ੍ਹੀ ਵਾਰ ਮੈਮੋਰੀਅਲ ਉਨ੍ਹਾਂ ਸਿੱਖ ਸੂਰਬੀਰਾਂ ਦੀ ਅਣਖ, ਸਨਮਾਨ ਅਤੇ ਕੁਰਬਾਨੀ ਨੂੰ ਸਮਰਪਿਤ ਹੈ ਜੋ ਅਫ਼ਗਾਨੀਸਤਾਨ ਦੇ ਵਜੀਰਸਤਾਨ ਵਿਖੇ ਸਾਰਾਗੜ੍ਹੀ ਦੇ ਕਿਲ੍ਹੇ ਦੇ ਬਚਾਅ ਲਈ ਦਸ ਹਜ਼ਾਰ ਅਫਗਾਨੀ ਕਬਾਈਲੀਆਂ ਨਾਲ 36 ਸਿੱਖ ਰੈਜੀਮੈਂਟ ਦੇ 21 ਬਹਾਦਰ ਸਿੱਖ ਫੌਜਾਂ ਦੇ ਹੋਏ ਮੁਕਾਬਲੇ ਵਿਚ ਸ਼ਹੀਦ ਹੋਏ ਸਨ। ਸਿੱਖ ਰੈਜੀਮੈਂਟ ਦੇ ਇਨ੍ਹਾਂ ਬਹਾਦਰ ਯੋਧਿਆਂ ਨੇ ਗੋਲਾ ਬਾਰੂਦ ਮੁੱਕਣ ਦੇ ਬਾਵਜੂਦ ਵੀ ਲੰਮਾ ਸਮਾਂ ਦੁਸ਼ਮਣਾ ਨਾਲ ਲੋਹਾ ਲਿਆ ਅਤੇ ਸ਼ਹੀਦੀ ਜਾਮ ਪੀਤਾ। ਇਨ੍ਹਾਂ ਬਹਾਦਰ ਸਿਪਾਹੀਆਂ ਨੇ ਦਸਮ ਪਾਤਿਸ਼ਾਹ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਮਹਾਨ ਵਾਕ ÷ਸਵਾ ਲਾਖ ਸੇ ਏਕ ਲੜਾਊਂ ਤਬੈ ਗੋਬਿੰਦ ਸਿੰਘ ਨਾਮ ਕਹਾਊਂ"ਨੂੰ ਸੱਚ ਕਰ ਕੇ ਵਿਖਾਇਆ। ਉਨ੍ਹਾਂ ਕਿਹਾ ਕਿ ਯੂਨੇਸਕੋ (ਯੂਨਾਇਟਿਡ ਨੇਸ਼ਨਜ਼ ਐਜੂਕੇਸ਼ਨਲ ਸਾਇੰਟਿਫਿਕ ਐਂਡ ਕਲਚਰਲ ਆਰਗੇਨਾਇਜੇਸ਼ਨ) ਦੇ ਅਨੁਸਾਰ ਇਹ ਜੰਗ ਵਿਸ਼ਵ ਦੀਆਂ ਅੱਠ ਮਹੱਤਵਪੂਰਨ ਜੰਗਾਂ ਵਿੱਚੋਂ ਇੱਕ ਹੈ ਜਿਸ ਵਿੱਚ ਸ਼ਹੀਦ ਹੋਏ ਸਿਪਾਹੀਆਂ ਨੂੰ "ਇੰਡੀਅਨ ਆਰਡਰ ਆਫ ਮੈਰਿਟ" (ਸਰਵਉੱਚ ਤਗਮਾ) ਨਾਲ ਸਨਮਾਨਿਤ ਕੀਤਾ ਗਿਆ ਸੀ। ਨੌਜਵਾਨ ਪੀੜ੍ਹੀ ਨੂੰ ਸਾਰਾਗੜ੍ਹੀ ਦੇ ਸ਼ਹੀਦਾਂ ਤੋਂ ਦੇਸ਼ ਪ੍ਰਤੀ ਸਮਰਪਣ, ਅਨੁਸ਼ਾਸਨ, ਹਿੰਮਤ ਅਤੇ ਆਪਣੇ ਫਰਜ਼ ਪ੍ਰਤੀ ਵਫ਼ਾਦਾਰੀ ਦੀ ਪ੍ਰੇਰਣਾ ਲੈਣੀ ਚਾਹੀਦੀ ਹੈ। ਇਸ ਮੌਕੇ ਕੈਬਨਿਟ ਮੰਤਰੀ ਸ. ਗੁਰਮੀਤ ਸਿੰਘ ਖੁੱਡੀਆਂ ਵੱਲੋਂ ਜੰਗ ਵਿੱਚ ਸ਼ਹੀਦ ਹੋਏ ਸੈਨਿਕਾਂ ਦੇ ਪਰਿਵਾਰਿਕ ਮੈਂਬਰਾਂ ਨੂੰ ਯਾਦਗਾਰੀ ਚਿੰਨ੍ਹ ਭੇਟ ਕਰ ਕੇ ਸਨਮਾਨਿਤ ਕੀਤਾ ਗਿਆ।

ਤੀਰਥਾਂ ਨਾਲ ਜੁੜੀ ਆਸ ਨੂੰ ਮਿਲਿਆ ਸਫ਼ਰ: ਬਰਿੰਦਰ ਕੁਮਾਰ ਗੋਇਲ

ਪਿੰਡ ਅੰਨਦਾਨਾ ਅਤੇ ਮਹਾਂ ਸਿੰਘ ਵਾਲਾ ਤੋਂ ਸ੍ਰੀ ਅੰਮ੍ਰਿਤਸਰ ਸਾਹਿਬ ਲਈ ਸੰਗਤ ਰਵਾਨਾ

ਲਹਿਰਾਗਾਗਾ/ਸੰਗਰੂਰ 12 ਸਤੰਬਰ (ਪੈ.ਗਾਮ-ਏ-ਜਗਤ)

ਅੱਖਾਂ ਵਿੱਚ ਪਵਿੱਤਰ ਅਸਥਾਨਾਂ ਦੇ ਦਰਸ਼ਨਾਂ ਦੀ ਤਾਂਘ ਅਤੇ ਚਿਹਰਿਆਂ 'ਤੇ ਸਫ਼ਰ ਦੀ ਖ਼ੁਸ਼ੀ ਲੈ ਕੇ ਅੱਜ ਹਲਕਾ ਲਹਿਰਾਗਾਗਾ ਦੇ ਪਿੰਡ ਅੰਨਦਾਨਾ ਅਤੇ ਮਹਾਂ ਸਿੰਘ ਵਾਲਾ ਤੋਂ ਸੰਗਤ 'ਮੁੱਖ ਮੰਤਰੀ ਤੀਰਥ ਯਾਤਰਾ ਸਕੀਮ' ਤਹਿਤ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਦਰਸ਼ਨਾਂ ਲਈ ਰਵਾਨਾ ਹੋਈ। ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਅੰਨਦਾਨਾ ਤੋਂ ਦੋ ਬੱਸਾਂ ਅਤੇ ਮਹਾਂ ਸਿੰਘ ਵਾਲਾ ਤੋਂ ਸੰਗਤ ਦੀ ਬੱਸ ਨੂੰ ਰਵਾਨਾ ਕਰਦਿਆਂ ਸ਼ਰਧਾਲੂਆਂ ਨੂੰ ਸੁਖਦ ਤੇ ਮੰਗਲਮਈ ਯਾਤਰਾ ਲਈ ਸ਼ੁਭਕਾਮਨਾਵਾਂ ਦਿੱਤੀਆਂ।

ਸ੍ਰੀ ਗੋਇਲ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ



ਅਗਵਾਈ ਵਾਲੀ ਪੰਜਾਬ ਸਰਕਾਰ ਦੀ ਇਹ ਸਕੀਮ ਸਿਰਫ਼ ਇੱਕ ਯਾਤਰਾ ਦੀ ਸਹੂਲਤ ਨਹੀਂ, ਸਗੋਂ ਉਨ੍ਹਾਂ ਲੋਕਾਂ ਦੀ ਚਿਰੋਕਣੀ ਧਾਰਮਿਕ ਇੱਛਾ ਨੂੰ ਸਾਕਾਰ ਕਰਨ ਦਾ ਸਾਧਨ ਹੈ, ਜੋ ਵਡੇਰੀ ਉਮਰ ਜਾਂ ਆਰਥਿਕ ਤੰਗੀ ਕਾਰਨ ਪਵਿੱਤਰ ਅਸਥਾਨਾਂ ਦੇ ਦਰਸ਼ਨਾਂ ਤੋਂ ਵਾਂਝੇ ਰਹਿ ਜਾਂਦੇ ਸਨ।

ਉਨ੍ਹਾਂ ਦੱਸਿਆ ਕਿ ਸ਼ਰਧਾਲੂਆਂ ਨੂੰ ਆਰਾਮਦਾਇਕ ਏ.ਸੀ. ਬੱਸਾਂ ਰਾਹੀਂ ਯਾਤਰਾ ਕਰਵਾਉਣ ਦੇ ਨਾਲ ਰਹਿਣ ਅਤੇ ਖਾਣ-ਪੀਣ ਦੇ ਪ੍ਰਬੰਧਾਂ ਦਾ ਖਰਚਾ ਵੀ ਪੰਜਾਬ ਸਰਕਾਰ ਵੱਲੋਂ ਕੀਤਾ ਜਾ ਰਿਹਾ ਹੈ। ਕੈਬਨਿਟ ਮੰਤਰੀ ਬਰਿੰਦਰ ਗੋਇਲ ਨੇ ਕਿਹਾ ਕਿ ਸੇਵਾ ਤੇ ਸਰਧਾ ਭਾਵਨਾ ਨੂੰ ਮੁੱਖ ਰੱਖਦਿਆਂ ਭਗਵੰਤ ਸਿੰਘ ਮਾਨ ਸਰਕਾਰ ਨੇ 'ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ' ਦਾ ਵਿਸਥਾਰ ਕੀਤਾ ਹੈ, ਜਿਸ ਤਹਿਤ ਹੁਣ ਸਰਧਾਲੂ ਸ੍ਰੀ ਖਾਟੂ ਸ਼ਿਆਮ-ਸਾਲਾਸਰ ਬਾਲਾਜੀ, ਹਰਿਦੁਆਰ-ਰਿਸੀਕੇਸ ਅਤੇ ਮਥੁਰਾ ਜੀ-ਵ੍ਰਿੰਦਾਵਨ ਧਾਮ ਵਰਗੇ ਪਵਿੱਤਰ ਅਸਥਾਨਾਂ ਦੀ ਯਾਤਰਾ ਕਰ ਰਹੇ ਹਨ। ਸੰਗਤ ਨੂੰ ਯਾਤਰਾ ਲਈ ਵਿਦਾ ਕਰਦਿਆਂ ਕੈਬਨਿਟ ਮੰਤਰੀ ਨੇ ਕਿਹਾ, "ਮੇਰੀ ਅਰਦਾਸ ਹੈ ਕਿ ਸ਼ਰਧਾਲੂ ਪਵਿੱਤਰ ਧਰਤੀ ਤੋਂ ਪੰਜਾਬ ਦੀ ਖੁਸ਼ਹਾਲੀ, ਅਮਨ-ਸ਼ਾਂਤੀ ਅਤੇ ਹਰ ਪਰਿਵਾਰ ਦੀ ਚੜ੍ਹਦੀ ਕਲਾ ਦੀਆਂ ਅਸੀਸਾਂ ਲੈ ਕੇ ਪਰਤਣ।"ਯਾਤਰਾ ਲਈ ਰਵਾਨਾ ਹੋ ਰਹੇ ਸ਼ਰਧਾਲੂਆਂ, ਖ਼ਾਸ ਕਰਕੇ ਬਜ਼ੁਰਗਾਂ ਨੇ ਖੁਸ਼ੀ ਸਾਂਝੀ ਕਰਦਿਆਂ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਅਤੇ ਪੰਜਾਬ ਸਰਕਾਰ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਕੀਤੇ ਸੁਚੱਜੇ ਪ੍ਰਬੰਧਾਂ ਨਾਲ ਉਨ੍ਹਾਂ ਲਈ ਤੀਰਥ ਦਰਸ਼ਨਾਂ ਦੀ ਇੱਛਾ ਨੂੰ ਪੂਰਾ ਕਰਨ ਦਾ ਰਾਹ ਸੁਖਾਲਾ ਹੋਇਆ ਹੈ।

ਗੁ. ਸਿੰਘ ਸ਼ਹੀਦਾਂ ਸੋਹਾਣਾ ਵਿਖੇ ਧੰਨ-ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਹਿਲਾ ਪ੍ਰਕਾਸ਼ ਪੁਰਬ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ

ਐੱਸ.ਏ.ਐੱਸ. ਨਗਰ, 12 ਸਤੰਬਰ (ਪੈ.ਗਾਮ-ਏ-ਜਗਤ)

ਧੰਨ-ਧੰਨ ਅਮਰ ਸ਼ਹੀਦ ਜਥੇਦਾਰ ਬਾਬਾ ਹਨੂੰਮਾਨ ਸਿੰਘ ਜੀ ਦੇ ਸ਼ਹੀਦੀ ਅਸਥਾਨ ਗੁਰਦੁਆਰਾ ਸਿੰਘ ਸ਼ਹੀਦਾਂ ਵਿਖੇ ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਪੁਰਬ ਸਮਾਗਮ ਬੜੀ ਸ਼ਰਧਾ ਭਾਵਨਾ ਨਾਲ ਉਤਸ਼ਾਹ ਪੂਰਵਕ ਮਨਾਏ ਗਏ । ਇਸ ਦਿਹਾੜੇ ਦੀ ਖੁਸ਼ੀ ਵਿੱਚ ਸਵੇਰੇ 9:00 ਵਜੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ । ਇਸ ਉਪਰੰਤ ਸਾਰਾ ਦਿਨ ਧਾਰਮਿਕ ਸਮਾਗਮ ਦਾ ਆਯੋਜਨ ਕੀਤਾ ਗਿਆ। ਭਾਈ ਜਤਿੰਦਰ ਸਿੰਘ ਜੀਦੇ ਇੰਟਰਨੈਸ਼ਨਲ ਢਾਡੀ ਜਥੇ ਨੇ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਮਹਾਨਤਾ ਦੱਸਦੇ ਹੋਏ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਮਹਾਰਾਜ ਵਿੱਚ ਦਰਜ ਛੇ ਗੁਰੂ ਸਾਹਿਬਾਨ ਅਤੇ ਭਗਤਾਂ ਦੀ ਬਾਣੀ ਬਾਰੇ ਵੀ ਸੰਗਤਾਂ ਨੂੰ ਵਿਸਥਾਰ ਵਿੱਚ ਜਾਣੂੰ ਕਰਵਾਇਆ। ਭਾਈ ਗੁਰਭੇਜ ਸਿੰਘ ਜੀ ਹਜ਼ੂਰੀ ਰਾਗੀ ਸ੍ਰੀ ਦਰਬਾਰ



ਸਾਹਿਬ ਅੰਮ੍ਰਿਤਸਰ ਵਾਲਿਆਂ ਦੇ ਰਾਗੀ ਜੱਥੇ ਨੇ ਆਪਣੇ ਰਸ ਭਿੰਨੇ ਕੀਰਤਨ ਰਾਹੀਂ ਸੰਗਤਾਂ ਨੂੰ ਇਲਾਹੀ ਬਾਣੀ ਨਾਲ ਗਵਾ ਕੇ ਗੁਰੂ ਨਾਲ ਜੋੜਨ ਦਾ ਉਪਰਾਲਾ ਕੀਤਾ। ਭਾਈ ਮਨਜੀਤ ਸਿੰਘ ਜੀ ਸ਼?ਰੋਮਣੀ ਪ੍ਰਚਾਰਕ ਲੁਧਿਆਣੇ ਵਾਲਿਆਂ ਨੇ ਆਪਣੇ ਪ੍ਰਵਚਨਾਂ ਅਤੇ ਵਿਆਖਿਆ ਰਾਹੀਂ ਪੰਜਵੇਂ ਗੁਰੂ ਸਾਹਿਬ ਸ੍ਰੀ ਗੁਰੂ ਅਰਜਨ ਦੇਵ ਜੀ ਦੁਆਰਾ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਵਿਖੇ, ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਮਹਾਰਾਜ ਦੇ ਪਹਿਲੇ ਪ੍ਰਕਾਸ਼ ਕਰਵਾਉਣ ਅਤੇ ਬਾਬਾ ਬੁੱਢਾ ਜੀ ਦੁਆਰਾ ਉਸ ਮੌਕੇ ਲਏ ਗਏ ਪਹਿਲੇ ਹੁਕਮਨਾਮਾ ਸਾਹਿਬ ਜੀ ਬਾਰੇ ਦੱਸਿਆ। ਇਸ ਤੋਂ ਇਲਾਵਾ ਭਾਈ ਗਗਨਦੀਪ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਜੀ ਤਰਨਤਾਰਨ ਸਾਹਿਬ, ਭਾਈ ਰਵਿੰਦਰ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ, ਭਾਈ ਗੁਰਵਿੰਦਰ ਸਿੰਘ ਹਜ਼ੂਰੀ ਰਾਗੀ ਗੁਰਦੁਆਰਾ ਬੰਗਲਾ ਸਾਹਿਬ ਜੀ ਦਿੱਲੀ, ਸ਼?ਰੋਮਣੀ ਪ੍ਰਚਾਰਕ ਭਾਈ ਅਮਰੀਕ ਸਿੰਘ ਜੀ ਸ਼ਾਹਬਾਦ ਮਾਰਕੰਡਾ ਵਾਲੇ, ਸ਼?ਰੋਮਣੀ ਪ੍ਰਚਾਰਕ ਭਾਈ ਨਾਨਕ ਸਿੰਘ ਜੀ ਸ੍ਰੀ ਅੰਮ੍ਰਿਤਸਰ ਸਾਹਿਬ ਭਾਈ ਗੁਰਸੇਵਕ ਸਿੰਘ ਗੁਰਦੁਆਰਾ ਦੁੱਖ ਨਿਵਾਰਨ ਸਾਹਿਬ ਲੁਧਿਆਣਾ ਦੇ ਜੱਥਿਆਂ ਤੋਂ ਇਲਾਵਾ ਗੁਰਦੁਆਰਾ ਸਿੰਘ ਸ਼ਹੀਦਾਂ ਦੇ ਜੱਥੇ ਭਾਈ ਜਸਵੰਤ ਸਿੰਘ, ਭਾਈ ਇੰਦਰਜੀਤ ਸਿੰਘ, ਭਾਈ ਗੁਰਮੀਤ ਸਿੰਘ ਅਤੇ ਭਾਈ ਬਲਜਿੰਦਰ ਸਿੰਘ ਨੇ ਕਥਾ, ਕੀਰਤਨ, ਕਵੀਸ਼ਰੀ ਅਤੇ ਗੁਰਮਤਿ ਵਿਚਾਰਾਂ ਰਾਹੀਂ ਸੰਗਤਾਂ ਨੂੰ ਸਾਰਾ ਦਿਨ ਹਰਿ ਜਸ ਸੁਣਾ ਕੇ ਨਿਹਾਲ ਕੀਤਾ । ਸਾਰੇ ਜੱਥਿਆਂ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ। ਪ੍ਰਕਾਸ਼ ਪੁਰਬ ਦੀ ਖੁਸ਼ੀ ਵਿੱਚ ਦਰਬਾਰ ਸਾਹਿਬ ਜੀ ਦੀ ਅੰਦਰੋਂ ਫੁੱਲਾਂ ਨਾਲ ਸਜਾਵਟ ਕੀਤੀ ਗਈ ਸੀ। ਦਰਬਾਰ ਸਾਹਿਬ ਜੀ ਨੂੰ ਬਾਹਰੋਂ ਅਤੇ ਗੇਟ ਤੱਕ ਦੇ ਰਸਤੇ ਨੂੰ ਵਿਸ਼ੇਸ਼ ਢੰਗ ਨਾਲ ਸਜਾਇਆ ਗਿਆ ਸੀ। ਪ੍ਰਕਾਸ਼ ਪੁਰਬ ਦੀ ਖੁਸ਼ੀ ਵਿੱਚ ਹਜਾਰਾਂ ਸੰਗਤਾਂ ਨੇ ਇਸ ਅਸਥਾਨ ਦੇ ਪਵਿੱਤਰ ਸਰੋਵਰ ਵਿੱਚ ਇਸ਼ਨਾਨ ਕੀਤਾ। ਮਾਹਿਰ ਡਾਕਟਰਾਂ ਵੱਲੋਂ ਮਰੀਜ਼ਾਂ ਦਾ ਮੁਆਇਨਾ ਕੀਤਾ ਗਿਆ ਅਤੇ ਦਵਾਈ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਦਿੱਤੀ ਗਈ । ਗੁਰੂ ਕਾ ਲੰਗਰ ਸੰਗਤਾਂ ਨੂੰ ਅਤੁੱਟ ਵਰਤਾਇਆ ਗਿਆ।

ਰੋਹਿਤ ਜੈਨ ਪੰਜਵੀਂ ਵੇਰ ਜ਼ਿਲ੍ਹਾ ਬਾਰ ਐਸੋਸੀਏਸ਼ਨ ਦੇ ਪ੍ਰਧਾਨ ਚੁਣੇ ਗਏ

ਪੈ.ਗਾਮ-ਏ-ਜਗਤ ਅੰਬਾਲਾ, 12 ਸਤੰਬਰ (ਆਰ.ਸਿੰਘ)

ਅੰਬਾਲਾ ਜ਼ਿਲ੍ਹਾ ਬਾਰ ਐਸੋਸੀਏਸ਼ਨ ਦੀ ਚੋਣ ਕੱਲ੍ਹ ਸ਼ਾਂਤੀਪੂਰਨ, ਨਿਰਪੱਖ ਅਤੇ ਸਦਭਾਵਨਾ ਭਰੇ ਮਾਹੌਲ ਵਿੱਚ ਸਮਾਪਤ ਹੋਈ। ਚੋਣ ਨਤੀਜਿਆਂ ਦੇ ਐਲਾਨ ਤੋਂ ਬਾਅਦ, ਸੀਨੀਅਰ ਵਕੀਲ ਰੋਹਿਤ ਜੈਨ ਨੇ 830 ਵੋਟਾਂ ਪ੍ਰਾਪਤ ਕਰਕੇ ਪੰਜਵੀਂ ਵਾਰ ਅੰਬਾਲਾ ਜ਼ਿਲ੍ਹਾ ਬਾਰ ਐਸੋਸੀਏਸ਼ਨ ਦੇ ਪ੍ਰਧਾਨ ਬਣ ਗਏ।

ਉਨ੍ਹਾਂ ਨੇ ਆਪਣੇ ਵਿਰੋਧੀ ਉਮੀਦਵਾਰ ਨੂੰ ਰਮਨ ਸ਼ਰਮਾ ਨੂੰ 176 ਵੋਟਾਂ ਨਾਲ ਹਰਾਇਆ। ਰੋਹਿਤ ਜੈਨ ਦੀ ਜਿੱਤ ਨੂੰ ਬਾਰ ਦੇ ਅੰਦਰ ਉਨ੍ਹਾਂ ਦੇ ਵਿਆਪਕ ਤਜਰਬੇ, ਸਰਗਰਮ ਲੀਡਰਸ਼ਿਪ ਅਤੇ ਵਕੀਲਾਂ ਵਿੱਚ ਮਜ਼ਬੂਤ ਵਿਸ਼ਵਾਸ ਦੇ ਪ੍ਰਮਾਣ ਵਜੋਂ ਦੇਖਿਆ ਜਾ ਰਿਹਾ ਹੈ। ਨਤੀਜੇ ਐਲਾਨ ਹੁੰਦੇ ਹੀ ਉਨ੍ਹਾਂ ਦੇ ਸਮਰਥਕਾਂ ਵਿੱਚ ਖ਼ੁਸ਼ੀ ਦੀ ਲਹਿਰ ਦੌੜ ਗਈ। ਉਨ੍ਹਾਂ ਨੇ ਉਮੀਦ ਪ੍ਰਗਟਾਈ ਕਿ ਜੈਨ ਦੀ ਅਗਵਾਈ ਹੇਠ ਬਾਰ ਦੇ ਹਿੱਤਾਂ ਵਿੱਚ ਹੋਰ ਪ੍ਰਭਾਵਸ਼ਾਲੀ ਕੰਮ ਹੋਵੇਗਾ।

ਰੋਹਿਤ ਜੈਨ ਨੂੰ ਜ਼ਿਲ੍ਹਾ ਬਾਰ ਐਸੋਸੀਏਸ਼ਨ ਅੰਬਾਲਾ ਦੇ ਪ੍ਰਧਾਨ ਵਜੋਂ ਕੰਮ ਕਰਨ ਦਾ ਲੰਮਾ ਤਜਰਬਾ ਹੈ।

ਇਸ ਤੋਂ ਪਹਿਲਾਂ ਉਹ ਚਾਰ ਵਾਰ ਐਸੋਸੀਏਸ਼ਨ ਦੇ ਪ੍ਰਧਾਨ ਵਜੋਂ ਸੇਵਾ ਨਿਭਾ ਚੁੱਕੇ ਹਨ। ਪ੍ਰਧਾਨ ਵਜੋਂ ਉਨ੍ਹਾਂ ਦੀ ਪੰਜਵੀਂ ਵਾਰ ਚੋਣ ਚੋਣ ਕਾਨੂੰਨੀ ਭਾਈਚਾਰੇ ਦੇ ਉਨ੍ਹਾਂ ਵਿੱਚ ਨਿਰੰਤਰ ਵਿਸ਼ਵਾਸ ਨੂੰ ਦਰਸਾਉਂਦੀ ਹੈ। ਉਨ੍ਹਾਂ ਦੀ ਅਗਵਾਈ ਦੀ ਇੱਕ



ਮਹੱਤਵਪੂਰਨ ਵਿਸ਼ੇਸ਼ਤਾ ਇਹ ਹੈ ਕਿ ਉਨ੍ਹਾਂ ਨੇ ਬਾਰ ਨਾਲ ਸਬੰਧਿਤ ਮੁੱਦਿਆਂ ਨੂੰ ਲਗਾਤਾਰ ਉਠਾਇਆ ਹੈ। ਰੋਹਿਤ ਜੈਨ ਦਾ ਸਮਰਥਨ ਕਰਨ ਵਾਲੇ ਵਕੀਲਾਂ ਦਾ ਕਹਿਣਾ ਹੈ ਕਿ ਜੈਨ ਨੂੰ ਬਾਰ ਐਸੋਸੀਏਸ਼ਨ ਦੇ ਕੰਮਕਾਜ ਅਤੇ ਵਕੀਲਾਂ ਨੂੰ ਦਰਪੇਸ਼ ਸਮੱਸਿਆਵਾਂ ਦੀ ਡੂੰਘੀ ਸਮਝ ਹੈ। ਲੰਬੇ ਸਮੇਂ ਤੋਂ ਵੱਖ-ਵੱਖ ਅਹੁਦਿਆਂ 'ਤੇ ਰਹਿ ਕੇ, ਉਨ੍ਹਾਂ ਨੇ ਬਾਰ ਦੀ ਪ੍ਰਸ਼ਾਸਨਿਕ ਪ੍ਰਣਾਲੀ, ਵਕੀਲਾਂ ਦੀਆਂ ਜ਼ਰੂਰਤਾਂ ਅਤੇ ਨਿਆਂਇਕ ਪ੍ਰਣਾਲੀ ਦੇ ਵਿਹਾਰਕ ਪਹਿਲੂਆਂ ਵਿੱਚ ਵਿਆਪਕ ਤਜਰਬਾ ਹਾਸਲ ਕੀਤਾ ਹੈ। ਰੋਹਿਤ ਜੈਨ ਦੇ ਪਰਿਵਾਰ ਨੇ ਜ਼ਿਲ੍ਹਾ ਬਾਰ ਐਸੋਸੀਏਸ਼ਨ, ਅੰਬਾਲਾ ਵਿੱਚ ਵੀ ਸਰਗਰਮ ਭੂਮਿਕਾ ਨਿਭਾਈ ਹੈ। ਉਨ੍ਹਾਂ ਦੇ ਪਿਤਾ ਸਤੀਸ਼ ਕੁਮਾਰ ਜੈਨ ਸੱਤ ਵਾਰ ਜ਼ਿਲ੍ਹਾ ਬਾਰ ਐਸੋਸੀਏਸ਼ਨ ਅੰਬਾਲਾ ਦੇ ਪ੍ਰਧਾਨ ਵਜੋਂ ਸੇਵਾ ਨਿਭਾ ਚੁੱਕੇ ਹਨ। ਇਸ ਤਰ੍ਹਾਂ ਜੈਨ ਪਰਿਵਾਰ ਦਾ ਬਾਰ ਨਾਲ ਸਬੰਧ ਅਤੇ ਵਕੀਲਾਂ ਦੇ ਹਿੱਤਾਂ ਵਿੱਚ ਯੋਗਦਾਨ ਕਈ ਸਾਲ ਪੁਰਾਣਾ ਹੈ। ਬਾਰ ਦੇ ਸੀਨੀਅਰ ਵਕੀਲਾਂ ਨੇ ਇਹ ਵੀ ਚਰਚਾ ਕੀਤੀ ਕਿ ਰੋਹਿਤ ਜੈਨ ਨੇ ਆਪਣੇ ਪਿਤਾ ਦੀ ਵਿਰਾਸਤ ਨੂੰ ਅੱਗੇ ਵਧਾਉਂਦੇ ਹੋਏ ਆਪਣੀ ਵੱਖਰੀ ਪਛਾਣ ਬਣਾਈ ਹੈ। ਆਪਣੀ ਜਿੱਤ ਤੋਂ ਬਾਅਦ ਰੋਹਿਤ ਜੈਨ ਨੇ ਆਪਣੇ ਸਾਥੀ ਵਕੀਲਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਜਿੱਤ ਕਿਸੇ ਇੱਕ ਵਿਅਕਤੀ ਦੀ ਜਿੱਤ ਨਹੀਂ ਹੈ ਸਗੋਂ ਪੂਰੇ ਕਾਨੂੰਨੀ ਭਾਈਚਾਰੇ ਦੇ ਵਿਸ਼ਵਾਸ, ਸਮਰਥਨ ਅਤੇ ਆਸ਼ੀਰਵਾਦ ਦੀ ਹੈ। ਉਨ੍ਹਾਂ ਨੇ ਵਿਸ਼ੇਸ਼ ਤੌਰ 'ਤੇ ਸੀਨੀਅਰ ਵਕੀਲਾਂ, ਮਹਿਲਾ ਵਕੀਲਾਂ ਅਤੇ ਨੌਜਵਾਨ ਵਕੀਲਾਂ ਦਾ ਧੰਨਵਾਦ ਕੀਤਾ।

ਹਰੋਲੀ ਨੂੰ ਖੇਡਾਂ ਦੇ ਹੱਬ ਵਜੋਂ ਵਿਕਸਤ ਕੀਤਾ ਜਾ ਰਿਹਾ: ਮੁਕੇਸ਼ ਅਗਨੀਹੋਤਰੀ

ਊਨਾ, 12 ਸਤੰਬਰ (ਪੈ.ਗਾਮ-ਏ-ਜਗਤ)

ਉਪ ਮੁੱਖ ਮੰਤਰੀ ਮੁਕੇਸ਼ ਅਗਨੀਹੋਤਰੀ ਨੇ ਰਾਜਕੀ ਉਤਕ੍ਰਿਸ਼ਟ ਸੀਨੀਅਰ ਸੈਕੰਡਰੀ ਸਕੂਲ ਹਰੋਲੀ ਵਿੱਚ ਅੰਡਰ-19 ਬੁਆਏਜ਼ ਜ਼ਿਲ੍ਹਾ ਪੱਧਰੀ ਮਾਈਨਰ ਗੇਮਜ਼ ਮੁਕਾਬਲੇ ਦੇ ਸਮਾਪਤੀ ਸਮਾਰੋਹ ਦੀ ਪ੍ਰਧਾਨਗੀ ਕੀਤੀ। ਉਨ੍ਹਾਂ ਨੇ ਜੇਤੂ ਟੀਮਾਂ ਨੂੰ ਇਨਾਮ ਦਿੱਤੇ ਅਤੇ ਖਿਡਾਰੀਆਂ ਨੂੰ ਭਵਿੱਖ ਵਿੱਚ ਵੀ ਖੇਡਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਹਰੋਲੀ ਵਿਧਾਨ ਸਭਾ ਖੇਤਰ ਨੂੰ ਖੇਡਾਂ ਦੇ ਹੱਬ ਵਜੋਂ ਵਿਕਸਤ ਕੀਤਾ ਜਾ ਰਿਹਾ ਹੈ ਅਤੇ ਨੌਜਵਾਨਾਂ ਨੂੰ ਆਧੁਨਿਕ ਖੇਡ ਸਹੂਲਤਾਂ ਉਪਲਬਧ ਕਰਵਾਉਣ ਲਈ ਲਗਾਤਾਰ ਕੰਮ ਕੀਤਾ ਜਾ ਰਿਹਾ ਹੈ।

ਉਪ ਮੁੱਖ ਮੰਤਰੀ ਨੇ ਕਿਹਾ ਕਿ ਰਾਜਕੀ ਉਤਕ੍ਰਿਸ਼ਟ ਸੀਨੀਅਰ ਸੈਕੰਡਰੀ ਸਕੂਲ ਹਰੋਲੀ ਦੀ ਚੋਣ ਸੀਬੀਐਸਈ ਅਤੇ ਡੇ-ਬੋਰਡਿੰਗ ਸਕੂਲ ਵਜੋਂ ਕੀਤੀ ਗਈ ਹੈ। ਆਉਣ ਵਾਲੇ ਸਮੇਂ ਵਿੱਚ ਇੱਥੇ ਇੱਕ ਸ਼ਾਨਦਾਰ ਅਤੇ ਆਧੁਨਿਕ ਸਕੂਲ ਭਵਨ ਦਾ ਨਿਰਮਾਣ ਕੀਤਾ ਜਾਵੇਗਾ, ਜਿਸ ਨਾਲ ਵਿਦਿਆਰਥੀਆਂ ਨੂੰ ਬਿਹਤਰ ਸਿੱਖਿਆਤਮਕ ਮਾਹੌਲ ਅਤੇ



ਸਹੂਲਤਾਂ ਉਪਲਬਧ ਹੋਣਗੀਆਂ। ਉਨ੍ਹਾਂ ਕਿਹਾ ਕਿ ਹਰੋਲੀ ਖੇਤਰ ਵਿੱਚ ਸਿੱਖਿਆ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ 'ਤੇ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ।

ਉਨ੍ਹਾਂ ਦੱਸਿਆ ਕਿ ਰਾਜਕੀ ਮਹਾਂਵਿਦਿਆਲੇ ਹਰੋਲੀ ਦੇ ਦੂਜੇ ਭਵਨ ਦਾ ਨਿਰਮਾਣ ਕਾਰਜ ਵੀ ਜਲਦ ਸ਼ੁਰੂ ਕੀਤਾ ਜਾਵੇਗਾ। ਕਰੀਬ 8 ਕਰੋੜ ਰੁਪਏ ਦੀ ਲਾਗਤ ਨਾਲ ਬਣਨ ਵਾਲੇ ਇਸ ਭਵਨ ਨਾਲ ਮਹਾਂਵਿਦਿਆਲੇ ਵਿੱਚ ਵਿਦਿਆਰਥੀਆਂ ਲਈ ਸਹੂਲਤਾਂ ਦਾ ਵਿਸਥਾਰ ਹੋਵੇਗਾ। ਮੁਕੇਸ਼ ਅਗਨੀਹੋਤਰੀ ਨੇ ਕਿਹਾ ਕਿ ਹਰੋਲੀ ਵਿੱਚ ਖੇਡ ਪ੍ਰਤਿਭਾਵਾਂ ਨੂੰ ਅੱਗੇ ਵਧਾਉਣ ਲਈ ਸਿੰਥੈਟਿਕ ਟਰੈਕ ਦਾ ਨਿਰਮਾਣ ਕੀਤਾ ਜਾ ਰਿਹਾ ਹੈ ਅਤੇ ਇਨਡੋਰ ਸਟੇਡੀਅਮ ਵੀ ਬਣਾਏ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਸਰਕਾਰ ਦਾ ਯਤਨ ਹੈ ਕਿ ਖੇਤਰ ਦੇ ਨੌਜਵਾਨਾਂ ਨੂੰ ਆਪਣੇ ਘਰ ਦੇ ਨੇੜੇ ਹੀ ਆਧੁਨਿਕ ਖੇਡ ਸਹੂਲਤਾਂ ਉਪਲਬਧ ਹੋਣ, ਤਾਂ ਜੋ ਉਹ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ 'ਤੇ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕਰ ਸਕਣ। ਉਨ੍ਹਾਂ ਕਿਹਾ ਕਿ ਹਰੋਲੀ ਮਹਾਂਵਿਦਿਆਲੇ ਵਿੱਚ 29 ਸਤੰਬਰ ਨੂੰ ਪ੍ਰਸਿੱਧ ਪੰਜਾਬੀ ਗਾਇਕ ਗੁਰਦਾਸ ਮਾਨ ਵਿਦਿਆਰਥੀਆਂ ਦੇ ਵਿਚਕਾਰ ਪਹੁੰਚਣਗੇ। ਉਨ੍ਹਾਂ ਕਿਹਾ ਕਿ ਅਜਿਹੇ ਪ੍ਰੋਗਰਾਮ ਵਿਦਿਆਰਥੀਆਂ ਨੂੰ ਸੱਭਿਆਚਾਰਕ ਗਤੀਵਿਧੀਆਂ ਨਾਲ ਜੋੜਨ ਅਤੇ ਉਨ੍ਹਾਂ ਦੀ ਪ੍ਰਤਿਭਾ ਨੂੰ ਨਿਖਾਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ। ਇਸ ਮੌਕੇ ਸਕੂਲ ਦੇ ਵਿਦਿਆਰਥੀਆਂ ਨੇ ਰੰਗਾਰੰਗ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ। ਵਿਦਿਆਰਥੀਆਂ ਦੀ ਊਰਜਾ ਅਤੇ ਉਤਸ਼ਾਹ ਦੀ ਸ਼ਲਾਘਾ ਕਰਦਿਆਂ ਉਪ ਮੁੱਖ ਮੰਤਰੀ ਨੇ ਸੱਭਿਆਚਾਰਕ ਪ੍ਰੋਗਰਾਮ ਲਈ 31 ਹਜ਼ਾਰ ਰੁਪਏ ਦੀ ਰਾਸ਼ੀ ਮਨਜ਼ੂਰ ਕਰਨ ਦਾ ਐਲਾਨ ਕੀਤਾ। ਇਸ ਮੌਕੇ ਬਲਾਕ ਕਾਂਗਰਸ ਕਮੇਟੀ ਦੇ ਪ੍ਰਧਾਨ ਸੰਦੀਪ ਅਗਨੀਹੋਤਰੀ, ਸਟੇਟ ਟਰਾਂਸਪੋਰਟ ਅਥਾਰਟੀ ਦੇ ਮੈਂਬਰ ਅਸ਼ੋਕ ਠਾਕੁਰ, ਜ਼ਿਲ੍ਹਾ ਪਰਿਸ਼ਦ ਮੈਂਬਰ ਕੇਵਲ ਸਿੰਘ ਅੱਜਲਾ ਅਤੇ ਸੁਲਿੰਦਰ ਪਾਲ ਕੌਰ, ਹਰੋਲੀ ਦੀ ਉਪ ਪ੍ਰਧਾਨ ਸੁਰਿੰਦਰ, ਸਾਬਕਾ ਪ੍ਰਧਾਨ ਰਮਨ ਕੁਮਾਰੀ, ਸਾਬਕਾ ਉਪ ਪ੍ਰਧਾਨ ਸਤਨਾਮ, ਪ੍ਰਧਾਨ ਭਦੌੜੀ ਮੁਨੀਸ਼, ਐਸਡੀਐਮ ਹਰੋਲੀ ਵਿਸ਼ਾਲ ਸ਼ਰਮਾ, ਬੀਐਮਓ ਹਰੋਲੀ ਡਾ. ਸ਼ਿੰਗਾਰਾ, ਉਪ ਨਿਰਦੇਸ਼ਕ ਉੱਚ ਅਤੇ ਮਾਧਿਮਿਕ ਸਿੱਖਿਆ ਅਨਿਲ ਤੱਖੀ, ਸੋਮਨਾਥ ਧੀਮਾਨ, ਪ੍ਰਿੰਸੀਪਲ ਰਵਿੰਦਰ ਸਮੇਤ ਹੋਰ ਪਤਵੰਤੇ ਹਾਜ਼ਰ ਸਨ।

'ਖੇਡਾਂ ਵਤਨ ਪੰਜਾਬ ਦੀਆਂ-2026' ਦਾ ਜ਼ਿਲ੍ਹੇ ਵਿੱਚ ਸ਼ਾਨਦਾਰ ਆਗਾਜ਼

ਖਰੜ/ਮਾਜਰੀ, 12 ਸਤੰਬਰ (ਪੈ.ਗਾਮ-ਏ-ਜਗਤ)

ਪੰਜਾਬ ਸਰਕਾਰ ਦੇ ਖੇਡ ਵਿਭਾਗ ਵੱਲੋਂ ਕਰਵਾਈਆਂ ਜਾ ਰਹੀਆਂ 'ਖੇਡਾਂ ਵਤਨ ਪੰਜਾਬ ਦੀਆਂ-2026 ਸੀਜ਼ਨ 4' ਤਹਿਤ ਜ਼ਿਲ੍ਹਾ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਵਿੱਚ ਖਰੜ ਅਤੇ ਮਾਜਰੀ ਦੇ ਬਲਾਕ ਪੱਧਰੀ ਖੇਡ ਮੁਕਾਬਲਿਆਂ ਦਾ ਅੱਜ ਸ਼ਾਨਦਾਰ ਆਗਾਜ਼ ਹੋਇਆ। ਇਸ ਮੌਕੇ ਪੰਜਾਬ ਯੂਥ ਡਿਵੈਲਪਮੈਂਟ ਬੋਰਡ ਦੇ ਚੇਅਰਮੈਨ ਸ. ਪਰਮਿੰਦਰ ਸਿੰਘ ਗੋਲਡੀ ਨੇ ਬਲਾਕ ਮਾਜਰੀ ਅਤੇ ਖਰੜ ਵਿਖੇ ਸ਼ਿਰਕਤ ਕਰਦਿਆਂ ਖਿਡਾਰੀਆਂ ਦੀ ਹੌਸਲਾ-ਅਫ਼ਜ਼ਾਈ ਕੀਤੀ। ਉਨ੍ਹਾਂ ਕਿਹਾ ਕਿ 'ਖੇਡਾਂ ਵਤਨ ਪੰਜਾਬ ਦੀਆਂ' ਪੰਜਾਬ ਸਰਕਾਰ ਦਾ ਇੱਕ ਸ਼ਲਾਘਾਯੋਗ ਉਪਰਾਲਾ ਹੈ, ਜਿਸ ਰਾਹੀਂ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਦੇ ਨਾਲ-ਨਾਲ ਉਭਰ ਰਹੀਆਂ ਖੇਡ ਪ੍ਰਤਿਭਾਵਾਂ ਨੂੰ ਆਪਣੀ ਕਾਬਲੀਅਤ ਦਿਖਾਉਣ ਅਤੇ ਅੱਗੇ ਵਧਣ ਲਈ ਮੰਚ ਪ੍ਰਦਾਨ ਕੀਤਾ ਜਾ ਰਿਹਾ ਹੈ। ਬਲਾਕ ਪੱਧਰੀ

• ਪੰਜਾਬ ਯੂਥ ਡਿਵੈਲਪਮੈਂਟ ਬੋਰਡ ਦੇ ਚੇਅਰਮੈਨ ਪਰਮਿੰਦਰ ਸਿੰਘ ਗੋਲਡੀ ਨੇ ਬਲਾਕ ਮਾਜਰੀ ਤੇ ਖਰੜ ਵਿਖੇ ਖਿਡਾਰੀਆਂ ਦੀ ਕੀਤੀ ਹੌਸਲਾ-ਅਫ਼ਜ਼ਾਈ



ਮੁਕਾਬਲਿਆਂ ਦੌਰਾਨ ਕਬੱਡੀ, ਵਾਲੀਬਾਲ, ਫੁੱਟਬਾਲ, ਖੋ-ਖੋ, ਐਥਲੈਟਿਕਸ ਅਤੇ ਕ੍ਰਿਕਟ (ਟੈਨਿਸ ਬਾਲ) ਸਮੇਤ ਵੱਖ-ਵੱਖ ਖੇਡਾਂ ਦੇ ਮੁਕਾਬਲੇ ਕਰਵਾਏ ਗਏ, ਜਿਨ੍ਹਾਂ ਵਿੱਚ ਖਿਡਾਰੀਆਂ ਨੇ ਵੱਡੀ ਗਿਣਤੀ ਵਿੱਚ ਉਤਸ਼ਾਹ ਨਾਲ ਭਾਗ ਲਿਆ।

ਵਾਲੀਬਾਲ ਦੇ ਅੰਡਰ-14 ਵਰਗ ਵਿੱਚ ਬਲਾਕ ਮਾਜਰੀ ਦੀ ਕੁਰਾਲੀ ਟੀਮ ਨੇ ਪਹਿਲਾ ਸਥਾਨ, ਖਿਜਰਾਬਾਦ ਦੀ ਟੀਮ ਨੇ ਦੂਜਾ ਸਥਾਨ ਅਤੇ ਰਤਵਾੜਾ ਦੀ ਟੀਮ ਨੇ ਤੀਜਾ ਸਥਾਨ ਹਾਸਲ ਕੀਤਾ। ਇਸੇ ਤਰ੍ਹਾਂ ਅੰਡਰ-14 ਲੜਕਿਆਂ ਦੇ ਮੁਕਾਬਲਿਆਂ ਵਿੱਚ ਪਿੰਡ ਰਤਵਾੜਾ ਦੀ ਟੀਮ ਨੇ ਪਹਿਲਾ, ਪਿੰਡ ਮੁੱਲਾਂਪੁਰ ਗਰੀਬਦਾਸ ਦੀ ਟੀਮ ਨੇ ਦੂਜਾ ਅਤੇ ਪਿੰਡ ਮਧੂਸੰਗਤੀਆਂ ਦੀ ਟੀਮ ਨੇ ਤੀਜਾ ਸਥਾਨ ਹਾਸਲ ਕੀਤਾ। ਚੇਅਰਮੈਨ ਪਰਮਿੰਦਰ ਸਿੰਘ ਗੋਲਡੀ ਨੇ ਦੱਸਿਆ ਗਿਆ ਕਿ ਬਲਾਕ ਪੱਧਰ 'ਤੇ ਜੇਤੂ ਰਹਿਣ ਵਾਲੀਆਂ ਟੀਮਾਂ ਅਗਲੇ ਪੜਾਅ ਵਿੱਚ ਜ਼ਿਲ੍ਹਾ ਪੱਧਰੀ ਮੁਕਾਬਲਿਆਂ ਵਿੱਚ ਭਾਗ ਲੈਣਗੀਆਂ। ਜ਼ਿਲ੍ਹਾ ਪੱਧਰ 'ਤੇ ਜੇਤੂ ਰਹਿਣ ਵਾਲੀਆਂ ਟੀਮਾਂ ਨੂੰ ਰਾਜ ਪੱਧਰੀ ਮੁਕਾਬਲਿਆਂ ਵਿੱਚ ਭਾਗ ਲੈਣ ਦਾ ਮੌਕਾ ਮਿਲੇਗਾ। ਰਾਜ ਪੱਧਰ 'ਤੇ ਜੇਤੂ ਰਹਿਣ ਵਾਲੀਆਂ ਟੀਮਾਂ/ ਖਿਡਾਰੀਆਂ ਨੂੰ ਸਰਕਾਰ ਵੱਲੋਂ ਇਨਾਮੀ ਰਾਸ਼ੀ ਪ੍ਰਦਾਨ ਕੀਤੀ ਜਾਵੇਗੀ। ਮੁਕਾਬਲਿਆਂ ਵਿੱਚ ਪਹਿਲਾ ਸਥਾਨ ਹਾਸਲ ਕਰਨ ਵਾਲੇ ਨੂੰ 10,000 ਰੁਪਏ, ਦੂਜਾ ਸਥਾਨ ਹਾਸਲ ਕਰਨ ਵਾਲੇ ਨੂੰ 7,000 ਰੁਪਏ ਅਤੇ ਤੀਜਾ ਸਥਾਨ ਹਾਸਲ ਕਰਨ ਵਾਲੇ ਨੂੰ 5,000 ਰੁਪਏ ਦੀ ਇਨਾਮੀ ਰਾਸ਼ੀ ਦਿੱਤੀ ਜਾਵੇਗੀ।

ਜ਼ਿਲ੍ਹਾ ਖੇਡ ਅਫ਼ਸਰ ਸ੍ਰੀਮਤੀ ਉਮੇਸ਼ਵਰੀ ਸ਼ਰਮਾ ਵੱਲੋਂ ਵੱਖ-ਵੱਖ ਬਲਾਕਾਂ ਵਿੱਚ ਪਹੁੰਚ ਕੇ ਚੱਲ ਰਹੇ ਖੇਡ ਮੁਕਾਬਲਿਆਂ ਦਾ ਜਾਇਜ਼ਾ ਲਿਆ ਗਿਆ।

ਉਨ੍ਹਾਂ ਕਿਹਾ ਕਿ ਅਜਿਹੇ ਖੇਡ ਮੁਕਾਬਲੇ ਨੌਜਵਾਨਾਂ ਵਿੱਚ ਖੇਡ ਭਾਵਨਾ, ਅਨੁਸ਼ਾਸਨ ਅਤੇ ਤੰਦਰੁਸਤ ਜੀਵਨ ਸ਼ੈਲੀ ਨੂੰ ਉਤਸ਼ਾਹਿਤ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ ਅਤੇ ਜ਼ਿਲ੍ਹਾ ਪ੍ਰਸ਼ਾਸਨ ਤੇ ਖੇਡ ਵਿਭਾਗ ਵੱਲੋਂ ਇਨ੍ਹਾਂ ਮੁਕਾਬਲਿਆਂ ਨੂੰ ਸੁਚੱਜੇ ਢੰਗ ਨਾਲ ਕਰਵਾਉਣ ਲਈ ਲੋੜੀਂਦੇ ਪ੍ਰਬੰਧ ਯਕੀਨੀ ਬਣਾਏ ਜਾ ਰਹੇ ਹਨ।

ਸਫ਼ਾ 1 ਦਾ ਬਾਕੀ...

'ਰਿਸ਼ਤਿਆਂ ਦੇ ਵਿਕਾਸ...

ਹੈ ਤੇ ਹੇਠਲੇ ਹਿੱਸੇ ਵਿਚ ਉਹ ਦੇਸ਼ ਹਨ ਜੋ ਇਨ੍ਹਾਂ ਫੈਸਲਿਆਂ ਤੋਂ ਪ੍ਰਭਾਵਿਤ ਤਾਂ ਹੁੰਦੇ ਹਨ ਪਰ ਉਨ੍ਹਾਂ ਨੂੰ ਆਕਾਰ ਨਹੀਂ ਦੇ ਪਾਉਂਦੇ। ਅਸੀਂ ਵੈਸ਼ਵਿਕ ਦੱਖਣ ਨੂੰ ਨਿਯਮ ਮੰਨਣ ਵਾਲਿਆਂ ਤੋਂ ਨਿਯਮ ਬਣਾਉਣ ਵਾਲਿਆਂ ਵਿਚ ਬਦਲਨ ਲਈ ਕੰਮ ਕਰਨਾ ਹੋਵੇਗਾ।

ਸਿੰਘੂ ਬਾਰਡਰ 'ਤੇ...

ਮੁਲਜ਼ਮ, ਰਾਜਵਿੰਦਰ ਸਿੰਘ ਨੂੰ 2023 ਦੇ ਮਾਮਲੇ ਵਿੱਚ ਗ੍ਰਿਫ਼ਤਾਰ ਕੀਤਾ ਗਿਆ ਸੀ। ਉਨ੍ਹਾਂ 'ਤੇ ਸ਼ਿਵਾਜੀ ਪਾਰਕ, ਮਾਦੀਪੁਰ, ਪੱਛਮੀ ਵਿਹਾਰ, ਉਦਯੋਗ ਨਗਰ ਅਤੇ ਮਹਾਰਾਜਾ ਸੂਰਜਮਲ ਸਟੇਡੀਅਮ ਮੈਟਰੋ ਸਟੇਸ਼ਨ ਸਮੇਤ ਕਈ ਥਾਵਾਂ 'ਤੇ ਕੰਧਾਂ 'ਤੇ 'ਦਿੱਲੀ ਬਣੇਗਾ ਖਾਲਿਸਤਾਨ' ਅਤੇ 'ਖਾਲਿਸਤਾਨ ਜ਼ਿੰਦਾਬਾਦ' ਵਰਗੇ ਨਾਅਰੇ ਲਿਖਣ ਦਾ ਦੋਸ਼ ਸੀ। ਅਧਿਕਾਰੀਆਂ ਨੇ ਕਿਹਾ ਕਿ ਪ੍ਰੀਤਪਾਲ ਨੂੰ ਇਸ ਸਾਲ ਦੇ ਸ਼ੁਰੂ ਵਿੱਚ ਜ਼ਮਾਨਤ 'ਤੇ ਰਿਹਾਅ ਕਰ ਦਿੱਤਾ ਗਿਆ ਸੀ ਅਤੇ ਕਥਿਤ ਤੌਰ 'ਤੇ ਉਸ ਨੇ ਜ਼ਮਾਨਤ 'ਤੇ ਬਾਹਰ ਰਹਿੰਦੇ ਹੋਏ ਸੰਗਠਨ ਦੀਆਂ ਗਤੀਵਿਧੀਆਂ ਦਾ ਪ੍ਰਬੰਧਨ ਕਰਨਾ ਜਾਰੀ ਰੱਖਿਆ।

ਪੰਜਾਬ ਵਿੱਚ ਬਿਜਲੀ...

ਨਾਲ ਲੋੜੀਂਦਾ ਕੋਲਾ ਲਗਾਤਾਰ ਉਪਲਬਧ ਹੋ ਰਿਹਾ ਹੈ। ਉਨ੍ਹਾਂ ਕਿਹਾ ਕਿ ਅਸਲ ਸਮੱਸਿਆ ਪ੍ਰਾਈਵੇਟ ਥਰਮਲ ਪਲਾਂਟਾਂ (ਤਲਵੰਡੀ ਸਾਬੋ ਅਤੇ ਰਾਜਪੁਰਾ) ਲਈ ਕੋਲੇ ਦੀ ਸਪਲਾਈ ਦੀ ਹੈ, ਜਿਸ ਨੂੰ ਯਕੀਨੀ ਬਣਾਉਣਾ 'ਕੋਲ ਇੰਡੀਆ' ਦੀ ਜ਼ਿੰਮੇਵਾਰੀ ਹੈ। ਪਾਵਰਕੌਮ ਦੇ ਚੇਅਰਮੈਨ-ਕਮ-ਮੈਨੇਜਿੰਗ ਡਾਇਰੈਕਟਰ ਡਾ. ਬਸੰਤ ਗਰਗ ਅਤੇ ਡਾਇਰੈਕਟਰ (ਜਨਰੇਸ਼ਨ) ਇੰਜਨੀਅਰ ਪੀ ਐਸ ਬਰਾੜ ਦੀ ਮੌਜੂਦਗੀ ਵਿਚ ਉਨ੍ਹਾਂ ਭਰੋਸਾ ਦਿਵਾਇਆ ਕਿ ਸਰਕਾਰੀ ਯੂਨਿਟਾਂ ਵਿੱਚ ਤਕਨੀਕੀ ਖਰਾਬੀਆਂ ਨੂੰ ਦੂਰ ਕਰ ਲਿਆ ਗਿਆ ਹੈ ਅਤੇ ਪ੍ਰਾਈਵੇਟ ਪਲਾਂਟਾਂ ਦੇ ਬਾਕੀ ਯੂਨਿਟਾਂ ਨੂੰ ਵੀ ਜਲਦੀ ਬਹਾਲ ਕਰਨ ਲਈ ਯਤਨ ਜਾਰੀ ਹਨ।

ਮਾਨ ਸਰਕਾਰ ਨੇ...

ਅਤੇ ਸਿਹਤ ਕ੍ਰਾਂਤੀ ਤੋਂ ਬਾਅਦ ਹੁਣ ਆਮ ਆਦਮੀ ਪਾਰਟੀ ਦੀ ਸਰਕਾਰ ਦੀ ਝੂਠੀ ਬਿਜਲੀ ਕ੍ਰਾਂਤੀ ਦਾ ਸੱਚ ਵੀ ਉਜਾਗਰ ਹੋ ਗਿਆ ਹੈ। ਨਾ ਕੇਵਲ ਉਦਯੋਗਾਂ ਨੂੰ ਸਗੋਂ ਘਰੇਲੂ ਸਪਲਾਈ ਵਿੱਚ ਵੀ ਲੰਬੇ ਲੰਬੇ ਬਿਜਲੀ ਕੱਟ ਲੱਗ ਰਹੇ ਹਨ ਜੋ ਇਸ ਸਰਕਾਰ ਦੇ ਮਾੜੇ ਪ੍ਰਬੰਧਨ ਅਤੇ ਇਸ ਵੱਲੋਂ ਆਪਣੇ ਸਿਆਸੀ ਹਿੱਤਾਂ ਲਈ ਬਿਜਲੀ ਨਿਗਮ ਦੇ ਕੀਤੇ ਵਿੱਤੀ ਘਾਣ ਦਾ ਪ੍ਰਮਾਣ ਹਨ। ਬਿਜਲੀ ਦੀ ਕਮੀ ਦਾ ਪ੍ਰਭਾਵ ਸੂਬੇ ਦੀ ਪੂਰੀ ਅਰਥ ਵਿਵਸਥਾ ਤੇ ਪੈ ਰਿਹਾ ਹੈ ਤੇ ਕਿਸਾਨਾਂ ਨੂੰ ਦਿਨ ਨੂੰ ਤਾਂ ਕੀ ਰਾਤ ਨੂੰ ਵੀ ਬਿਜਲੀ ਨਹੀਂ ਮਿਲ ਰਹੀ ਜਦ ਕਿ ਕਮਜ਼ੋਰ ਮਾਨਸੂਨ ਕਾਰਨ ਸਿੰਚਾਈ ਲਈ ਬਿਜਲੀ ਦੀ ਜਰੂਰਤ ਵਧੇਰੇ ਹੈ। ਜਦਕਿ ਆਉਣ ਵਾਲਾ ਸਮਾਂ ਪੰਜਾਬ ਦੇ ਬਿਜਲੀ ਖੇਤਰ ਲਈ ਹੋਰ ਵੀ ਮੁਸ਼ਕਿਲਾਂ ਭਰਿਆ ਹੋ ਸਕਦਾ ਹੈ, ਪਰ ਮੁੱਖ ਮੰਤਰੀ ਭਗਵੰਤ ਮਾਨ ਸੂਬੇ ਤੇ ਧਿਆਨ ਦੇਣ ਦੀ ਬਜਾਏ ਆਪਣੀ ਕੁਰਸੀ ਬਚਾਉਣ ਵਿੱਚ ਲੱਗੇ ਹੋਏ ਹਨ।" ਸੁਨੀਲ ਜਾਖੜ ਨੇ ਕਿਹਾ ਕਿ ਸਰਕਾਰ ਚੁਟਕਲਿਆਂ ਨਾਲ ਨਹੀਂ ਚੱਲਿਆ ਕਰਦੀ। ਉਨ੍ਹਾਂ ਨੇ ਕਿਹਾ ਕਿ ਸਰਕਾਰ ਵੱਲੋਂ ਅਸਲ ਸਰਕਾਰੀ ਕੰਮਾਂ ਵੱਲ ਧਿਆਨ ਨਾ ਦੇਣ ਕਾਰਨ ਅਤੇ ਬਿਜਲੀ ਨਿਗਮ ਦੇ ਵਿੱਤੀ ਢਾਂਚੇ ਨੂੰ ਆਪਣੀ ਸਰਕਾਰ ਦੀਆਂ ਸਿਆਸੀ ਜਰੂਰਤਾਂ ਅਨੁਸਾਰ ਢਾਲਣ ਦੀ ਕੋਸ਼ਿਸ਼ ਕਾਰਨ ਹੀ ਇਹ ਸਥਿਤੀ ਉਪਜੀ ਹੈ। ਉਨ੍ਹਾਂ ਨੇ ਕਿਹਾ ਕਿ ਹੁਣ ਸਮਾਂ ਆ ਗਿਆ ਹੈ ਜਦ ਪੰਜਾਬ ਦੇ ਲੋਕਾਂ ਨੇ ਇਸ ਸਰਕਾਰ ਤੋਂ ਹਿਸਾਬ ਲੈਣਾ ਹੈ।

ਅਕਾਲੀ ਦਲ ਦੇ...

ਅਤੇ ਪਰਿਵਾਰ ਨੂੰ ਇਸ ਦੁੱਖ ਦੀ ਘੜੀ ਵਿੱਚ ਹਿੰਮਤ ਦੇਣ ਲਈ ਅਰਦਾਸ ਕੀਤੀ। ਸੁਖਬੀਰ ਬਾਦਲ ਨੇ ਸੋਸ਼ਲ ਮੀਡੀਆ ਪੋਸਟ ਐਕਸ ਰਾਹੀਂ ਲਿਖਿਆ, ਵਰਿੰਦਰ ਸਿੰਘ ਬਾਜਵਾ ਦੇ ਦੇਹਾਂਤ 'ਤੇ ਮੈਨੂੰ ਬਹੁਤ ਦੁੱਖ ਹੈ। ਵਰਿੰਦਰ ਸਿੰਘ ਸ਼੍ਰੋਮਣੀ ਅਕਾਲੀ ਦਲ ਪਰਿਵਾਰ ਦਾ ਇੱਕ ਅਨਿੱਖੜਵਾਂ ਅੰਗ ਸਨ ਅਤੇ ਉਨ੍ਹਾਂ ਨੇ ਪਾਰਟੀ ਨੂੰ ਹਰ ਪੱਧਰ 'ਤੇ ਮਜ਼ਬੂਤ ??ਕਰਨ ਲਈ ਦਹਾਕਿਆਂ ਤੱਕ ਅਣਥੱਕ ਮਿਹਨਤ ਕੀਤੀ। ਉਨ੍ਹਾਂ ਦੇ ਅਣਮੁੱਲੇ ਯੋਗਦਾਨ, ਕੁਸ਼ਲ ਅਗਵਾਈ ਅਤੇ ਪੰਜਾਬ ਦੇ ਲੋਕਾਂ ਦੀ ਸੇਵਾ ਪ੍ਰਤੀ ਸਮਰਪਣ ਨੂੰ ਹਮੇਸ਼ਾ ਯਾਦ ਰੱਖਿਆ ਜਾਵੇਗਾ। ਮੈਂ ਉਨ੍ਹਾਂ ਦੇ ਪਰਿਵਾਰ, ਦੋਸਤਾਂ ਤੇ ਸਮਰਥਕਾਂ ਪ੍ਰਤੀ ਆਪਣੀ ਡੂੰਘੀ ਸੰਵੇਦਨਾ ਪ੍ਰਗਟ ਕਰਦਾ ਹਾਂ।

ਦੋ ਟਰਾਲਿਆਂ ਦੀ...

ਕਿ ਉਸ ਦਾ ਭਰਾ ਗੁਰਜੰਟ ਸਿੰਘ ਟਰਾਲੇ ਦੇ ਕੈਬਿਨ ਵਿੱਚ ਬੁਰੀ ਤਰ੍ਹਾਂ ਫਸ ਗਿਆ ਜਿਸ ਨੂੰ ਕਈ ਘੰਟਿਆ ਦੀ ਜਦੋਂ ਜਹਿਦ ਤੋਂ ਬਾਅਦ ਜੇਸੀਵੀ ਦੀ ਮਦਦ ਨਾਲ ਬਾਹਰ ਕੱਢਿਆ ਗਿਆ ਪਰ ਉਸ ਸਮੇਂ ਤੱਕ ਉਸ ਦੀ ਵੀ ਮੌਤ ਹੋ ਚੁੱਕੀ ਸੀ। ਟਰਾਲੇ ਅੱਗੇ ਜਾ ਰਹੇ ਇਕ ਹੋਰ ਟਰਾਲੇ ਦੇ ਡਰਾਈਵਰ ਦੇ ਕੰਡਕਟਰ ਨੂੰ ਜ਼ਖ਼ਮੀ ਹਾਲਤ ਵਿਚ ਹਸਪਤਾਲ ਦਾਖਲ ਕਰਵਾਇਆ ਗਿਆ। ਪੁਲਿਸ ਮਾਮਲੇ ਦੀ ਜਾਂਚ ਕਰ ਰਹੀ ਹੈ। ਗੁਰਜੰਟ ਸਿੰਘ ਦੋ ਬੱਚਿਆਂ ਦਾ ਪਿਤਾ ਸੀ ਜਦੋਂ ਕਿ ਆਸ਼ੂ ਹਾਲੇ ਕੁਆਰਾ ਸੀ। ਪੋਸਟਮਾਰਟਮ ਤੋਂ ਬਾਅਦ ਲਾਸ਼ਾ ਪਰਿਵਾਰ ਹਵਾਲੇ ਕਰ ਦਿੱਤੀਆਂ ਗਈਆਂ।

ਲੁਧਿਆਣਾ ਅਦਾਲਤ 'ਚ...

ਸੁਰੱਖਿਆ ਪ੍ਰਬੰਧਾਂ ਨੂੰ ਲੈ ਕੇ ਪੁਲਿਸ ਵਿਭਾਗ ਦੇ ਕੰਨ ਖੜ੍ਹੇ ਹੋ ਗਏ ਹਨ।

ਸੰਵੇਦਨਸ਼ੀਲ ਧਮਕੀ ਪ੍ਰਾਪਤ ਹੁੰਦੇ ਹੀ ਲੁਧਿਆਣਾ ਦੇ ਜ਼ਿਲ੍ਹਾ ਅਤੇ ਸੈਸ਼ਨ ਜੱਜ ਨੇ ਬਿਨਾਂ ਦੇਰੀ ਕੀਤੇ ਲੁਧਿਆਣਾ ਦੇ ਪੁਲਿਸ ਕਮਿਸ਼ਨਰ ਨੂੰ ਅਧਿਕਾਰਤ ਪੱਤਰ ਲਿਖ ਕੇ ਸਮੁੱਚੇ ਮਾਮਲੇ ਤੋਂ ਜਾਣੂ ਕਰਵਾਇਆ। ਉਨ੍ਹਾਂ ਪੱਤਰ ਰਾਹੀਂ ਹਦਾਇਤ ਕੀਤੀ ਕਿ ਕਚਹਿਰੀ ਵਿੱਚ ਮੌਜੂਦ ਜੁਡੀਸ਼ੀਅਲ ਅਧਿਕਾਰੀਆਂ, ਅਦਾਲਤੀ ਮੁਲਾਜ਼ਮਾਂ, ਵਕੀਲਾਂ ਅਤੇ ਆਪਣੇ ਕੇਸਾਂ ਦੇ ਸਿਲਸਿਲੇ ਵਿੱਚ ਪੁੱਜੇ ਆਮ ਨਾਗਰਿਕਾਂ ਦੀ ਜਾਨ-ਮਾਲ ਦੀ ਸੁਰੱਖਿਆ ਹਰ ਹਾਲ ਯਕੀਨੀ ਬਣਾਈ ਜਾਵੇ। ਇਸ ਦੇ ਨਾਲ ਹੀ ਅਦਾਲਤੀ ਇਮਾਰਤ ਦੀ ਸੁਰੱਖਿਆ ਨੂੰ ਮਜ਼ਬੂਤ ਕਰਨ ਲਈ ਤੁਰੰਤ ਠੋਸ ਅਤੇ ਸਖ਼ਤ ਕਦਮ ਚੁੱਕਣ ਦੇ ਨਿਰਦੇਸ਼ ਦਿੱਤੇ ਗਏ। ਪੁਲਿਸ ਦੀਆਂ ਸਾਈਬਰ ਅਤੇ ਤਕਨੀਕੀ ਟੀਮਾਂ ਈਮੇਲ ਭੇਜਣ ਵਾਲੇ ਦਾ ਆਈਪੀ ਐਡਰੈੱਸ ਟਰੇਸ ਕਰਨ ਵਿੱਚ ਜੁਟੀਆਂ ਹੋਈਆਂ ਹਨ।

ਜਲੰਧਰ 'ਚ ਪੁਲਿਸ...

ਪਾਰਟੀ 'ਤੇ ਸਿੱਧੀ ਫ਼ਾਇਰਿੰਗ ਕਰ ਦਿੱਤੀ, ਜਿਸ ਦੇ ਜਵਾਬ ਵਿੱਚ ਪੁਲਿਸ ਟੀਮ ਵੱਲੋਂ ਵੀ ਬਚਾਅ ਵਿੱਚ ਜਵਾਬੀ ਗੋਲੀਆਂ ਚਲਾਈਆਂ ਗਈਆਂ। ਇਸ ਗੋਲੀਬਾਰੀ ਵਿੱਚ ਇੱਕ ਗੋਲੀ ਮੁਲਜ਼ਮ ਦੀ ਲੱਤ ਵਿੱਚ ਲੱਗੀ, ਜਿਸ ਕਾਰਨ ਉਹ ਜ਼ਖ਼ਮੀ ਹੋ ਕੇ ਡਿੱਗ ਪਿਆ ਅਤੇ ਪੁਲਿਸ ਨੇ ਉਸ ਨੂੰ ਤੁਰੰਤ ਦਬੋਚ ਲਿਆ। ਜ਼ਖ਼ਮੀ ਹਾਲਤ ਵਿੱਚ ਮੁਲਜ਼ਮ ਨੂੰ ਇਲਾਜ ਲਈ ਜਲੰਧਰ ਦੇ ਸਿਵਲ ਹਸਪਤਾਲ ਵਿਖੇ ਦਾਖ਼ਲ ਕਰਵਾਇਆ ਗਿਆ ਹੈ।

ਜਲੰਧਰ ਦੇ ਪੁਲਿਸ ਕਮਿਸ਼ਨਰ ਸਤਿੰਦਰ ਸਿੰਘ ਨੇ ਮਾਮਲੇ ਦੇ ਵੇਰਵੇ ਸਾਂਝੇ ਕਰਦਿਆਂ ਦੱਸਿਆ ਕਿ ਸ਼ਹਿਰ ਦੇ ਇੱਕ ਇਲਾਕੇ ਵਿੱਚ ਪਿਛਲੇ ਸ਼ਨਿਵਾਰ ਨੂੰ ਵਾਪਰੀ ਅਪਰਾਧਿਕ ਵਾਰਦਾਤ ਦੀ ਸਾਜ਼ਿਸ਼ ਨੂੰ ਪੁਲਿਸ ਟੀਮ ਨੇ ਪੂਰੀ ਤਰ੍ਹਾਂ ਸੁਲਝਾ ਲਿਆ ਹੈ। ਇਸ ਮਾਮਲੇ ਵਿੱਚ ਪਿੰਡ ਕਾਕਾ ਕੰਡਿਆਲਾ ਦੇ ਰਹਿਣ ਵਾਲੇ ਦੋ ਮੁਲਜ਼ਮਾਂ ਸਹਿਜਦੀਪ ਅਤੇ ਸੁਖਜਿੰਦਰ ਸਿੰਘ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਪੁਲਿਸ ਅਧਿਕਾਰੀਆਂ ਦੀ ਚੌਕਸੀ, ਸੂਝ-ਬੂਝ ਅਤੇ ਫ਼ੁਰਤੀਲੀ ਕਾਰਵਾਈ ਸਦਕਾ ਇਸ ਪੂਰੇ ਅਪਰਾਧਿਕ ਗੱਠਜੋੜ ਦੀ ਯੋਜਨਾ ਨੂੰ ਸਮਾਂ ਰਹਿੰਦਿਆਂ ਬੇਨਕਾਬ ਕਰ ਦਿੱਤਾ ਗਿਆ। ਪੁਲਿਸ ਕਮਿਸ਼ਨਰ ਨੇ ਸਪੱਸ਼ਟ ਕੀਤਾ ਕਿ ਘਟਨਾ ਤੋਂ ਬਾਅਦ ਮੁਲਜ਼ਮ ਸੁਖਜਿੰਦਰ ਸਿੰਘ ਨੇ ਆਪਣਾ ਅਸਲਾ ਇੱਕ ਗੁਪਤ ਥਾਂ 'ਤੇ ਲੁਕਾ ਦਿੱਤਾ ਸੀ। ਜਦੋਂ ਪੁਲਿਸ ਟੀਮ ਉਸ ਦੀ ਨਿਸ਼ਾਨਦੇਹੀ 'ਤੇ ਹਥਿਆਰ ਬਰਾਮਦ ਕਰਨ ਲਈ ਪਹੁੰਚੀ ਤਾਂ ਉਸ ਨੇ ਪੁਲਿਸ 'ਤੇ ਗੋਲੀ ਚਲਾ ਕੇ ਹਿਰਾਸਤ 'ਚੋਂ ਨਿਕਲਣ ਦੀ ਕੋਸ਼ਿਸ਼ ਕੀਤੀ। ਪੁਲਿਸ ਜਵਾਨਾਂ ਨੇ ਆਪਣੀ ਆਤਮ-ਰੱਖਿਆ ਵਿੱਚ ਜਵਾਬੀ ਫ਼ਾਇਰਿੰਗ ਕੀਤੀ, ਜਿਸ ਦੌਰਾਨ ਸੁਖਜਿੰਦਰ ਜ਼ਖ਼ਮੀ ਹੋ ਗਿਆ। ਪੁਲਿਸ ਜਾਂਚ ਦੌਰਾਨ ਇਹ ਵੀ ਖ਼ੁਲਾਸਾ ਹੋਇਆ ਹੈ ਕਿ ਇਸ ਸਮੁੱਚੀ ਅਪਰਾਧਿਕ ਸਾਜ਼ਿਸ਼ ਦੀ ਵਿਉਂਤਬੰਦੀ ਵਿੱਚ ਜਸ਼ਨਪ੍ਰੀਤ ਨਾਂ ਦਾ ਇੱਕ ਤੀਜਾ ਮੁਲਜ਼ਮ ਵੀ ਸਰਗਰਮ ਸੀ, ਜੋ ਕਿ ਘਟਨਾ ਵੇਲੇ ਮੌਕੇ 'ਤੇ ਹਾਜ਼ਰ ਨਹੀਂ ਸੀ।

ਪੁਲਿਸ ਜਾਂਚ ਅਤੇ ਤਕਨੀਕੀ ਸਬੂਤਾਂ ਤੋਂ ਇਹ ਗੱਲ ਪੂਰੀ ਤਰ੍ਹਾਂ ਸਾਬਤ ਹੋ ਗਈ ਹੈ ਕਿ ਜਸ਼ਨਪ੍ਰੀਤ ਦੀ ਮਾਂ ਨੂੰ ਆਪਣੇ ਪੁੱਤਰ ਅਤੇ ਉਸ ਦੇ ਸਾਥੀਆਂ ਵੱਲੋਂ ਰਚੀ ਜਾ ਰਹੀ ਇਸ ਅਪਰਾਧਿਕ ਸਾਜ਼ਿਸ਼ ਦੀ ਪੂਰੀ ਜਾਣਕਾਰੀ ਸੀ। ਅਪਰਾਧਿਕ ਗਤੀਵਿਧੀ ਨੂੰ ਛੁਪਾਉਣ ਅਤੇ ਮਿਲੀਭੁਗਤ ਦੇ ਆਧਾਰ 'ਤੇ ਪੁਲਿਸ ਨੇ ਕਾਰਵਾਈ ਕਰਦਿਆਂ ਜਸ਼ਨਪ੍ਰੀਤ ਦੀ ਮਾਂ ਨੂੰ ਵੀ ਗ੍ਰਿਫ਼ਤਾਰ ਕਰ ਲਿਆ ਹੈ ਅਤੇ ਮਾਮਲੇ ਦੀ ਅਗਲੇਰੀ ਕਾਨੂੰਨੀ ਜਾਂਚ ਜਾਰੀ ਹੈ।

ਹੂਤੀ ਬਾਗੀਆਂ ਦੇ...

ਵੱਡਾ ਖੇਤਰੀ ਲਾਭ ਪ੍ਰਾਪਤ ਕੀਤਾ ਹੈ। ਇਹ ਤਰੱਕੀ ਸੰਯੁਕਤ ਰਾਜ ਅਮਰੀਕਾ 'ਤੇ ਦਬਾਅ ਪਾਉਣ ਲਈ ਵਿਸ਼ਵਵਿਆਪੀ ਤੇਲ ਅਤੇ ਗੈਸ ਦੀਆਂ ਕੀਮਤਾਂ ਨੂੰ ਵਧਾਉਣ ਦੀ ਕੋਸ਼ਿਸ਼ ਕਰਨ ਦੀ ਈਰਾਨ ਦੀ ਰਣਨੀਤੀ ਨੂੰ ਮਜ਼ਬੂਤ ??ਕਰ ਸਕਦੀ ਹੈ। ਸਾਊਦੀ ਅਰਬ ਨੇ ਕਿਹਾ ਕਿ ਉਸਨੇ ਪੂਰਬ-ਪੱਛਮੀ ਪਾਈਪਲਾਈਨ ਨੂੰ ਬੰਦ ਕਰ ਦਿੱਤਾ ਹੈ, ਜਿਸ 'ਤੇ ਇੱਕ ਦਿਨ ਪਹਿਲਾਂ ਹਮਲਾ ਹੋਇਆ ਸੀ। ਸਾਊਦੀ ਊਰਜਾ ਮੰਤਰਾਲੇ ਨੇ ਬੰਦ ਨੂੰ ÷ਸਾਵਧਾਨੀ ਉਪਾਅ÷ ਦੱਸਿਆ। ਸਾਊਦੀ ਵਿਦੇਸ਼ ਮੰਤਰਾਲੇ ਨੇ ਹਮਲੇ ਲਈ ਇਰਾਕ ਤੋਂ ਕਈ ਡਰੋਨਾਂ ਨੂੰ ਜ਼ਿੰਮੇਵਾਰ ਠਹਿਰਾਇਆ। ਸਰਕਾਰੀ ਸਾਊਦੀ ਪ੍ਰੈਸ ਏਜੰਸੀ ਨੇ ਵਿਦੇਸ਼ ਮੰਤਰਾਲੇ ਦੇ ਹਵਾਲੇ ਨਾਲ ਕਿਹਾ ਕਿ ਉਹ ਇਰਾਕੀ ਸਰਕਾਰ ਨੂੰ ÷ਜ਼ਰੂਰੀ ਉਪਾਅ ਕਰਨ ਦਾ ਮੌਕਾ÷ ਦੇਣ ਲਈ ਬਦਲਾ ਨਹੀਂ ਲਵੇਗਾ। ਇਰਾਕੀ ਪ੍ਰਧਾਨ ਮੰਤਰੀ ਅਲੀ ਅਲ-ਜ਼ੈਦੀ ਨੇ ਇਸ ਘਟਨਾ ਦੀ ਜਾਂਚ ਦੇ ਹੁਕਮ ਦਿੱਤੇ ਹਨ। ਸਰਕਾਰੀ ਬੁਲਾਰੇ ਸਬਾਹ ਅਲ-ਨੁਮਾਨ ਨੇ ਸ਼ਨੀਵਾਰ ਸਵੇਰੇ ਇੱਕ ਬਿਆਨ ਵਿੱਚ ਕਿਹਾ ਕਿ ਅਧਿਕਾਰੀਆਂ ਨੇ ਇਹ ਪਤਾ ਲਗਾਇਆ ਕਿ ਸਾਊਦੀ ਅਰਬ ਨੂੰ ਨਿਸ਼ਾਨਾ ਬਣਾਉਣ ਵਾਲੇ ਹਮਲੇ ਮਯਸਨ ਸੂਬੇ ਦੇ ਇੱਕ ਸਥਾਨ ਤੋਂ ਕੀਤੇ ਗਏ ਸਨ, ਜਿਸ ਤੋਂ ਬਾਅਦ ਕਮਾਂਡ ਦੇ ਮੁਖੀ ਨੂੰ ਉਨ੍ਹਾਂ ਦੇ ਅਹੁਦੇ ਤੋਂ ਹਟਾ ਦਿੱਤਾ ਗਿਆ ਸੀ। ਸਾਊਦੀ ਅਰਬ ਅਤੇ ਸੰਯੁਕਤ ਰਾਜ ਅਮਰੀਕਾ ਨੇ ਜੁਲਾਈ ਵਿੱਚ ਇਰਾਕ ਵਿੱਚ ਈਰਾਨ ਸਮਰਥਿਤ ਮਿਲੀਸ਼ੀਆ ਸਮੂਹਾਂ 'ਤੇ ਬੰਬਾਰੀ ਕੀਤੀ, ਉਨ੍ਹਾਂ ਨੂੰ ਸਾਊਦੀ ਤੇਲ ਸਥਾਪਨਾਵਾਂ 'ਤੇ ਡਰੋਨ ਹਮਲਿਆਂ ਲਈ ਜ਼ਿੰਮੇਵਾਰ ਠਹਿਰਾਇਆ।

ਜ਼ੋਮੈਟੋ ਤੋਂ ਖਾਣਾ...

ਕ੍ਰੈਡਿਟ/ਡੈਬਿਟ ਕਾਰਡ ਜਾਂ ਨੈੱਟ ਬੈਂਕਿੰਗ ਵਰਗੇ ਡਿਜੀਟਲ ਮਾਧਿਅਮਾਂ ਰਾਹੀਂ ਆਨਲਾਈਨ ਭੁਗਤਾਨ ਕਰਨਗੇ, ਉਨ੍ਹਾਂ ਨੂੰ ਇਹ ਵਾਧੂ ਚਾਰਜ ਨਹੀਂ ਦੇਣਾ ਪਵੇਗਾ। ਜ਼ੋਮੈਟੋ ਵੱਲੋਂ ਲਗਾਇਆ ਗਿਆ ਇਹ ਨਵਾਂ 'ਪੇਅ ਆਨ ਡਿਲਿਵਰੀ' ਚਾਰਜ ਕੰਪਨੀ ਦੀ ਪਲੇਟਫਾਰਮ ਫੀਸ, ਰੈਸਟੋਰੈਂਟ ਪੈਕਿੰਗ ਚਾਰਜ, ਡਿਲਿਵਰੀ ਚਾਰਜ ਅਤੇ ਜੀ.ਐੱਸ.ਟੀ. ਤੋਂ ਬਿਲਕੁਲ ਵੱਖਰਾ ਹੈ। ਹੁਣ ਗਾਹਕਾਂ ਨੂੰ ਖਾਣੇ ਦੇ ਨਾਲ-ਨਾਲ ਪੈਕਿੰਗ, ਡਿਲਿਵਰੀ, ਪਲੇਟਫਾਰਮ ਅਤੇ ਨਗਦ ਭੁਗਤਾਨ ਕਰਨ ਲਈ ਵੀ ਵੱਖਰੇ ਪੈਸੇ ਦੇਣੇ ਪੈਣਗੇ। ਹਾਲਾਂਕਿ, ਮੁਕਾਬਲੇਬਾਜ਼ ਕੰਪਨੀ 'ਸਵਿਗੀ' ਨੇ ਫਿਲਹਾਲ ਅਜਿਹਾ ਕੋਈ ਚਾਰਜ ਲਾਗੂ ਨਹੀਂ ਕੀਤਾ ਹੈ।

ਸੰਪਾਦਕ-ਦਵਿੰਦਰ ਕੁਮਾਰ ਨੇ ਪ੍ਰਿੰਟਰ, ਇੰਪ੍ਰੈਸ਼ਨ ਪ੍ਰਿੰਟਿਗ ਅਤੇ ਪੈਕਿੰਗ ਲਿਮਿਟਿਡ, ਪਲਾਟ 22 ਅਤੇ 49 ਜੀਐਫ਼, ਇੰਡਸਟਰੀ ਏਰੀਆ, ਫ਼ੇਸ-2 ਪੰਚਕੂਲਾ (ਹਰਿਆਣਾ) ਤੋਂ ਪ੍ਰਕਾਸ਼ਿਤ Title code : CHAMUL00914
Editor-Davinder Kumar printed at Impression Printing & Packaging Ltd.Plot 22 & 49GF, Industrial Area, Phase-2 Panchkula(Haryana)-134115

ਕੌਮੀ ਲੋਕ ਅਦਾਲਤ ਵਿੱਚ 29,451 ਮਾਮਲਿਆਂ ਦਾ ਨਿਪਟਾਰਾ, 11.96 ਕਰੋੜ ਰੁਪਏ ਤੋਂ ਵੱਧ ਦੇ ਅਵਾਰਡ ਪਾਸ

ਪੈ.ਗਾਮ-ਏ-ਜਗਤ
ਹੁਸ਼ਿਆਰਪੁਰ (ਦਲਜੀਤ ਅਜਨੋਹਾ)



ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਪੰਜਾਬ ਸਟੇਟ ਕਾਨੂੰਨੀ ਸੇਵਾਵਾਂ ਅਥਾਰਟੀ, ਐਸ.ਏ.ਐਸ. ਨਗਰ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਅੱਜ ਜ਼ਿਲ੍ਹੇ ਵਿੱਚ ਸਾਲ 2026 ਦੀ ਤੀਜੀ ਕੌਮੀ ਲੋਕ ਅਦਾਲਤ ਲਗਾਈ ਗਈ। ਜ਼ਿਲ੍ਹਾ ਅਤੇ ਸੈਸ਼ਨ ਜੱਜ-ਕਮ-ਚੇਅਰਮੈਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਰਜਿੰਦਰ ਅਗਰਵਾਲ ਦੀ ਯੋਗ ਅਗਵਾਈ ਹੇਠ ਲਗਾਈ ਗਈ ਇਸ ਲੋਕ ਅਦਾਲਤ ਵਿੱਚ ਵੱਖ-ਵੱਖ ਕਿਸਮ ਦੇ ਮਾਮਲਿਆਂ ਦਾ ਆਪਸੀ ਸਹਿਮਤੀ ਅਤੇ ਸਮਝੌਤੇ ਦੇ ਆਧਾਰ 'ਤੇ ਨਿਪਟਾਰਾ ਕੀਤਾ ਗਿਆ।

ਕੌਮੀ ਲੋਕ ਅਦਾਲਤ ਵਿੱਚ ਐਨ.ਆਈ. ਐਕਟ ਦੀ ਧਾਰਾ 138 ਤਹਿਤ ਲੰਬਿਤ ਅਤੇ ਪ੍ਰੀ-ਲਿਟੀਗੇਸ਼ਨ ਬੈਂਕ ਰਿਕਵਰੀ ਮਾਮਲੇ, ਕਿਰਤ ਵਿਵਾਦ, ਮੋਟਰ ਐਕਸੀਡੈਂਟ ਕਲੇਮ ਕੇਸ, ਬਿਜਲੀ ਅਤੇ ਪਾਣੀ ਦੇ ਬਿੱਲਾਂ ਨਾਲ ਸਬੰਧਤ ਮਾਮਲੇ (ਗੈਰ-ਕੰਪਾਊਂਡੇਬਲ ਮਾਮਲਿਆਂ ਨੂੰ ਛੱਡ ਕੇ), ਵਿਆਹ ਸਬੰਧੀ ਵਿਵਾਦ, ਟ੍ਰੈਫਿਕ ਚਲਾਨ, ਮਾਲ ਵਿਭਾਗ ਨਾਲ ਸਬੰਧਤ ਮਾਮਲੇ, ਹੋਰ ਦੀਵਾਨੀ ਅਤੇ ਘੱਟ ਗੰਭੀਰ ਅਪਰਾਧਿਕ ਮਾਮਲੇ ਅਤੇ ਘਰੇਲੂ ਵਿਵਾਦ ਆਦਿ ਸੁਣਵਾਈ ਲਈ ਰੱਖੇ ਗਏ।

ਜ਼ਿਲ੍ਹੇ ਵਿੱਚ ਕੌਮੀ ਲੋਕ ਅਦਾਲਤ ਦੇ ਸਫਲ ਆਯੋਜਨ ਲਈ ਕੁੱਲ 20 ਬੈਂਚਾਂ ਦਾ ਗਠਨ ਕੀਤਾ ਗਿਆ। ਇਨ੍ਹਾਂ ਵਿੱਚ ਹੁਸ਼ਿਆਰਪੁਰ ਦੀਆਂ ਨਿਆਂਇਕ ਅਦਾਲਤਾਂ ਵਿੱਚ 9, ਦਸੂਹਾ ਵਿੱਚ 2, ਮੁਕੇਰੀਆਂ ਵਿੱਚ 2, ਗੜ੍ਹਸ਼ੰਕਰ ਵਿੱਚ 2 ਅਤੇ ਮਾਲ ਵਿਭਾਗ ਦੀਆਂ ਅਦਾਲਤਾਂ ਵਿੱਚ 5 ਬੈਂਚ ਸ਼ਾਮਲ ਸਨ।

ਜ਼ਿਲ੍ਹਾ ਹੁਸ਼ਿਆਰਪੁਰ ਦੀ ਲੋਕ ਅਦਾਲਤ ਵਿੱਚ ਕੁੱਲ 33,077 ਮਾਮਲਿਆਂ ਦੀ ਸੁਣਵਾਈ ਕੀਤੀ ਗਈ, ਜਿਨ੍ਹਾਂ ਵਿੱਚੋਂ 29,451 ਮਾਮਲਿਆਂ ਦਾ ਮੌਕੇ 'ਤੇ ਹੀ ਨਿਪਟਾਰਾ ਕੀਤਾ ਗਿਆ। ਇਸ ਦੌਰਾਨ ਦੋਵਾਂ ਧਿਰਾਂ ਵਿਚਕਾਰ ਸਮਝੌਤੇ ਦੇ ਆਧਾਰ 'ਤੇ ਕੁੱਲ 11,96,34,439 ਰੁਪਏ ਦੇ ਅਵਾਰਡ ਪਾਸ ਕੀਤੇ ਗਏ।

ਕੌਮੀ ਲੋਕ ਅਦਾਲਤ ਦੇ ਮੌਕੇ 'ਤੇ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਹੁਸ਼ਿਆਰਪੁਰ ਦੇ ਕਰਮਚਾਰੀਆਂ ਅਤੇ ਪੈਰਾ ਲੀਗਲ ਵਲੰਟੀਅਰਾਂ ਵੱਲੋਂ ਟ੍ਰੈਫਿਕ ਚਲਾਨਾਂ ਦਾ ਭੁਗਤਾਨ ਕਰਨ ਲਈ ਪਹੁੰਚੇ ਲੋਕਾਂ ਦੀ ਸਹੂਲਤ ਵਾਸਤੇ ਵਿਸ਼ੇਸ਼ ਹੈਲਪ ਡੈਸਕ ਲਗਾਏ ਗਏ। ਇਨ੍ਹਾਂ ਹੈਲਪ ਡੈਸਕਾਂ ਰਾਹੀਂ ਲੋਕਾਂ ਨੂੰ ਅਦਾਲਤਾਂ ਵਿੱਚ ਲੰਬਿਤ ਟ੍ਰੈਫਿਕ ਚਲਾਨਾਂ ਦਾ ਆਸਾਨੀ ਨਾਲ ਭੁਗਤਾਨ ਕਰਨ ਵਿੱਚ ਸਹਾਇਤਾ ਪ੍ਰਦਾਨ ਕੀਤੀ ਗਈ।

ਇਸ ਮੌਕੇ ਜ਼ਿਲ੍ਹਾ ਅਤੇ ਸੈਸ਼ਨ ਜੱਜ-ਕਮ-ਚੇਅਰਮੈਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਰਜਿੰਦਰ ਅਗਰਵਾਲ ਅਤੇ ਡਿਊਟੀ ਮੈਜਿਸਟ੍ਰੇਟ ਅਤੇ ਸੀ.ਜੇ.ਐਮ.-ਕਮ-ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਹੁਸ਼ਿਆਰਪੁਰ ਅਜੈ ਪਾਲ ਸਿੰਘ ਨੇ ਲੋਕ ਅਦਾਲਤ ਦੀਆਂ ਵੱਖ-ਵੱਖ ਬੈਂਚਾਂ ਦਾ ਦੌਰਾ ਕੀਤਾ। ਲੋਕ ਅਦਾਲਤ ਨੂੰ ਸਫਲਤਾਪੂਰਵਕ ਨੇਪਰੇ ਚਾੜ੍ਹਨ ਵਿੱਚ ਬਾਰ ਐਸੋਸੀਏਸ਼ਨ, ਹੁਸ਼ਿਆਰਪੁਰ ਵੱਲੋਂ ਪੂਰਾ ਸਹਿਯੋਗ ਦਿੱਤਾ ਗਿਆ। ਕੌਮੀ ਲੋਕ ਅਦਾਲਤ ਵਿੱਚ ਦੋ ਅਜਿਹੇ ਮਾਮਲਿਆਂ ਦਾ ਵੀ ਨਿਪਟਾਰਾ ਕੀਤਾ ਗਿਆ, ਜੋ ਲੰਬੇ ਸਮੇਂ ਤੋਂ ਅਦਾਲਤਾਂ ਵਿੱਚ ਵਿਚਾਰ ਅਧੀਨ ਸਨ। ਪਹਿਲਾ ਮਾਮਲਾ ਸੀ ਆਈਸੀਐਸ ਨੰਬਰ ਸੀਏ -113-2022, ਅਮਰੀਕ ਸਿੰਘ ਬਨਾਮ ਨਛੱਤਰ ਸਿੰਘ ਸੀ, ਜੋ ਵਧੀਕ ਸਿਵਲ ਜੱਜ (ਸੀਨੀਅਰ ਡਿਵੀਜ਼ਨ), ਹੁਸ਼ਿਆਰਪੁਰ ਦੀ ਅਦਾਲਤ ਵੱਲੋਂ 12 ਅਪ੍ਰੈਲ 2022 ਨੂੰ ਪਾਸ ਕੀਤੇ ਹੁਕਮ ਦੇ ਵਿਰੁੱਧ ਜ਼ਿਲ੍ਹਾ ਜੱਜ, ਹੁਸ਼ਿਆਰਪੁਰ ਦੀ ਅਪੀਲੀ ਅਦਾਲਤ ਵਿੱਚ ਲੰਬਿਤ ਸੀ। ਇਹ ਵਿਵਾਦ 8 ਜੁਲਾਈ 2016 ਨੂੰ ਸ਼ੁਰੂ ਹੋਇਆ ਸੀ। ਜ਼ਿਲ੍ਹਾ ਅਤੇ ਸੈਸ਼ਨ ਜੱਜ ਰਜਿੰਦਰ ਅਗਰਵਾਲ ਦੇ ਯਤਨਾਂ ਸਦਕਾ ਕਰਵਾਈ ਗਈ ਪ੍ਰੀ-ਲੋਕ ਅਦਾਲਤ ਵਿੱਚ ਦੋਵਾਂ ਧਿਰਾਂ ਵਿਚਕਾਰ ਸਮਝੌਤਾ ਕਰਵਾਇਆ ਗਿਆ। ਸਮਝੌਤੇ ਦੇ ਆਧਾਰ 'ਤੇ ਅਪੀਲ ਵਾਪਸ ਲੈ ਕੇ ਖਾਰਜ ਕਰ ਦਿੱਤੀ ਗਈ ਅਤੇ ਅੱਜ ਕੌਮੀ ਲੋਕ ਅਦਾਲਤ ਦੀ ਬੈਂਚ ਨੰਬਰ 3 ਵਿੱਚ ਵਧੀਕ ਜ਼ਿਲ੍ਹਾ ਅਤੇ ਸੈਸ਼ਨ ਜੱਜ ਡਾ. ਮਨਦੀਪ ਮਿੱਤਲ ਵੱਲੋਂ ਮਾਮਲੇ ਦਾ ਅੰਤਿਮ ਨਿਪਟਾਰਾ ਕਰ ਦਿੱਤਾ ਗਿਆ।

ਦੂਜਾ ਮਾਮਲਾ ਸੀਆਈਸੀਐਸ ਨੰਬਰ ਸੀਏ -08-2023, ਸਵਰਨ ਸਿੰਘ ਬਨਾਮ ਰਘਵੀਰ ਕੌਰ ਸੀ, ਜੋ ਵਧੀਕ ਸਿਵਲ ਜੱਜ (ਸੀਨੀਅਰ ਡਿਵੀਜ਼ਨ), ਦਸੂਹਾ ਦੀ ਅਦਾਲਤ ਵੱਲੋਂ 21 ਨਵੰਬਰ 2022 ਨੂੰ ਪਾਸ ਕੀਤੇ ਹੁਕਮ ਦੇ ਵਿਰੁੱਧ ਜ਼ਿਲ੍ਹਾ ਜੱਜ, ਹੁਸ਼ਿਆਰਪੁਰ ਦੀ ਅਪੀਲੀ ਅਦਾਲਤ ਵਿੱਚ ਲੰਬਿਤ ਸੀ। ਇਹ ਵਿਵਾਦ 5 ਮਾਰਚ 2020 ਨੂੰ ਸ਼ੁਰੂ ਹੋਇਆ ਸੀ। ਪ੍ਰੀ-ਲੋਕ ਅਦਾਲਤ ਵਿੱਚ ਦੋਵਾਂ ਧਿਰਾਂ ਵਿਚਕਾਰ ਸਮਝੌਤਾ ਹੋਣ ਤੋਂ ਬਾਅਦ ਅਪੀਲ ਵਾਪਸ ਲੈ ਲਈ ਗਈ ਅਤੇ ਅੱਜ ਬੈਂਚ ਨੰਬਰ 3 ਵਿੱਚ ਡਾ. ਮਨਦੀਪ ਮਿੱਤਲ ਵੱਲੋਂ ਸਮਝੌਤੇ ਅਨੁਸਾਰ ਮਾਮਲੇ ਦਾ ਅੰਤਿਮ ਨਿਪਟਾਰਾ ਕੀਤਾ ਗਿਆ।

ਮੁਲਾਜ਼ਮਾਂ ਅਤੇ ਪੈਨਸ਼ਨਰਾਂ ਵਲੋਂ ਗੜ੍ਹਸ਼ੰਕਰ ਵਿੱਚ ਵਿਸ਼ਾਲ ਰੋਸ ਮਾਰਚ ਉਪਰੰਤ ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੌੜੀ ਦੇ ਘਰ ਦਾ ਘਿਰਾਓ

ਪੈ.ਗਾਮ-ਏ-ਜਗਤ/ਗੜ੍ਹਸ਼ੰਕਰ
12 ਸਤੰਬਰ (ਹਰੀ ਕ੍ਰਿਸ਼ਨ ਗੰਗੜ)



ਪੰਜਾਬ ਦੀਆਂ ਮੁਲਾਜ਼ਮ ਤੇ ਪੈਨਸ਼ਨਰ ਜਥੇਬੰਦੀਆਂ ਦੇ ਸੰਘਰਸ਼ ਅਤੇ ਹਾਈ ਕੋਰਟ ਦੇ ਹੁਕਮਾਂ ਦੇ ਬਾਵਜੂਦ ਵੀ ਪੰਜਾਬ ਸਰਕਾਰ ਵਲੋਂ ਹੰਕਾਰੀ ਤੇ ਅੜੀਅਲ ਵਤੀਰਾ ਅਪਨਾਉਂਦੇ ਹੋਏ ਮੁਲਾਜ਼ਮਾਂ / ਪੈਨਸ਼ਨਰਾਂ ਨੂੰ ਡੀ. ਏ. ਦੀਆਂ ਕਿਸ਼ਤਾਂ ਨਾ ਜਾਰੀ ਕਰਨ ਤੇ ਹੋਰ ਅਹਿਮ ਮੰਗਾਂ ਨਾ ਮੰਨਣ ਅਤੇ ਮੁੱਖ ਮੰਤਰੀ ਵਲੋਂ ਦਿੱਤੀ ਮੀਟਿੰਗ ਤੋਂ ਖ਼ੁਦ ਹੀ ਭਗੌੜਾ ਹੋਣ ਉਪਰੰਤ ਮੁਲਾਜ਼ਮਾਂ ਖਿਲਾਫ ਕੂੜ ਪ੍ਰਚਾਰ ਵਿੱਢਣ ਅਤੇ ਬਦਲਾ ਲਊ ਭਾਵਨਾ ਤਹਿਤ ਮੁਲਾਜ਼ਮ ਆਗੂਆਂ ਦੀਆਂ ਬਦਲੀਆਂ ਕਰਨ ਵਿਰੁੱਧ ਪੰਜਾਬ ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝਾ ਫਰੰਟ ਅਤੇ ਸਾਂਝਾ ਮੁਲਾਜ਼ਮ ਮੰਚ ਪੰਜਾਬ ਦੀ ਸਾਂਝੀ ਤਾਲਮੇਲ ਕਮੇਟੀ ਵਲੋਂ ਪੰਜਾਬ ਦੇ ਮੰਤਰੀਆਂ ਦੇ ਦਫਤਰਾਂ/ਘਰਾਂ ਦੇ ਘਿਰਾਓ ਦੇ ਸੱਦੇ ਤਹਿਤ ਜ਼ਿਲ੍ਹਾ ਹੁਸ਼ਿਆਰਪੁਰ ਅਤੇ ਨਵਾਂਸ਼ਹਿਰ ਦੇ ਹਜ਼ਾਰਾਂ ਮੁਲਾਜ਼ਮਾਂ ਤੇ ਪੈਨਸ਼ਨਰਾਂ ਵੱਲੋਂ ਪੰਜਾਬ ਦੇ ਕਨਵੀਨਰ ਕਮ ਕੋਆਰਡੀਨੇਟਰ ਸਤੀਸ਼ ਰਾਣਾ, ਸ਼ਿਵ ਕੁਮਾਰ ਤਿਵਾੜੀ, ਮੱਖਣ ਸਿੰਘ ਵਾਹਿਦਪੁਰੀ, ਅਮਰੀਕ ਸਿੰਘ, ਕੁਲਵਰਨ ਸਿੰਘ, ਸੁਰਿੰਦਰ ਕੁਮਾਰ ਪੁਆਰੀ, ਅਨੁਰਿਧ ਮੋਦਗਿਲ, ਜੈਲ ਸਿੰਘ, ਸੰਜੀਵ ਕੁਮਾਰ, ਜਸਵੀਰ ਤਲਵਾੜਾ, ਸੁਖਦੇਵ ਡਾਨਸੀਵਾਲ, ਨਿਰਮਲ ਸਿੰਘ ਹੁਸ਼ਿਆਰਪੁਰ, ਕਮਲਜੀਤ ਕੌਰ, ਸ਼ਕੁੰਤਲਾ ਦੇਵੀ ਦੀ ਅਗਵਾਈ ਵਿੱਚ ਬੱਸ ਸਟੈਂਡ ਗੜ੍ਹਸ਼ੰਕਰ ਵਿਖੇ ਵਿਸ਼ਾਲ ਇੱਕਠ ਉਪਰੰਤ ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੌੜੀ ਦੀ ਰਿਹਾਇਸ਼ ਵੱਲ ਨੂੰ ਜਬਰਦਸਤ ਰੋਸ ਮਾਰਚ ਅਤੇ ਮੁਜ਼ਾਹਰਾ ਕੀਤਾ ਗਿਆ। ਜਿਸ ਵਿੱਚ ਵੱਡੀ ਗਿਣਤੀ ਮਿਡ ਡੇ ਮੀਲ, ਆਂਗਨਵਾੜੀ ਅਤੇ ਆਸ਼ਾ ਵਰਕਰਾਂ ਨੇ ਸ਼ਮੂਲੀਅਤ ਕੀਤੀ। ਰੋਸ ਮਾਰਚ ਅਤੇ ਮੁਜ਼ਾਹਰੇ ਵਿੱਚ ਸ਼ਾਮਿਲ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੇ ਆਪਣੀਆਂ ਜੱਥੇਬੰਦੀਆਂ ਦੇ ਝੰਡਿਆਂ ਦੇ ਨਾਲ ਨਾਲ ਰੋਸ ਦਾ ਪ੍ਰਗਟਾਵਾ ਕਰਨ ਲਈ ਕਾਲੇ ਝੰਡੇ ਵੀ ਚੁੱਕੇ ਹੋਏ ਸਨ ਜੋ ਕਿ ਮੁਲਾਜ਼ਮਾਂ ਤੇ ਪੈਨਸ਼ਨਰਾਂ ਵੱਲੋਂ ਸਰਕਾਰ ਪ੍ਰਤੀ ਗਹਿਰੇ ਗੁੱਸੇ ਅਤੇ ਰੋਸ ਦਾ ਪ੍ਰਤੀਕ ਸਨ। ਬਹੁਤੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੇ ਰੋਸ ਵਜੋਂ ਕਾਲੀਆਂ ਪੱਗਾਂ ਅਤੇ ਪੱਟੀਆਂ ਬੰਨੀਆਂ ਸਨ ਤੇ ਮਹਿਲਾਵਾਂ ਨੇ ਕਾਲੀਆਂ ਚੁੰਨੀਆਂ ਲਈਆਂ ਹੋਈਆਂ ਸਨ।

ਰੋਸ ਮਾਰਚ ਦੌਰਾਨ ਮੁਜਾਹਰਾਕਾਰੀਆਂ ਨੇ ਆਪਣੀਆਂ ਮੰਗਾਂ ਦੇ ਹੱਕ ਵਿੱਚ ਅਤੇ ਪੰਜਾਬ ਸਰਕਾਰ ਦੇ ਹੰਕਾਰੀ ਤੇ ਅੜੀਅਲ ਵਤੀਰੇ ਵਿਰੁੱਧ ਜ਼ਬਰਦਸਤ ਨਾਅਰੇਬਾਜ਼ੀ ਕੀਤੀ ਅਤੇ ਆਮ ਜਨਤਾ ਨੂੰ ਪੰਜਾਬ ਸਰਕਾਰ ਵਲੋਂ ਮੁਲਾਜ਼ਮਾਂ ਤੇ ਪੈਨਸ਼ਨਰਾਂ ਵਾਰੇ ਕੀਤੇ ਕੂੜ ਪਰਚਾਰ ਦੀ ਸੱਚਾਈ ਤੋਂ ਜਾਣੂ ਕਰਵਾਇਆ ਗਿਆ।

ਇਸ ਸਮੇਂ ਤਾਲ ਮੇਲ ਕਮੇਟੀ ਦੇ ਆਗੂਆਂ ਕੁਲਦੀਪ ਸਿੰਘ ਦੌੜਕਾ, ਕੁਲਵਿੰਦਰ ਸਿੰਘ ਅਟਵਾਲ, ਵਿਜੈ ਕੁਮਾਰ, ਮੁਕੇਸ਼ ਕੁਮਾਰ, ਰਾਮ ਕਿਸ਼ਨ ਪਲੀ ਝਿੱਕੀ, ਸੋਮ ਲਾਲ ਥੋਪੀਆ, ਇੰਦਰਸੁਖਦੀਪ ਸਿੰਘ ਓਡਰਾ, ਮਨਜੀਤ ਸਿੰਘ ਦਸੂਹਾ, ਬਿਕਰਮਜੀਤ ਸਿੰਘ, ਨਰਿੰਦਰ ਅਜਨੋਹਾ, ਅਮਰਜੀਤ ਸਿੰਘ, ਜਸਵਿੰਦਰ ਔਜਲਾ, ਅੰਮ੍ਰਿਤਪਾਲ ਸਿੰਘ, ਜਤਿੰਦਰ ਸੋਨੀ, ਮਦਨ ਲਾਲ ਸੈਣੀ, ਨਰਿੰਦਰ ਸਿੰਘ ਗੋਲੀ ਵਲੋਂ ਜ਼ੋਰਦਾਰ ਮੰਗ ਕੀਤੀ ਗਈ ਕਿ ਪੰਜਾਬ ਸਰਕਾਰ ਆਪਣੇ ਕੀਤੇ ਵਾਅਦਿਆਂਅਤੇ ਹਾਈ ਕੋਰਟ ਦੇ ਫੈਸਲੇ ਅਨੁਸਾਰ ਰਹਿੰਦੇ 18 ਪ੍ਰਤੀਸ਼ਤ ਮਹਿੰਗਾਈ ਭੱਤੇ ਦੀਆਂ ਕਿਸ਼ਤਾਂ ਜਾਰੀ ਕਰਨ, ਪੈਨਸ਼ਨ ਦੁਹਰਾਈ 2.59 ਦੇ ਗੁਣਾਕ ਨਾਲ ਕਰਨ, ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਨ, ਅਨਰਿਵਾਈਜਡ ਕੈਟਾਗਰੀਆਂ ਦੀ ਤਨਖਾਹ 2.59 ਦੇ ਗੁਣਾਕ ਨਾਲ ਸੋਧਣ, ਹਰ ਤਰ੍ਹਾਂ ਦੇ ਕੱਚੇ ਮੁਲਾਜ਼ਮਾਂ ਨੂੰ ਪੱਕੇ ਕਰਨ, ਮਾਣ ਭੱਤਾ ਇਨਸੈਂਟਿਵ ਵਰਕਰਾਂ ਨੂੰ ਘੱਟੋ ਘੱਟ ਉਜਰਤਾਂ ਦੇ ਘੇਰੇ ਵਿੱਚ ਲਿਆਉਣ, ਤਨਖਾਹਾਂ ਸੋਧਣ ਦੇ ਨਾਂ 'ਤੇ ਪੇਂਡੂ ਭੱਤੇ ਸਮੇਤ ਕੱਟੇ ਗਏ ਸਮੁੱਚੇ ਭੱਤੇ ਬਹਾਲ ਕਰਨ, ਏਸੀਪੀ ਸਕੀਮ ਬਹਾਲ ਕਰਨ, ਮੁਲਾਜ਼ਮ ਵਿਰੋਧੀ ਨੋਟੀਫਕੇਸ਼ਨ 15.01.2015 ਦਾ ਮੁਢਲੀ ਤਨਖਾਹ 'ਤੇ ਨਿਯੁਕਤੀ ਦਾ ਪੱਤਰ, 17.07.2020 ਦਾ ਕੇਂਦਰੀ ਸਕੇਲ ਲਾਗੂ ਕਰਨ ਦੇ ਪੱਤਰ ਨੂੰ ਰੱਦ ਕਰਨ ਅਤੇ 12.06.2025 ਨੂੰ ਸੋਧੇ ਗਏ ਸਰਵਿਸ ਰੂਲਾਂ ਦੇ ਨੋਟੀਫਿਕੇਸ਼ਨ ਨੂੰ ਵਾਪਸ ਲੈ ਕੇ ਪੰਜਾਬ ਦੇ ਸਮੁੱਚੇ ਨਵੇਂ ਮੁਲਾਜ਼ਮਾਂ ਨੂੰ ਪੰਜਾਬ ਦੇ ਤਨਖਾਹ ਸਕੇਲ ਦੇਣ, ਪੰਜਾਬ ਦੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦਾ ਵਿਕਾਸ ਦੇ ਨਾਂ ਤੇ ਕੱਟਿਆ ਜਾ ਰਿਹਾ 200 ਰੁਪਏ ਪ੍ਰਤੀ ਮਹੀਨਾ ਜਜੀਆ ਟੈਕਸ ਵਾਪਸ ਕਰਨ, ਛੇਵੇਂ ਤਨਖਾਹ ਕਮਿਸ਼ਨ ਦੇ ਬਕਾਏ ਯਕਮੁਸ਼ਤ ਕਿਸ਼ਤ ਅਦਾ ਕਰਨ, ਪੰਜਵੇਂ ਤਨਖਾਹ ਕਮਿਸ਼ਨ ਦੀ ਸਿਫਾਰਿਸ਼ ਤੇ 2011 ਵਿੱਚ ਲਾਗੂ ਕੀਤੀ ਉਚੇਰੀ ਗ੍ਰੇਡ ਪੇ ਬਹਾਲ ਕਰਨ, ਮੁਲਾਜ਼ਮਾਂ ਤੇ ਪੈਨਸ਼ਨਰਾਂ ਦਾ ਬੱਝਵਾਂ ਮੈਡੀਕਲ ਭੱਤਾ 2000 ਰੁਪਏ ਪ੍ਰਤੀ ਮਹੀਨਾ ਕਰਨ, ਜਨਵਰੀ 2016 ਤੋਂ ਤਨਖਾਹ ਅਤੇ ਪੈਨਸ਼ਨ ਦੁਹਰਾਈ ਕਰਦੇ ਸਮੇਂ 125% ਮਹਿੰਗਾਈ ਭੱਤੇ ਨੂੰ ਆਧਾਰ ਬਣਾਉਣ, ਛੇਵੇਂ ਤਨਖਾਹ ਕਮਿਸ਼ਨ ਦੇ ਦੂਸਰੇ ਹਿੱਸੇ ਦੀ ਏ ਸੀ ਪੀ ਸਬੰਧੀ ਰਿਪੋਰਟ ਜਾਰੀ ਕਰਨ, ਪੰਜਾਬ ਦੇ ਸੱਤਵੇਂ ਤਨਖਾਹ ਕਮਿਸ਼ਨ ਦਾ ਤੁਰੰਤ ਗਠਨ ਕਰਨ, ਕੈਸ਼ਲੈਸ ਹੈਲਥ ਸਕੀਮ ਪੰਜਾਬ ਦੇ ਸਮੂਹ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਤੇ ਲਾਗੂ ਕਰਨ, ਪੰਜਾਬ ਦੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੂੰ ਡੈਥ ਕਮ ਰਿਟਾਇਰਮੈਂਟ ਗਰੈਚੁਟੀ ਕੇਂਦਰ ਦੀ ਤਰਜ ਤੇ 25 ਲੱਖ ਰੁਪਏ ਕਰਨ ਅਤੇ ਇਸ ਨੂੰ ਬੋਰਡਾਂ ਕਾਰਪੋਰੇਸ਼ਨਾਂ ਅਤੇ ਹੋਰ ਅਦਾਰਿਆਂ ਤੇ ਵੀ ਲਾਗੂ ਕਰਨ, ਅਦਾਲਤਾਂ ਵੱਲੋਂ ਮੁਲਾਜ਼ਮਾ ਤੇ ਪੈਨਸ਼ਨਰਾਂ ਦੇ ਹੱਕ ਵਿੱਚ ਦਿੱਤੇ ਗਏ ਫੈਸਲਿਆਂ ਨੂੰ ਜਨਰਲਾਈਜ਼ ਕਰਨ ਆਦਿ ਵਾਜਬ ਬਿਨਾ ਕਿਸੇ ਦੇਰੀ ਦੇ ਲਾਗੂ ਕਰੇ ।

ਜ਼ਿਲ੍ਹਾ ਮੈਜਿਸਟਰੇਟ ਵੱਲੋਂ ਸ਼ੋਰ ਪ੍ਰਦੂਸ਼ਨ ਦੀ ਰੋਕਥਾਮ ਲਈ ਹੁਕਮ ਜਾਰੀ, ਆਵਾਜ਼ੀ/ਸ਼ੋਰ ਪ੍ਰਦੂਸ਼ਨ 'ਤੇ ਰਹੇਗੀ ਪਾਬੰਦੀ

ਪੈ.ਗਾਮ-ਏ-ਜਗਤ
ਹੁਸ਼ਿਆਰਪੁਰ (ਦਲਜੀਤ ਅਜਨੋਹਾ)



ਜ਼ਿਲਾ ਮੈਜਿਸਟਰੇਟ-ਕਮ-ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਵਲੋਂ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ 2023 ਦੀ ਧਾਰਾ 163 ਅਧੀਨ ਪ੍ਰਾਪਤ ਅਧਿਕਾਰਾਂ ਤਹਿਤ ਜਾਰੀ ਹੁਕਮ ਅਨੁਸਾਰ ਜ਼ਿਲ੍ਹੇ ਵਿਚ ਕੋਈ ਵੀ ਆਵਾਜ਼ੀ ਪ੍ਰਦੂਸ਼ਣ/ਜ਼ਿਆਦਾ ਸ਼ੋਰ ਕਰਨ ਵਾਲੇ ਯੰਤਰਾਂ, ਸੰਗੀਤ ਵਾਲੇ ਅਤੇ ਕਿਸੇ ਤਰ੍ਹਾਂ ਦੇ ਆਵਾਜ਼ੀ ਪ੍ਰਦੂਸ਼ਣ, ਸ਼ੋਰ, ਧਮਕ ਪੈਦਾ ਕਰਨ ਕਰਨ 'ਤੇ ਪਾਬੰਦੀ ਰਹੇਗੀ।

ਇਹ ਪਾਬੰਦੀ ਕੇਵਲ ਰੰਗ ਪੈਦਾ ਕਰਨ ਵਾਲੇ ਪਟਾਖਿਆਂ ਅਤੇ ਫੁਲਝੜੀਆਂ 'ਤੇ ਲਾਗੂ ਨਹੀਂ ਹੋਵੇਗੀ। ਇਸੇ ਤਰ੍ਹਾਂ ਗੱਡੀਆਂ ਆਦਿ ਵਿੱਚ ਕਿਸੇ ਤਰ੍ਹਾਂ ਦੇ ਪ੍ਰੈਸ਼ਰ ਹਾਰਨ, ਵੱਖ-ਵੱਖ ਸੰਗੀਤ ਵਾਲੇ ਅਤੇ ਕਿਸੇ ਤਰ੍ਹਾਂ ਦਾ ਆਵਾਜ਼ੀ ਪ੍ਰਦੂਸ਼ਣ, ਸ਼ੋਰ, ਧਮਕ, ਜ਼ਿਆਦਾ ਆਵਾਜ਼ ਪੈਦਾ ਕਰਨ ਵਾਲੇ ਹਾਰਨ ਨੂੰ ਵਜਾਉਣ 'ਤੇ ਵੀ ਪੂਰਨ ਤੌਰ 'ਤੇ ਪਾਬੰਦੀ ਹੋਵੇਗੀ। ਸਿਰਫ ਸਰਕਾਰ ਵਲੋਂ ਨਿਰਧਾਰਤ ਕੀਤੇ ਗਏ ਹਾਰਨ ਜੋ ਆਵਾਜ਼ੀ ਪ੍ਰਦੂਸ਼ਣ ਤੋਂ ਰਹਿਤ ਹੋਣ, ਹੀ ਨਿਰਧਾਰਤ ਆਵਾਜ਼ ਵਿਚ ਵਜਾਏ ਜਾ ਸਕਦੇ ਹਨ।

ਇਸ ਤੋਂ ਇਲਾਵਾ ਕਿਸੇ ਵੀ ਗੈਰ ਸਰਕਾਰੀ ਇਮਾਰਤਾਂ, ਵਪਾਰਕ ਦੁਕਾਨਾਂ, ਜਨਤਕ ਥਾਵਾਂ, ਸਿਨੇਮਿਆਂ, ਮਾਲਜ਼, ਹੋਟਲ ਰੈਸਟੋਰੈਂਟ ਅਤੇ ਮੇਲਿਆਂ ਆਦਿ ਵਿਚ ਉੱਚੀ ਆਵਾਜ਼ ਅਤੇ ਧਮਕ ਪੈਦਾ ਕਰਨ ਵਾਲੇ ਮਿਊਜ਼ਿਕ ਅਤੇ ਅਸ਼ਲੀਲ ਗੀਤ ਚਲਾਏ ਜਾਣ 'ਤੇ ਪੂਰਨ ਤੌਰ 'ਤੇ ਪਾਬੰਦੀ ਹੈ। ਸਾਇਲੈਂਸ ਜ਼ੋਨ ਜਿਵੇਂ ਕਿ ਮੰਤਰਾਲਾ, ਜੰਗਲਾਤ, ਹਸਪਤਾਲਾਂ, ਵਿਦਿਅਕ ਸੰਸਥਾਵਾਂ, ਅਦਾਲਤਾਂ, ਧਾਰਮਿਕ ਸੰਸਥਾਵਾਂ ਜਾਂ ਕੋਈ ਇਲਾਕਾ ਜਿਹੜਾ ਕਿ ਸਮਰੱਥ ਅਧਿਕਾਰੀ ਵਲੋਂ ਸਾਇਲੈਂਸ ਜੋਨ ਐਲਾਨਿਆ ਗਿਆ ਹੋਵੇ, ਦੇ 100 ਮੀਟਰ ਦੇ ਘੇਰੇ ਅੰਦਰ ਆਤਿਸ਼ਬਾਜ਼ੀ/ ਪਟਾਖਿਆਂ/ਲਾਊਡ ਸਪੀਕਰਾਂ/ਪ੍ਰੈਸ਼ਰ ਹਾਰਨਾਂ ਅਤੇ ਸ਼ੋਰ ਪੈਦਾ ਕਰਨ ਵਾਲੇ ਯੰਤਰਾਂ ਦੇ ਚਲਾਉਣ/ ਲਗਾਉਣ 'ਤੇ ਪੂਰਨ ਪਾਬੰਦੀ ਹੋਵੇਗੀ। ਇਸੇ ਤਰ੍ਹਾਂ ਖਾਸ ਹਾਲਤਾਂ ਅਤੇ ਮੌਕਿਆਂ ਸਮੇਂ ਪ੍ਰਬੰਧਕ, ਧਾਰਮਿਕ ਸਥਾਨਾਂ/ ਪੰਡਾਲਾਂ ਵਿਚ ਲਾਊਡ ਸਪੀਕਰ ਅਤੇ ਅਧਿਕਾਰਤ ਮੈਰਿਜ ਪੈਲਸਾਂ ਵਿਚ ਡੀ ਜੇ/ ਆਰਕੈਸਟਰਾ, ਸਬੰਧਤ ਉਪ ਮੰਡਲ ਮੈਜਿਸਟਰੇਟ ਪਾਸੋਂ ਪੰਜਾਬ ਇੰਸਟਰੂਮੈਂਟਸ (ਕੰਟਰੋਲ ਆਫ ਨੋਆਇਸ) ਐਕਟ 1956 ਵਿਚ ਦਰਜ ਸ਼ਰਤਾਂ ਸਹਿਤ ਲਿਖਤੀ ਪ੍ਰਵਾਨਗੀ ਤੋਂ ਬਿਨਾਂ ਨਹੀਂ ਚਲਾਉਣਗੇ। ਜਾਰੀ ਹੁਕਮ ਅਨੁਸਾਰ ਸਬੰਧਤ ਉਪ ਮੰਡਲ ਮੈਜਿਸਟਰੇਟ ਪਾਸੋਂ ਲੋੜੀਂਦੀ ਪ੍ਰਵਾਨਗੀ ਲੈਣ ਦੇ ਬਾਵਜੂਦ ਵੀ ਮਾਨਯੋਗ ਸੁਪਰੀਮ ਕੋਰਟ ਆਫ਼ ਇੰਡੀਆ ਵੱਲੋਂ ਜਾਰੀ ਦਿਸ਼ਾ-ਨਿਰਦੇਸ਼ਾਂ ਅਨੁਸਾਰ ਕਿਸੇ ਵਲੋਂ ਵੀ ਕਿਸੇ ਵੀ ਥਾਂ 'ਤੇ ਚਲਾਏ ਜਾ ਰਹੇ ਲਾਊਡ ਸਪੀਕਰਾਂ/ਡੀ ਜੇ/ਸੰਗੀਤਕ ਯੰਤਰ/ਐਡਰੈਸ ਸਿਸਟਮ ਆਦਿ ਦੀ ਆਵਾਜ਼ ਸੀਮਾ ਸਬੰਧਤ ਜਗ?ਹਾ ਦੇ ਆਵਾਜ਼ੀ ਸਟੈਂਡਰਡ ਸੀਮਾ ਨਿਸ਼ਚਿਤ ਕੀਤੀ ਗਈ ਹੈ, ਜਿਸ ਤਹਿਤ ਉਦਯੋਗਿਕ ਅਦਾਰਿਆਂ ਵਿੱਚ ਦਿਨ ਵੇਲੇ 75 ਡੀ ਬੀ (ਏ) ਅਤੇ ਰਾਤ ਸਮੇਂ 70 ਡੀ ਬੀ (ਏ), ਕਮਰਸ਼ੀਅਲ ਏਰੀਏ ਵਿੱਚ ਦਿਨ ਵੇਲੇ 65 ਅਤੇ ਰਾਤ ਸਮੇਂ 55, ਰਿਹਾਇਸ਼ੀ ਏਰੀਏ ਵਿੱਚ ਦਿਨ ਵੇਲੇ 55 ਅਤੇ ਰਾਤ ਸਮੇਂ 45 ਅਤੇ ਸਾਈਲੈਂਸ ਜ਼ੋਨ ਵਿੱਚ ਦਿਨ ਵੇਲੇ 50 ਡੀ ਬੀ (ਏ) ਅਤੇ ਰਾਤ ਸਮੇਂ 40 ਡੀ ਬੀ (ਏ) ਤੋਂ ਵੱਧ ਨਹੀਂ ਹੋਵੇਗੀ। ਇਸ ਪਾਬੰਦੀ ਦਾ ਦਿਨ ਦੇ ਸਮੇਂ ਦਾ ਮਤਲਬ ਸਵੇਰੇ 6-00 ਵਜੇ ਤੋਂ ਰਾਤ 10-00 ਵਜੇ ਤੱਕ ਹੈ। ਇਹ ਹੁਕਮ ਸਰਕਾਰੀ ਮਸ਼ੀਨਰੀ ਅਤੇ ਐਮਰਜੈਂਸੀ ਦੀ ਸਥਿਤੀ ਵਿਚ ਲਾਗੂ ਨਹੀਂ ਹੋਵੇਗਾ। ਇਹ ਹੁਕਮ 7 ਨਵੰਬਰ, 2026 ਤੱਕ ਲਾਗੂ ਰਹੇਗਾ

ਨਸ਼ਿਆਂ ਖ਼ਿਲਾਫ਼ ਪੰਜਾਬ ਸਰਕਾਰ ਦੀ ਜੰਗ ਜਾਰੀ: ਬ੍ਰਹਮ ਸ਼ੰਕਰ ਜਿੰਪਾ

ਵਿਧਾਇਕ ਨੇ ਸਿਵਲ ਹਸਪਤਾਲ ਹੁਸ਼ਿਆਰਪੁਰ 'ਚ ਮੈਥਾਡੋਨ ਮੇਨਟੇਨੈਂਸ ਥੈਰੇਪੀ ਕਲੀਨਿਕ ਦੀ ਕਰਵਾਈ ਸ਼ੁਰੂਆਤ

ਪੈ.ਗਾਮ-ਏ-ਜਗਤ
ਹੁਸ਼ਿਆਰਪੁਰ (ਦਲਜੀਤ ਅਜਨੋਹਾ)



ਵਿਧਾਇਕ ਬ੍ਰਹਮ ਸ਼ੰਕਰ ਜਿੰਪਾ ਨੇ ਕਿਹਾ ਕਿ ਪੰਜਾਬ ਨੂੰ ਨਸ਼ਾ ਮੁਕਤ ਬਣਾਉਣ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਪੂਰੀ ਵਚਨਬੱਧਤਾ ਨਾਲ ਕੰਮ ਕਰ ਰਹੀ ਹੈ। ਨਸ਼ਿਆਂ ਖ਼ਿਲਾਫ਼ ਸ਼ੁਰੂ ਕੀਤੇ ਗਈ 'ਯੁੱਧ ਨਸ਼ਿਆਂ ਦੇ ਵਿਰੁੱਧ' ਮੁਹਿੰਮ ਨੂੰ ਲੋਕ ਲਹਿਰ ਵਿੱਚ ਬਦਲਦਿਆਂ ਸਰਕਾਰ ਨਸ਼ਿਆਂ ਦੀ ਰੋਕਥਾਮ ਦੇ ਨਾਲ-ਨਾਲ ਨਸ਼ਾ ਪੀੜਤਾਂ ਦੇ ਇਲਾਜ ਅਤੇ ਮੁੜਵਸੇਬੇ ਵੱਲ ਵੀ ਵਿਸ਼ੇਸ਼ ਧਿਆਨ ਦੇ ਰਹੀ ਹੈ। ਉਹ ਅੱਜ ਸਿਵਲ ਹਸਪਤਾਲ ਵਿੱਚ ਜ਼ਿਲ੍ਹਾ ਨਸ਼ਾ ਛੁਡਾਊ ਅਤੇ ਮੁੜਵਸੇਬਾ ਸੁਸਾਇਟੀ ਵੱਲੋਂ 'ਯੁੱਧ ਨਸ਼ਿਆਂ ਦੇ ਵਿਰੁੱਧ' ਮੁਹਿੰਮ ਤਹਿਤ ਸਥਾਪਿਤ ਕੀਤੀ ਗਈ ਮੈਥਾਡੋਨ ਮੇਨਟੇਨੈਂਸ ਥੈਰੇਪੀ ਕਲੀਨਿਕ ਦਾ ਉਦਘਾਟਨ ਕਰਨ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰ ਰਹੇ ਸਨ। ਉਨ੍ਹਾਂ ਕਿਹਾ ਕਿ ਇਹ ਕਲੀਨਿਕ ਨਸ਼ਾ ਮੁਕਤੀ ਇਲਾਜ ਸੇਵਾਵਾਂ ਨੂੰ ਮਜ਼ਬੂਤ ਕਰਨ ਵੱਲ ਇੱਕ ਮਹੱਤਵਪੂਰਨ ਕਦਮ ਹੈ।

ਵਿਧਾਇਕ ਜਿੰਪਾ ਨੇ ਕਿਹਾ ਕਿ ਨਸ਼ਾ ਇੱਕ ਗੰਭੀਰ ਸਮਾਜਿਕ ਸਮੱਸਿਆ ਹੈ, ਜਿਸ ਨਾਲ ਨਜਿੱਠਣ ਲਈ ਇਲਾਜ, ਪੁਨਰਵਾਸ ਅਤੇ ਜਾਗਰੂਕਤਾ ਨੂੰ ਨਾਲ ਲੈ ਕੇ ਚੱਲਣਾ ਜ਼ਰੂਰੀ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਨਸ਼ਿਆਂ ਖ਼?ਲਾਫ਼ ਇਸ ਮੁਹਿੰਮ ਵਿੱਚ ਸਹਿਯੋਗ ਕਰਨ ਅਤੇ ਨਸ਼ੇ ਦੀ ਸਮੱਸਿਆ ਨਾਲ ਜੂਝ ਰਹੇ ਲੋਕਾਂ ਨੂੰ ਇਲਾਜ ਅਤੇ ਮੁੜਵਸੇਬਾ ਸੇਵਾਵਾਂ ਦਾ ਲਾਭ ਲੈਣ ਲਈ ਪ੍ਰੇਰਿਤ ਕਰਨ।

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨਸ਼ਾ ਮੁਕਤ ਪੰਜਾਬ ਦੇ ਨਿਰਮਾਣ ਲਈ ਪੂਰੀ ਗੰਭੀਰਤਾ ਨਾਲ ਯਤਨਸ਼ੀਲ ਹੈ ਅਤੇ ਇਸ ਦਿਸ਼ਾ ਵਿੱਚ ਸਿਹਤ ਸੇਵਾਵਾਂ ਅਤੇ ਮੁੜਵਸੇਬਾ ਸਹੂਲਤਾਂ ਦਾ ਲਗਾਤਾਰ ਵਿਸਥਾਰ ਕੀਤਾ ਜਾ ਰਿਹਾ ਹੈ।

ਵਿਧਾਇਕ ਬ੍ਰਮ ਸ਼ੰਕਰ ਜਿੰਪਾ ਨੇ ਕਿਹਾ ਕਿ ਨਸ਼ਿਆਂ ਖ਼ਿਲਾਫ਼ ਲੜਾਈ ਸਿਰਫ਼ ਸਰਕਾਰੀ ਯਤਨਾਂ ਤੱਕ ਸੀਮਿਤ ਨਹੀਂ ਰਹਿਣੀ ਚਾਹੀਦੀ, ਸਗੋਂ ਇਸ ਵਿੱਚ ਸਮਾਜ ਦੇ ਹਰ ਵਰਗ ਦੀ ਸਰਗਰਮ ਭਾਗੀਦਾਰੀ ਜ਼ਰੂਰੀ ਹੈ। ਪੰਜਾਬ ਸਰਕਾਰ ਦਾ ਉਦੇਸ਼ ਨਸ਼ਿਆਂ ਦੀ ਗ੍ਰਿਫ਼ਤ ਵਿੱਚ ਆਏ ਲੋਕਾਂ ਨੂੰ ਬਿਹਤਰ ਇਲਾਜ ਮੁਹੱਈਆ ਕਰਵਾ ਕੇ ਉਨ੍ਹਾਂ ਨੂੰ ਆਮ ਜੀਵਨ ਵੱਲ ਵਾਪਸ ਲਿਆਉਣਾ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਮਜ਼ਬੂਤ ਬਣਾਉਣਾ ਹੈ। ਇਸ ਮੌਕੇ ਮੇਅਰ ਪ੍ਰਵੀਣ ਸੈਣੀ, ਸੀਨੀਅਰ ਡਿਪਟੀ ਮੇਅਰ ਸੁਰਿੰਦਰ ਕੁਮਾਰ, ਸਤਵੰਤ ਸਿੰਘ ਸਿਆਣ, ਡਿਪਟੀ ਮੈਡੀਕਲ ਕਮਿਸ਼ਨਰ ਡਾ. ਸਵਾਤੀ ਸ਼ੀਮਾਰ, ਐਸ.ਐਮ.ਓ. ਸਿਵਲ ਹਸਪਤਾਲ ਡਾ. ਨਵਜੋਤ ਸਿੰਘ, ਐਸ.ਐਮ.ਓ. ਡਾ. ਨੇਹਾ ਪਾਲ, ਸਾਈਕਿਆਟ੍ਰਿਸਟ ਡਾ. ਰਾਜ ਕੁਮਾਰ, ਡਾ. ਹਰਪ੍ਰੀਤ ਸੋਢੀ, ਸਾਈਕੋਲੋਜਿਸਟ ਤਜਿੰਦਰ ਕੌਰ, ਕਾਊਂਸਲਰ ਪ੍ਰਸ਼ਾਂਤ ਆਦੀਆ, ਪਰਵੇਸ਼, ਰਾਮਦੇਈ ਅਤੇ ਕਿਰਨ ਬਾਲਾ ਵੀ ਮੌਜੂਦ ਸਨ।

ਕਾਂਗਰਸੀ ਵਰਕਰਾਂ ਨੇ ਐਡਵੋਕੇਟ ਪੰਕਜ ਕ੍ਰਿਪਾਲ ਮੈਂਬਰ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੀ ਅਗਵਾਈ ਹੇਠ ਨੰਗਲ ਰੋਡ ਤੇ ਟ੍ਰੈਫਿਕ ਜਾਮ ਕਰ ਕੇ ਰੋਸ ਪ੍ਰਦਰਸ਼ਨ ਕੀਤਾ

ਪੈ.ਗਾਮ-ਏ-ਜਗਤ
ਹੁਸ਼ਿਆਰਪੁਰ (ਦਲਜੀਤ ਅਜਨੋਹਾ)



ਮੁਖਮੰਤਰੀ ਨੂੰ ਕਾਲਾ ਝੰਡਾ ਦਿਖਾਉਣ ਤੇ ਆਪ ਸਰਕਾਰ ਵਲੋਂ ਮੋਹਨਜੀਤ ਨਾਲ ਕੀਤੀ ਗੁੰਡਾਗਰਦੀ ਅਤੇ ਮੰਤਰੀ ਹਰਪਾਲ ਚੀਮਾ ਦੇ ਡਰ ਕਾਰਨ ਗੁਲਜ਼ਾਰ ਸਿੰਘ ਵਲੋਂ ਕੀਤੀ ਆਤਮਹੱਤਿਆ ਦੇ ਵਿਰੋਧ ਵਿੱਚ ਅੱਜ ਕਾਂਗਰਸੀ ਵਰਕਰਾਂ ਨੇ ਐਡਵੋਕੇਟ ਪੰਕਜ ਕ੍ਰਿਪਾਲ ਮੈਂਬਰ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੀ ਅਗਵਾਈ ਹੇਠ ਨੰਗਲ ਰੋਡ ਤੇ ਟ੍ਰੈਫਿਕ ਜਾਮ ਕਰ ਕੇ ਰੋਸ ਪ੍ਰਦਰਸ਼ਨ ਕੀਤਾ।

ਇਸ ਮੌਕੇ ਐਡਵੋਕੇਟ ਪੰਕਜ ਕ੍ਰਿਪਾਲ ਨੇ ਕਿਹਾ ਕਿ ਆਪ ਸਰਕਾਰ ਦੇ ਰਾਜ ਵਿੱਚ ਗੈਂਗਸਟਰਵਾਦ ਅਤੇ ਗੁੰਡਾਗਰਦੀ ਚਰਮ ਸੀਮਾ ਤੇ ਹੈ। ਉਨ੍ਹਾਂ ਕਿਹਾ ਕਿ ਮੁਖਮੰਤਰੀ ਨੂੰ ਕਾਲਾ ਝੰਡਾ ਦਿਖਾਉਣ ਤੇ ਆਪ ਸਰਕਾਰ ਵਲੋਂ ਮੋਹਨਜੀਤ ਨਾਲ ਕੀਤੀ ਗੁੰਡਾਗਰਦੀ, ਮੰਤਰੀ ਹਰਪਾਲ ਚੀਮਾ ਦੇ ਡਰ ਕਾਰਨ ਗੁਲਜ਼ਾਰ ਸਿੰਘ ਵਲੋਂ ਕੀਤੀ ਆਤਮਹੱਤਿਆ, ਡਿਪਟੀ ਸਪੀਕਰ ਜੈ ਕਿਸ਼ਨ ਰੋੜੀ ਵਲੋਂ ਅਕਾਲਗੜ੍ਹ ਦੇ ਨੌਜਵਾਨ ਨਾਲ ਕੀਤੀ ਧੱਕੇਸ਼ਾਹੀ ਨੇ ਝਾੜੂ ਸਰਕਾਰ ਦੀ ਗੁੰਡਾਗਰਦੀ ਬੇਨਕਾਬ ਕਰ ਦਿੱਤੀ ਹੈ।

ਉਨ੍ਹਾਂ ਕਿਹਾ ਕਿ ਕਾਂਗਰਸੀ ਵਰਕਰ ਝਾੜੂ ਸਰਕਾਰ ਤੋਂ ਨਾਂ ਤਾਂ ਡਰਦੇ ਹਨ ਅਤੇ ਨਾਂ ਹੀ ਡਰਨਗੇ। ਉਨ੍ਹਾਂ ਕਿਹਾ ਕਿ ਕਾਂਗਰਸੀ ਵਰਕਰ ਝਾੜੂ ਸਰਕਾਰ ਦੀ ਗੁੰਡਾਗਰਦੀ ਦਾ ਮੂੰਹ ਤੋੜ ਜਵਾਬ ਦੇਣਗੇ। ਉਨ੍ਹਾਂ ਕਿਹਾ ਕਿ ਪੰਜਾਬ ਦੀ ਜਨਤਾ ਆਉਣ ਵਾਲੀਆਂ ਚੋਣਾਂ ਵਿੱਚ ਝਾੜੂ ਵਾਲਿਆਂ ਨੂੰ ਮੂੰਹ ਤੋੜ ਜਵਾਬ ਦੇਣਗੇ।

ਰਾਯਤ ਬਾਹਰਾ ਪ੍ਰੋਫੈਸ਼ਨਲ ਯੂਨੀਵਰਸਿਟੀ ਵਿਖੇ 'ਵਿਕਸਿਤ ਭਾਰਤ ਯੰਗ ਲੀਡਰਜ਼ ਡਾਇਲਾਗ 2027' ਤਹਿਤ ਮੈਗਾ ਮੁਹਿੰਮ ਦਾ ਆਯੋਜਨ

ਪੈ.ਗਾਮ-ਏ-ਜਗਤ
ਹੁਸ਼ਿਆਰਪੁਰ/ਦਲਜੀਤ ਅਜਨੋਹਾ




ਹੁਸ਼ਿਆਰਪੁਰ ਰਿਆਤ ਬਾਹਰਾ ਪ੍ਰੋਫੈਸ਼ਨਲ ਯੂਨੀਵਰਸਿਟੀ ਹੁਸ਼ਿਆਰਪੁਰ, ਆਈ.ਕੇ. ਗੁਜਰਾਲ ਪੰਜਾਬ ਟੈਕਨੀਕਲ ਯੂਨੀਵਰਸਿਟੀ ਅਤੇ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੇ ਐਨ.ਐਸ.ਐਸ. ਅਤੇ ਹੋਰ ਵਿਦਿਆਰਥੀਆਂ ਲਈ ਵਿਕਸਿਤ ਭਾਰਤ ਯੰਗ ਲੀਡਰਜ਼ ਡਾਇਲਾਗ- 2027 ਮੈਗਾ ਪਾਰਟੀਸਿਪੇਸ਼ਨ ਡਰਾਈਵ ਤਹਿਤ ਜਾਗਰੂਕਤਾ ਸੈਸ਼ਨ ਕਰਵਾਇਆ ਗਿਆ।

ਇਸ ਪ੍ਰੋਗਰਾਮ ਵਿੱਚ ਭਾਰਤ ਸਰਕਾਰ ਦੇ ਯੁਵਾ ਮਾਮਲੇ ਅਤੇ ਖੇਡ ਮੰਤਰਾਲੇ ਅਧੀਨ ਖੇਤਰੀ ਐਨ.ਐਸ.ਐਸ. ਡਾਇਰੈਕਟੋਰੇਟ ਚੰਡੀਗੜ੍ਹ ਤੋਂ ਯੰਗ ਪ੍ਰੋਫੈਸ਼ਨਲ ਸ਼੍ਰੀ ਅੰਕੁਸ਼ ਨਿਸ਼ਾਵਨ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਉਨ੍ਹਾਂ ਵਿਦਿਆਰਥੀਆਂ ਨੂੰ 'ਮਾਈ ਭਾਰਤ' ਪੋਰਟਲ 'ਤੇ ਕਰਵਾਈ ਜਾ ਰਹੀ ਰਾਸ਼ਟਰੀ ਪੱਧਰ ਦੀ ਕੁਇਜ਼ ਪ੍ਰਤੀਯੋਗਤਾ ਬਾਰੇ ਜਾਣਕਾਰੀ ਦਿੱਤੀ। ਸ਼੍ਰੀ ਨਿਸ਼ਾਵਨ ਨੇ ਪੋਰਟਲ 'ਤੇ ਰਜਿਸਟ੍ਰੇਸ਼ਨ, ਯੂਜ਼ਰ ਟਾਈਪ ਵਜੋਂ 'ਐਨ.ਐਸ.ਐਸ.' ਦੀ ਚੋਣ, ਰੈਫਰਲ ਕੋਡ ਦੀ ਵਰਤੋਂ ਅਤੇ ਕੁਇਜ਼ ਵਿੱਚ ਹਿੱਸਾ ਲੈਣ ਦੀ ਪੂਰੀ ਪ੍ਰਕਿਰਿਆ ਵਿਸਥਾਰਪੂਰਵਕ ਸਮਝਾਈ। ਉਨ੍ਹਾਂ ਵਿਦਿਆਰਥੀਆਂ ਨੂੰ ਪ੍ਰੇਰਿਤ ਕਰਦਿਆਂ ਕਿਹਾ ਕਿ ਦੇਸ਼ ਦੀ ਤਰੱਕੀ ਨੌਜਵਾਨਾਂ ਦੀ ਸਰਗਰਮ ਭਾਗੀਦਾਰੀ 'ਤੇ ਨਿਰਭਰ ਕਰਦੀ ਹੈ। ਇਹ ਸਮਾਗਮ ਰਿਆਤ ਬਾਹਰਾ ਪ੍ਰੋਫੈਸ਼ਨਲ ਯੂਨੀਵਰਸਿਟੀ ਦੇ ਉਪ-ਕੁਲਪਤੀ ਪ੍ਰੋ. (ਡਾ.) ਚੰਦਰਮੋਹਨ ਅਤੇ ਐਨ.ਐਸ.ਐਸ. ਕੋਆਰਡੀਨੇਟਰ ਡਾ. ਪੱਲਵੀ ਪੰਡਿਤ ਦੀ ਅਗਵਾਈ ਹੇਠ ਕਰਵਾਇਆ ਗਿਆ। ਉਨ੍ਹਾਂ ਵਿਦਿਆਰਥੀਆਂ ਨੂੰ "ਸੁਚੇਤ ਰਹੋ, ਉਤਸੁਕ ਬਣੋ, ਜਾਣਕਾਰੀ ਰੱਖੋ ਅਤੇ ਭਾਗ ਲੈਣ ਲਈ ਤਿਆਰ ਰਹੋ"ਦਾ ਸੰਦੇਸ਼ ਦਿੰਦਿਆਂ ਰਾਸ਼ਟਰੀ ਮੁਹਿੰਮਾਂ ਵਿੱਚ ਵੱਧ-ਚੜ੍ਹ ਕੇ ਯੋਗਦਾਨ ਪਾਉਣ ਲਈ ਉਤਸ਼ਾਹਿਤ ਕੀਤਾ।

ਮੁਹਾਲੀ ਦੀਆਂ ਟੁੱਟੀਆਂ ਸੜਕਾਂ ਨੇ ਵਿਕਾਸ ਦੇ ਦਾਅਵਿਆਂ ਤੇ ਖੜ੍ਹੇ ਕੀਤੇ ਸਵਾਲ : ਕੁਲਜੀਤ ਬੇਦੀ

ਐਸ.ਏ.ਐਸ. ਨਗਰ, 11 ਸਤੰਬਰ
(ਪੈ.ਗਾਮ-ਏ-ਜਗਤ)



ਮੁਹਾਲੀ ਨਗਰ ਨਿਗਮ ਦੇ ਸਾਬਕਾ ਡਿਪਟੀ ਮੇਅਰ ਕੁਲਜੀਤ ਸਿੰਘ ਬੇਦੀ ਨੇ ਮੰਗ ਕੀਤੀ ਹੈ ਕਿ ਸਰਦੀ ਸ਼ੁਰੂ ਹੋਣ ਤੋਂ ਪਹਿਲਾਂ ਸ਼ਹਿਰ ਦੀਆਂ ਸਾਰੀਆਂ ਟੁੱਟੀਆਂ ਸੜਕਾਂ ਦੀ ਮੁਰੰਮਤ ਕਰਵਾਈ ਜਾਵੇ। ਸ਼ਹਿਰ ਦੀਆਂ ਖ਼ਰਾਬ ਹੋ ਚੁੱਕੀਆਂ ਸੜਕਾਂ ਨੂੰ ਲੈ ਕੇ ਪੰਜਾਬ ਸਰਕਾਰ, ਗਮਾਡਾ ਅਤੇ ਨਗਰ ਨਿਗਮ ਤੇ ਸਵਾਲ ਖੜ੍ਹੇ ਕਰਦਿਆਂ ਸ੍ਰ. ਬੇਦੀ ਨੇ ਕਿਹਾ ਕਿ ਮੁਹਾਲੀ ਨੂੰ ਇੱਕ ਆਧੁਨਿਕ

- **ਸਾਬਕਾ ਡਿਪਟੀ ਮੇਅਰ ਵਲੋਂ ਸਰਦੀ ਤੋਂ ਪਹਿਲਾਂ ਸਾਰੀਆਂ ਖ਼ਰਾਬ ਸੜਕਾਂ ਦੀ ਮੁਰੰਮਤ ਕਰਵਾਉਣ ਦੀ ਮੰਗ**

ਅਤੇ ਸੁਚੱਜੇ ਇਨਫਰਾਸਟਰਕਚਰ ਵਾਲੇ ਸ਼ਹਿਰ ਵਜੋਂ ਵਿਕਸਤ ਕਰਨ ਦੇ ਸੁਪਨੇ ਲੋਕਾਂ ਨੇ ਦੇਖੇ ਸਨ, ਪਰ ਅੱਜ ਸ਼ਹਿਰ ਦੀਆਂ ਸੜਕਾਂ ਦੀ ਹਾਲਤ ਉਨ੍ਹਾਂ ਉਮੀਦਾਂ ਦੇ ਉਲਟ ਨਜ਼ਰ ਆ ਰਹੀ ਹੈ।

ਉਨ੍ਹਾਂ ਕਿਹਾ ਕਿ ਫੇਜ਼-3ਬੀ2, ਬਲੌਂਗੀ, ਟੀ ਡੀ ਆਈ, ਸੈਂਟਰਲ ਮੁਹਾਲੀ, ਫੇਜ਼-5, ਫੇਜ਼ 7 ਅਤੇ ਹੋਰਨਾਂ ਸੈਕਟਰਾਂ ਤੇ ਫੇਜ਼ਾਂ ਵਿੱਚ ਕਈ ਥਾਵਾਂ ਤੇ ਸੜਕਾਂ ਤੇ ਵੱਡੇ-ਵੱਡੇ ਟੋਏ ਪਏ ਹੋਏ ਹਨ, ਜਿਸ ਕਾਰਨ ਆਵਾਜਾਈ ਪ੍ਰਭਾਵਿਤ ਹੋ ਰਹੀ ਹੈ।

ਉਨ੍ਹਾਂ ਕਿਹਾ ਕਿ ਜਿਨ੍ਹਾਂ ਸੜਕਾਂ ਦੀ ਜ਼ਿੰਮੇਵਾਰੀ ਨਗਰ ਨਿਗਮ ਅਧੀਨ ਆਉਂਦੀ ਹੈ, ਉਨ੍ਹਾਂ ਦੀ ਹਾਲਤ ਵੀ ਬੇਹੱਦ ਚਿੰਤਾਜਨਕ ਹੈ। ਫੇਜ਼-5 ਮਾਰਕੀਟ ਦੇ ਪਿਛਲੇ ਪਾਸੇ ਅਤੇ ਫੇਜ਼-3ਬੀ 2 ਮਾਰਕੀਟ ਦੇ ਪਿਛਲੇ ਪਾਸੇ ਸਮੇਤ ਕਈ ਇਲਾਕਿਆਂ ਵਿੱਚ ਸੜਕਾਂ ਟੁੱਟੀਆਂ ਹੋਈਆਂ ਹਨ। ਸ੍ਰ. ਬੇਦੀ ਨੇ ਕਿਹਾ ਕਿ ਮੁਹਾਲੀ ਦੇ ਲੋਕ ਆਪਣੇ ਰੋਜ਼ਾਨਾ ਦੇ ਕੰਮਾਂ ਲਈ ਘਰਾਂ ਤੋਂ ਬਾਹਰ ਨਿਕਲਦੇ ਹਨ। ਬੱਚਿਆਂ, ਬਜ਼ੁਰਗਾਂ ਅਤੇ ਔਰਤਾਂ ਸਮੇਤ ਹਰ ਵਰਗ ਨੂੰ ਇਨ੍ਹਾਂ ਖ਼ਰਾਬ ਸੜਕਾਂ ਕਾਰਨ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਉਨ੍ਹਾਂ ਕਿਹਾ ਕਿ ਟੋਇਆਂ ਅਤੇ ਧੂੜ-ਮਿੱਟੀ ਕਾਰਨ ਦੋਪਹੀਆ ਵਾਹਨ ਚਾਲਕਾਂ ਅਤੇ ਹੋਰ ਵਾਹਨ ਚਾਲਕਾਂ ਨੂੰ ਵੀ ਪ੍ਰੇਸ਼ਾਨੀ ਹੋ ਰਹੀ ਹੈ। ਉਹਨਾਂ ਕਿਹਾ ਕਿ ਇੱਕ ਪਾਸੇ ਮੁਹਾਲੀ ਤੋਂ ਵੱਡੇ ਪੱਧਰ ਤੇ ਕਮਾਈ ਕੀਤੀ ਜਾ ਰਹੀ ਹੈ ਅਤੇ ਦੂਜੇ ਪਾਸੇ ਲੋਕਾਂ ਨੂੰ ਬੁਨਿਆਦੀ ਸਹੂਲਤਾਂ ਲਈ ਸੰਘਰਸ਼ ਕਰਨਾ ਪੈ ਰਿਹਾ ਹੈ। ਉਨ੍ਹਾਂ ਕਿਹਾ ਕਿ ਜਦੋਂ ਲੋਕ ਗਮਾਡਾ ਜਾਂ ਨਗਰ ਨਿਗਮ ਕੋਲ ਆਪਣੀਆਂ ਸਮੱਸਿਆਵਾਂ ਲੈ ਕੇ ਜਾਂਦੇ ਹਨ ਤਾਂ ਉਨ੍ਹਾਂ ਨੂੰ ਤਸੱਲੀਬਖ਼ਸ਼ ਹੱਲ ਨਹੀਂ ਮਿਲਦਾ। ਉਹਨਾਂ ਕਿਹਾ ਕਿ ਗਮਾਡਾ ਨੇ ਪਿਛਲੇ ਦਿਨੀਂ ਮੁਹਾਲੀ ਦੀ ਜ਼ਮੀਨ ਵੇਚ ਕੇ ਕਰੋੜਾਂ ਅਰਬਾਂ ਰੁਪਏ ਕਮਾਏ ਹਨ ਅਤੇ ਜੇਕਰ ਉਹਨਾਂ ਵਿੱਚੋਂ ਹੀ ਕੁਝ ਰੁਪਏ ਮੁਹਾਲੀ ਦੇ ਬੁਨਿਆਦੀ ਢਾਂਚੇ ਦੀ ਸੁਧਾਰ ਵਿੱਚ ਖਰਚ ਕੀਤੇ ਜਾਣ ਤਾਂ ਮੁਹਾਲੀ ਦੀ ਕਾਇਆ ਪਲਟ ਹੋ ਸਕਦੀ ਹੈ। ਪਰ ਨਾ ਤਾਂ ਸਰਕਾਰ ਇਸ ਪਾਸੇ ਧਿਆਨ ਦੇ ਰਹੀ ਹੈ ਅਤੇ ਨਾ ਹੀ ਇੱਥੋਂ ਦੇ ਨੁਮਾਇੰਦੇ ਇਸ ਸੰਬੰਧੀ ਕੁੱਝ ਕਰ ਰਹੇ ਹਨ। ਉਹਨਾਂ ਮੰਗ ਕੀਤੀ ਕਿ ਮੁਹਾਲੀ ਦੇ ਬੁਨਿਆਦੀ ਢਾਂਚੇ ਦੇ ਸੁਧਾਰ ਵੱਲ ਤੁਰੰਤ ਧਿਆਨ ਦਿੱਤਾ ਜਾਵੇ ਅਤੇ ਸਰਦੀ ਤੋਂ ਪਹਿਲਾਂ ਸਾਰੀਆਂ ਖ਼ਰਾਬ ਸੜਕਾਂ ਤੇ ਪ੍ਰੀਮਿਕਸ ਪਾ ਕੇ ਉਨ੍ਹਾਂ ਦੀ ਮੁਰੰਮਤ ਕਰਵਾਈ ਜਾਵੇ।

ਸੀਨੀਅਰ ਸਿਟੀਜ਼ਨਾਂ ਨੂੰ ਤੰਦਰੁਸਤ ਰਹਿਣ ਲਈ ਯੋਗਾ ਦੀ ਸਿਖਲਾਈ ਦਿੱਤੀ

ਐਸ ਏ ਐਸ ਨਗਰ, 11 ਸਤੰਬਰ
(ਪੈ.ਗਾਮ-ਏ-ਜਗਤ)

ਸੀਨੀਅਰ ਸਿਟੀਜ਼ਨਾਂ ਨੂੰ ਸਰੀਰਕ ਅਤੇ ਮਾਨਸਿਕ ਤੌਰ ਤੇ ਤੰਦਰੁਸਤ ਰੱਖਣ ਦੇ ਉਦੇਸ਼ ਨਾਲ ਗਊ ਹਸਪਤਾਲ, ਫੇਜ਼-1, ਮੁਹਾਲੀ ਵਿਖੇ ਵਿਸ਼ੇਸ਼ ਯੋਗਾ ਸੈਸ਼ਨ ਕਰਵਾਇਆ ਗਿਆ। ਇਸ ਮੌਕੇ ਯੋਗਾ ਟਰੇਨਰ ਕੇ. ਕੇ. ਸੈਣੀ ਵੱਲੋਂ ਮੈਂਬਰਾਂ ਨੂੰ ਵੱਖ-ਵੱਖ ਯੋਗ ਆਸਨਾਂ ਅਤੇ ਕਸਰਤਾਂ ਦੀ ਸਿਖਲਾਈ ਦਿੱਤੀ ਗਈ। ਸ੍ਰੀ ਸੈਣੀ ਨੇ ਯੋਗਾ ਦੇ ਸਰੀਰਕ ਅਤੇ ਮਾਨਸਿਕ ਸਿਹਤ ਲਈ ਫਾਇਦਿਆਂ ਬਾਰੇ ਜਾਣਕਾਰੀ ਦਿੰਦਿਆਂ ਨਿਯਮਿਤ ਯੋਗਾ ਕਰਨ ਦੀ ਮਹੱਤਤਾ ਤੇ ਜ਼ੋਰ ਦਿੱਤਾ। ਉਨ੍ਹਾਂ ਨੇ ਸੀਨੀਅਰ ਸਿਟੀਜ਼ਨਾਂ ਨੂੰ ਸੰਤੁਲਿਤ ਖੁਰਾਕ, ਸਾਫ਼-ਸੁਥਰੇ ਜੀਵਨ ਅਤੇ ਸਿਹਤਮੰਦ ਖਾਣ-ਪੀਣ ਦੀਆਂ ਆਦਤਾਂ ਸਬੰਧੀ ਵੀ ਲਾਭਦਾਇਕ ਸੁਝਾਅ ਦਿੱਤੇ।

ਉਨ੍ਹਾਂ ਨੇ ਮੌਸਮੀ ਬੁਖਾਰ ਅਤੇ ਫਲੂ ਆਦਿ ਤੋਂ ਬਚਾਅ ਲਈ ਨਿੱਜੀ ਸਫਾਈ, ਹੱਥਾਂ ਦੀ ਸਫਾਈ, ਪੌਸ਼ਟਿਕ ਖੁਰਾਕ, ਲੋੜੀਂਦਾ ਆਰਾਮ ਅਤੇ ਡਾਕਟਰੀ ਸਲਾਹ ਅਨੁਸਾਰ ਇਲਾਜ ਕਰਵਾਉਣ ਦੀ ਸਲਾਹ ਦਿੱਤੀ। ਇਸ ਮੌਕੇ ਅਨੁਭਵੀ ਗਰੁੱਪ ਦੇ ਮੈਂਬਰ ਰਾਜ ਕੁਮਾਰ ਬਾਂਸਲ, ਤਰਸੇਮ ਲਾਲ ਗਰਗ, ਅਨੂਪ ਸ਼ਰਮਾ, ਦਲਜੀਤ ਸਿੰਘ, ਸ੍ਰੀ ਕੇਵਲ ਕ੍ਰਿਸ਼ਨ ਮਹਾਜਨ, ਐਸ.ਪੀ. ਜੈਨ, ਰਮੇਸ਼ ਗੁਪਤਾ, ਦੀਨਾ ਨਾਥ, ਮਹਿੰਦਰ ਗੋਇਲ, ਤਾਰਾ ਚੰਦ ਅਤੇ ਰਜੇਸ਼ ਕੁਮਾਰ ਸਮੇਤ ਹੋਰ ਮੈਂਬਰ ਹਾਜ਼ਰ ਸਨ।

100 ਸਾਲਾ ਮਹਾਨ 'ਆਦਿ ਧਰਮ' ਸਮਾਗਮ 'ਚ ਸ਼ਾਮਿਲ ਹੋਣ ਲਈ ਸੰਤ ਇੰਦਰ ਦਾਸ ਸੇਖੈ ਨੂੰ ਦਿੱਤਾ ਸੱਦਾ ਪੱਤਰ

ਪੈ.ਗਾਮ-ਏ-ਜਗਤ
ਹੁਸ਼ਿਆਰਪੁਰ (ਦਲਜੀਤ ਅਜਨੋਹਾ)

- **ਆਦਿ ਧਰਮ ਸਮਾਗਮ 'ਚ ਸੰਗਤਾਂ ਹੁੰਮ ਹੁਮਾ ਕੇ ਸ਼ਾਮਿਲ ਹੋਣ : ਸੰਤ ਇੰਦਰ ਦਾਸ ਸੇਖੈ**
- **ਸਮੂਹ ਸੰਤ ਸਮਾਜ ਹੋਵੇਗਾ ਸਮਾਗਮਾਂ 'ਚ ਸ਼ਾਮਿਲ - ਸੰਤ ਸਰਵਣ ਦਾਸ ਬੋਹਣ**



ਸਮਤਾ, ਸਮਾਨਤਾ ਅਤੇ ਭਾਈਚਾਰਕ ਸਾਂਝ ਮਜਬੂਤ ਕਰਨ ਲਈ ਸਥਾਪਿਤ ਕੀਤੇ ਆਦਿ ਧਰਮ ਦੇ 100 ਸਾਲਾ ਸਥਾਪਨਾ ਵਰੇਗੰਢ ਦੀ ਖੁਸ਼ੀ 'ਚ ਮਹਾਨ ਆਦਿ ਧਰਮ ਸਮਾਗਮ 1 ਨਵੰਬਰ 2026 ਦਿਨ ਐਤਵਾਰ ਨੂੰ ਡੇਰਾ ਸੰਤ ਮੇਲਾ ਰਾਮ ਨਗਰ ਵਿਖੇ ਦੇਸ਼ ਵਿਦੇਸ਼ ਦੀਆਂ ਸੰਗਤਾਂ ਵਲੋਂ ਸ਼ਰਧਾ ਪੂਰਵਕ ਮਨਾਇਆ ਜਾਵੇਗਾ। ਇਨਾਂ ਸਮਾਗਮਾਂ ਵਿੱਚ ਸ਼ਾਮਿਲ ਹੋਣ ਲਈ ਸੰਤ ਇੰਦਰ ਦਾਸ ਸੇਖੈ ਨੂੰ ਸੰਤ ਸਰਵਣ ਦਾਸ ਜੀ ਗੱਦੀ ਨਸ਼ੀਨ ਡੇਰਾ ਸੰਤ ਸੀਤਲ ਦਾਸ ਬੋਹਣ, ਸੰਤ ਸਤਵਿੰਦਰ ਹੀਰਾ ਰਾਸ਼ਟਰੀ ਪ੍ਰਧਾਨ ਆਲ ਇੰਡੀਆ ਆਦਿ ਧਰਮ ਮਿਸ਼ਨ ਭਾਰਤ,ਸੰਤ ਸਰਵਣ ਦਾਸ ਸਲੇਮਟਾਵਰੀ,ਮਹੰਤ ਪ੍ਰਸ਼ੋਤਮ ਲਾਲ ਇਤਿਹਾਸਕ ਦੇਹਰਾ ਚੱਕ ਹਕੀਮ ਫਗਵਾੜਾ , ਕੈਪਟਨ ਬੀ ਆਰ ਨਈਅਰ ਸੀਨੀ.ਐਗਜਿਗਟਿਵ ਐਕਸ਼ਨ ਕਮੇਟੀ ਮੈਂਬਰ ਆਦਿ ਧਰਮ ਮਿਸ਼ਨ ਬਰਮਿੰਘਮ ਯੂ ਕੇ ਆਦਿ ਨੇ ਸੱਦਾ ਪੱਤਰ ਦਿੱਤਾ।

ਇਸ ਮੌਕੇ ਸੰਤ ਇੰਦਰ ਦਾਸ ਨੇ ਕਿਹਾ ਕਿ ਆਦਿ ਧਰਮ ਹੀ ਭਾਰਤ ਦੇ ਮੂਲ ਨਿਵਾਸੀ ਲੋਕਾਂ ਦੀ ਅਸਲ ਪਹਿਚਾਣ ਅਤੇ ਸੱਭਿਅਤਾ ਹੈ। ਇਸ ਲਈ ਸਾਰੇ ਹੀ ਸਮਾਜ ਨੂੰ ਏਕਤਾ ਦਾ ਸਬੂਤ ਦਿੰਦਿਆਂ ਆਦਿ ਧਰਮ ਲਹਿਰ ਨੂੰ ਪ੍ਰਚੰਡ ਕਰਨ ਲਈ ਆਪਣਾ ਬਣਦਾ ਯੋਗਦਾਨ ਪਾਉਣਾ ਚਾਹੀਦਾ ਹੈ। ਉਨਾਂ ਸੰਗਤਾਂ ਨੂੰ ਅਪੀਲ ਕੀਤੀ ਕਿ 1 ਨਵੰਬਰ ਨੂੰ ਨਗਰ ਵਿਖੇ ਹੁੰਮ ਹੁਮਾ ਕੇ ਵੱਡੀ ਗਿਣਤੀ ਵਿੱਚ ਸ਼ਾਮਲ ਹੋਣ।

ਇਸ ਮੌਕੇ ਸੰਤ ਸਤਵਿੰਦਰ ਹੀਰਾ ਸ੍ਰੀ ਗੁਰੂ ਰਵਿਦਾਸ ਇਤਿਹਾਸਕ ਧਰਮ ਅਸਥਾਨ ਚਰਨਛੋਹ ਸੱਚਖੰਡ ਬੇਗਮਪੁਰਾ ਸ੍ਰੀ ਖੁਰਾਲਗੜ੍ਹ ਸਾਹਿਬ (ਰਾਸ਼ਟਰੀ ਪ੍ਰਧਾਨ ਆਲ ਇੰਡੀਆ ਆਦਿ ਧਰਮ ਮਿਸ਼ਨ ਰਜਿ.ਭਾਰਤ) ਅਤੇ ਮਹੰਤ ਪ੍ਰਸ਼ੋਤਮ ਲਾਲ ਗੱਦੀ ਨਸ਼ੀਨ ਇਤਿਹਾਸਕ ਦੇਹਰਾ ਸ੍ਰੀ ਗੁਰੂ ਰਵਿਦਾਸ ਮੰਦਿਰ ਸੱਚਖੰਡ ਚੱਕ ਹਕੀਮ ਫਗਵਾੜਾ ਨੇ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਮਹਾਨ ਆਦਿ ਧਰਮ ਸਮਾਗਮ 1 ਨਵੰਬਰ 2026 ਦਿਨ ਐਤਵਾਰ ਨੂੰ ਡੇਰਾ 108 ਸੰਤ ਮੇਲਾ ਰਾਮ ਨਗਰ (ਫਿਲੌਰ) ਵਿਖੇ ਸੰਤ ਸਰਵਣ ਦਾਸ ਜੀ ਮਹਾਰਾਜ ਬੋਹਣ ਵਾਲਿਆਂ ਦੀ ਰਹਿਨੁਮਾਈ ਅਤੇ ਸੰਤ ਪਰਮਜੀਤ ਦਾਸ ਜੀ ਨਗਰ ਵਾਲਿਆਂ ਦੀ ਦੇਖ ਰੇਖ ਹੇਠ ਦੇਸ਼ ਵਿਦੇਸ਼ ਦੀਆਂ ਸੰਗਤਾਂ ਵਲੋਂ ਬਹੁਤ ਸ਼ਰਧਾ ਪੂਰਵਕ ਮਨਾਏ ਜਾਣਗੇ। ਉਨਾਂ ਦੱਸਿਆ ਕਿ ਇਨਾਂ ਸਮਾਗਮਾਂ ਵਿੱਚ ਭਾਰਤ ਦੀਆਂ ਉੱਘੀਆਂ ਮਹਾਨ ਸਖਸ਼ੀਅਤਾਂ ਤੋਂ ਇਲਾਵਾ ਸੰਤ ਮਹਾਂਪੁਰਸ਼, ਬੁੱਧੀਜੀਵੀ, ਵਿਦਵਾਨ ਅਤੇ ਦੇਸ਼ ਵਿਦੇਸ਼ ਦੀਆਂ ਸੰਗਤਾਂ ਭਾਰੀ ਗਿਣਤੀ ਵਿੱਚ ਸ਼ਾਮਲ ਹੋਣਗੀਆਂ। ਉਨਾਂ ਸਮੂਹ ਸੰਗਤਾਂ ਨੂੰ ਇਨਾਂ ਸਮਾਗਮਾਂ ਵਿੱਚ ਹੁੰਮ ਹੁਮਾ ਕੇ ਪਹੁੰਚ ਕੇ ਆਦਿ ਧਰਮ ਦੇ ਝੰਡੇ ਬੁਲੰਦ ਕਰਨ ਦੀ ਅਪੀਲ ਕੀਤੀ ਅਤੇ ਜਨਗਣਨਾ ਵਿੱਚ ਆਦਿ ਧਰਮ ਲਿਖਵਾਉਣ ਅਤੇ ਆਦਿ ਧਰਮ ਦਾ ਕਾਲਿਮ ਸਥਾਪਤ ਕਰਾਉਣ ਲਈ ਸਮਤਾ,ਸਮਾਨਤਾ ਅਤੇ ਭਾਈਚਾਰਕ ਸਾਂਝ ਮਜਬੂਤ ਕਰਨ ਦਾ ਸੁਨੇਹਾ ਦਿੱਤਾ। ਇਸ ਮੌਕੇ ਸੰਤ ਸਰਵਣ ਦਾਸ ਸਲੇਮਟਾਵਰੀ, ਸੰਤ ਪ੍ਰਮੇਸ਼ਵਰੀ ਦਾਸ,ਕੈਪਟਨ ਬੀ ਆਰ ਨਈਅਰ ਸੀਨੀ.ਐਗਜਿਗਟਿਵ ਐਕਸ਼ਨ ਕਮੇਟੀ ਮੈਂਬਰ ਆਦਿ ਧਰਮ ਮਿਸ਼ਨ ਬਰਮਿੰਘਮ ਯੂ ਕੇ, ਓ ਪੀ ਰਾਣਾ ਮੀਡੀਆ ਇੰਚਾਰਜ, ਲਵਪ੍ਰੀਤ ਸੇਵਾਦਾਰ ਬੋਹਣ ਅਤੇ ਸੰਗਤਾਂ ਹਾਜਰ ਸਨ।

'ਪੈਗਾਮ-ਏ-ਜਗਤ' 'ਚ ਪ੍ਰਕਾਸ਼ਿਤ ਸਮੱਗਰੀ ਅਤੇ ਹੋਰ ਵਾਦ-ਵਿਵਾਦ ਸੰਬੰਧੀ ਕੇਸਾਂ ਦਾ ਨਿਪਟਾਰਾ ਸਿਰਫ਼ ਮੁਹਾਲੀ (ਚੰਡੀਗੜ੍ਹ) ਕੋਰਟ ਵਿੱਚ ਹੀ ਹੋਵੇਗਾ। ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ। -ਸੰਪਾਦਕ, ਪੈਗਾਮ-ਏ-ਜਗਤ

ਵੈਟਨਰੀ ਯੂਨੀਵਰਸਿਟੀ ਵੱਲੋਂ ਵਿਦਿਆਰਥੀਆਂ ਲਈ ਪਸ਼ੂ ਪਰਖ (ਮੁਲਾਂਕਣ) ਮੁਕਾਬਲਾ ਆਯੋਜਿਤ

ਲੁਧਿਆਣਾ, 12 ਸਤੰਬਰ (ਪੈ.ਗਾਮ-ਏ-ਜਗਤ)



ਗੁਰੂ ਅੰਗਦ ਦੇਵ ਵੈਟਨਰੀ ਅਤੇ ਐਨੀਮਲ ਸਾਇੰਸਿਜ਼ ਯੂਨੀਵਰਸਿਟੀ, ਲੁਧਿਆਣਾ ਨੇ ਨੌਜਵਾਨ ਵੈਟਨਰੀ ਡਾਕਟਰਾਂ ਨੂੰ ਪਸ਼ੂ ਪਰਖ ਦੀ ਕਲਾ ਅਤੇ ਵਿਗਿਆਨ ਵਿੱਚ ਸਿਖਲਾਈ ਦੇਣ ਅਤੇ ਪਸ਼ੂਆਂ ਦੀ ਚੋਣ ਤੇ ਨਸਲ ਸੁਧਾਰ ਵਿੱਚ ਇਸ ਦੀ ਮਹੱਤਤਾ ਨੂੰ ਉਜਾਗਰ ਕਰਨ ਦੇ ਉਦੇਸ਼ ਨਾਲ ਇੱਕ 'ਪਸ਼ੂ ਪਰਖ ਮੁਕਾਬਲਾ' ਕਰਵਾਇਆ।

ਇਸ ਮੁਕਾਬਲੇ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ, ਜਿਸ ਵਿੱਚ 19 ਟੀਮਾਂ ਸ਼ਾਮਲ ਸਨ ਅਤੇ ਕੁੱਲ 57 ਅੰਡਰ-ਗ੍ਰੈਜੂਏਟ ਅਤੇ ਪੋਸਟ-ਗ੍ਰੈਜੂਏਟ ਵਿਦਿਆਰਥੀਆਂ ਨੇ ਹਿੱਸਾ ਲਿਆ। ਹਰੇਕ ਟੀਮ ਨੇ ਮੁਰ੍ਹਾ ਮੱਝਾਂ, ਨੀਲੀ-ਰਾਵੀ ਮੱਝਾਂ ਅਤੇ ਹੋਲਸਟੀਨ ਫਰੀਜ਼ੀਅਨ ਪਸ਼ੂਆਂ ਦਾ ਮੁਲਾਂਕਣ ਕੀਤਾ। ਇਸ ਲਈ ਨਸਲ-ਵਿਸ਼ੇਸ਼ ਸਕੋਰ ਕਾਰਡਾਂ ਦੀ ਵਰਤੋਂ ਕੀਤੀ ਗਈ, ਜੋ ਇੱਕ ਵਿਚਾਰ-ਵਟਾਂਦਰਾ ਸੈਸ਼ਨ ਦੌਰਾਨ ਪ੍ਰਾਪਤ ਸੁਝਾਵਾਂ ਦੇ ਆਧਾਰ 'ਤੇ ਤਿਆਰ ਕੀਤੇ ਗਏ ਸਨ। ਇਨ੍ਹਾਂ ਸਕੋਰ ਕਾਰਡਾਂ ਵਿੱਚ ਨਸਲ-ਵਿਸ਼ੇਸ਼ ਵਿਸ਼ੇਸ਼ਤਾਵਾਂ ਅਤੇ ਪਰਖ ਦੇ ਮਾਪਦੰਡ ਸ਼ਾਮਲ ਸਨ, ਜਿਸ ਨਾਲ ਪ੍ਰਤੀਭਾਗੀਆਂ ਨੂੰ ਪਸ਼ੂਆਂ ਦਾ ਯੋਜਨਾਬੱਧ ਤਰੀਕੇ ਨਾਲ ਮੁਲਾਂਕਣ ਕਰਨ ਅਤੇ ਅੰਕ ਦੇਣ ਵਿੱਚ ਮਦਦ ਮਿਲੀ। ਇਸ ਵਿਹਾਰਕ ਅਭਿਆਸ ਨੇ ਵਿਦਿਆਰਥੀਆਂ ਨੂੰ ਨਸਲ ਦੀਆਂ ਵਿਸ਼ੇਸ਼ਤਾਵਾਂ ਅਤੇ ਪਸ਼ੂਆਂ ਦੀ ਸਰੀਰਕ ਬਣਤਰ ਬਾਰੇ ਆਪਣੇ ਗਿਆਨ ਨੂੰ ਵਰਤਣ ਦਾ ਮੌਕਾ ਦਿੱਤਾ ਅਤੇ ਨਾਲ ਹੀ ਉਨ੍ਹਾਂ ਦੇ ਨਿਰੀਖਣ, ਤੁਲਨਾਤਮਕ ਮੁਲਾਂਕਣ ਅਤੇ ਫੈਸਲੇ ਲੈਣ ਦੇ ਹੁਨਰ ਨੂੰ ਵਿਕਸਤ ਕਰਨ ਵਿੱਚ ਮਦਦ ਕੀਤੀ। ਡਾ. ਜਤਿੰਦਰ ਪਾਲ ਸਿੰਘ ਗਿੱਲ, ਉਪ-ਕੁਲਪਤੀ ਨੇ ਆਯੋਜਕ ਟੀਮ ਦੇ ਯਤਨਾਂ ਦੀ ਸ਼ਲਾਘਾ ਕੀਤੀ ਅਤੇ ਕਿਹਾ ਕਿ ਹੁਨਰਮੰਦ ਪਸ਼ੂ-ਪਰਖ ਮਾਹਿਰਾਂ ਦੀ ਟੀਮ ਤਿਆਰ ਕਰਨ ਵੱਲ ਚੁੱਕਿਆ ਗਿਆ ਇਹ ਕਦਮ ਉੱਚ-ਸਮਰੱਥਾ ਵਾਲੇ ਪਸ਼ੂਆਂ ਦੀ ਚੋਣ ਕਰਨ ਅਤੇ ਨਸਲ ਸੁਧਾਰ ਵਿੱਚ ਯੋਗਦਾਨ ਪਾਉਣ ਲਈ ਬਹੁਤ ਲਾਹੇਵੰਦ ਸਾਬਤ ਹੋ ਸਕਦਾ ਹੈ।

ਡਾ. ਰਵਿੰਦਰ ਸਿੰਘ ਗਰੇਵਾਲ, ਪਸਾਰ ਸਿੱਖਿਆ ਨਿਰਦੇਸ਼ਕ ਨੇ ਕਿਹਾ ਕਿ ਪ੍ਰਜਣਨ ਅਤੇ ਉਤਪਾਦਨ ਦੇ ਉਦੇਸ਼ਾਂ ਲਈ ਲੋੜੀਂਦੇ ਗੁਣਾਂ ਵਾਲੇ ਪਸ਼ੂਆਂ ਦੀ ਪਛਾਣ ਕਰਨ ਵਿੱਚ ਪਸ਼ੂ ਪਰਖ ਅਹਿਮ ਭੂਮਿਕਾ ਨਿਭਾਉਂਦੀ ਹੈ। ਉਨ੍ਹਾਂ ਜ਼ੋਰ ਦਿੱਤਾ ਕਿ ਅਜਿਹੇ ਮੁਕਾਬਲੇ ਵਿਦਿਆਰਥੀਆਂ ਨੂੰ ਪਸ਼ੂਆਂ ਦੇ ਮੁਲਾਂਕਣ ਦਾ ਵਿਹਾਰਕ ਤਜਰਬਾ ਪ੍ਰਦਾਨ ਕਰਦੇ ਹਨ ਅਤੇ ਉਨ੍ਹਾਂ ਨੂੰ ਸਹੀ ਫੈਸਲੇ ਲੈਣ ਦੀ ਯੋਗਤਾ ਵਿਕਸਤ ਕਰਨ ਵਿੱਚ ਮਦਦ ਕਰਦੇ ਹਨ, ਜਿਸ ਨਾਲ ਪਸ਼ੂਆਂ ਦੀਆਂ ਨਸਲਾਂ ਦੀ ਅਨੁਵੰਸ਼ਿਕ ਚੋਣ ਅਤੇ ਸੁਧਾਰ ਵਿੱਚ ਯੋਗਦਾਨ ਪੈਂਦਾ ਹੈ। ਇਸ ਮੁਕਾਬਲੇ ਨੇ ਵਿਦਿਆਰਥੀਆਂ ਨੂੰ ਕਲਾਸਰੂਮ ਦੀ ਪੜ੍ਹਾਈ ਤੋਂ ਇਲਾਵਾ ਕੀਮਤੀ ਵਿਹਾਰਕ ਤਜਰਬਾ ਪ੍ਰਦਾਨ ਕੀਤਾ ਅਤੇ ਸਿਹਤਮੰਦ ਮੁਕਾਬਲੇਬਾਜ਼ੀ ਤੇ ਪੇਸ਼ੇਵਰ ਹੁਨਰ ਸਿੱਖਣ ਦੀ ਭਾਵਨਾ ਨੂੰ ਉਤਸ਼ਾਹਿਤ ਕੀਤਾ।

ਇਹ ਪ੍ਰੋਗਰਾਮ ਅਧਿਆਪਕਾਂ ਦੀ ਇੱਕ ਸਮਰਪਿਤ ਟੀਮ ਦੀ ਨਿਗਰਾਨੀ ਹੇਠ ਕਰਵਾਇਆ ਗਿਆ, ਜਿਨ੍ਹਾਂ ਨੇ ਇਸ ਦੇ ਸੁਚਾਰੂ ਸੰਚਾਲਨ ਲਈ ਪ੍ਰਬੰਧਾਂ ਦਾ ਤਾਲਮੇਲ ਕੀਤਾ। ਜੇਤੂ ਟੀਮਾਂ ਨੂੰ ਯੂਨੀਵਰਸਿਟੀ ਵੱਲੋਂ 18-19 ਸਤੰਬਰ, 2026 ਨੂੰ ਆਯੋਜਿਤ ਕੀਤੇ ਜਾਣ ਵਾਲੇ ਪਸ਼ੂ ਪਾਲਣ ਮੇਲੇ ਦੌਰਾਨ ਸਨਮਾਨਿਤ ਕੀਤਾ ਜਾਵੇਗਾ।

ਸੈਂਟਰਲ ਆਯੂਰਵੇਦਿਕ ਰਿਸਰਚ ਸੈਂਟਰ ਵਿਖੇ ਫਸਟ ਏਡ, ਸੀ.ਪੀ.ਆਰ. ਟ੍ਰੇਨਿੰਗਾਂ ਕਰਵਾਈਆਂ

ਪਟਿਆਲਾ, 12 ਸਤੰਬਰ (ਪੈ.ਗਾਮ-ਏ-ਜਗਤ)



ਅੰਤਰਰਾਸ਼ਟਰੀ ਫਸਟ ਏਡ, ਸੀ.ਪੀ.ਆਰ., ਜ਼ਖਮੀਆਂ ਦੀ ਸੇਵਾ ਸੰਭਾਲ ਦਿਵਸ਼ ਮੌਕੇ ਭਾਰਤ ਸਰਕਾਰ ਦੇ ਸੈਂਟਰਲ ਇੰਸਟੀਚਿਊਟ ਆਫ ਆਯੁਰਵੈਦਿਕ ਸੇਂਟਰ ਪਟਿਆਲਾ ਵਿਖੇ ਡਾਕਟਰਾਂ, ਨਰਸਾਂ ਅਤੇ ਦੂਜੇ ਸਟਾਫ਼ ਮੈਂਬਰਾਂ ਨੂੰ ਫਸਟ ਏਡ, ਸੀ ਪੀ ਆਰ ਦੀਆਂ ਟ੍ਰੇਨਿੰਗਾਂ, ਫਸਟ ਏਡ ਸੇਫਟੀ ਸਿਹਤ ਜਾਗਰੂਕਤਾ ਮਿਸ਼ਨ ਦੇ ਚੀਫ ਟ੍ਰੇਨਰ ਅਤੇ ਰੈੱਡ ਕਰਾਸ ਦੇ ਸੇਵਾ ਮੁਕਤ ਟ੍ਰੇਨਿੰਗ ਅਫਸਰ ਸ਼੍ਰੀ ਕਾਕਾ ਰਾਮ ਵਰਮਾ ਵਲੋਂ ਦਿੱਤੀਆਂ। ਸੀਨੀਅਰ ਡਾਕਟਰ ਇੰਚਾਰਜ ਨੇ ਧੰਨਵਾਦ ਕਰਦੇ ਹੋਏ ਕਿਹਾ ਕਿ ਭਾਰਤ ਸਰਕਾਰ ਵੱਲੋਂ ਹੁਣ ਵਿਦਿਆਰਥੀਆਂ, ਅਧਿਆਪਕਾਂ, ਐਨ ਸੀ ਸੀ ਕੇਡਿਟਜ, ਐਨ ਐਸ ਐਸ ਵੰਲਟੀਅਰਾਂ, ਕਰਮਚਾਰੀਆਂ ਤੋਂ ਇਲਾਵਾ ਡਾਕਟਰਾਂ, ਨਰਸਾਂ ਅਤੇ ਦੂਜੇ ਸਟਾਫ ਮੈਂਬਰਾਂ ਨੂੰ ਵੀ ਆਫ਼ਤ ਪ੍ਰਬੰਧਨ, ਸਿਵਲ ਡਿਫੈਂਸ, ਫਸਟ ਏਡ, ਫਾਇਰ ਸੇਫਟੀ ਦੀਆਂ ਟ੍ਰੇਨਿੰਗਾਂ ਲੈਕੇ ਕਿਸੇ ਵੀ ਕੁਦਰਤੀ, ਮੌਸਮੀ, ਮਨੁੱਖੀ ਆਫ਼ਤਾਵਾ, ਘਰੇਲੂ ਸੰਸਥਾਵਾਂ ਦੀਆਂ ਘਟਨਾਵਾਂ ਅਤੇ ਅਚਾਨਕ ਕਿਸੇ ਦੇ ਬੇਹੋਸ਼ੀ, ਦਿਲ, ਮਿਰਗੀ, ਸਦਮੇਂ ਦੇ ਦੌਰੇ, ਕਾਰਡੀਅਕ ਅਰੈਸਟ, ਅੰਦਰੂਨੀ ਰਤਵਾਹ, ਸਿਰ ਦੀ ਸੱਟਾਂ ਆਦਿ ਤੋਂ ਇਲਾਵਾ ਗੈਸਾਂ, ਧੂੰਏਂ, ਪਾਣੀ, ਮਲਵੇ ਵਿੱਚ ਫ਼ਸੇ ਲੋਕਾਂ ਨੂੰ ਰੈਸਕਿਊ ਕਰਕੇ ਮਰਨ ਤੋਂ ਬਚਾਉਣ ਦੀਆਂ ਟ੍ਰੇਨਿੰਗਾਂ ਲੈਣੀਆਂ ਜ਼ਰੂਰੀ ਹਨ। ਡਾਕਟਰ ਤੋਮਰ ਐਸ ਐਮ ਓ ਨੇ ਸ਼੍ਰੀ ਵਰਮਾ ਜੀ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਪੰਜਾਬ ਵਿੱਚ ਸ਼੍ਰੀ ਕਾਕਾ ਰਾਮ ਵਰਮਾ ਜੀ ਤੋਂ ਉੱਪਰ ਕੋਈ ਸਮਾਜ ਸੁਧਾਰਕ ਵਿਸ਼ਾ ਮਾਹਿਰ ਨਹੀਂ ਜ਼ੋ ਇਨ੍ਹਾਂ ਸਾਰੇ ਵਿਸ਼ਿਆਂ ਬਾਰੇ ਇਕੱਲੇ ਹੀ ਟ੍ਰੇਨਿੰਗਾਂ ਦਿੰਦੇ ਰਹਿੰਦੇ ਹਨ। ਸ਼੍ਰੀ ਕਾਕਾ ਰਾਮ ਵਰਮਾ ਨੇ ਦੱਸਿਆ ਕਿ ਅਚਾਨਕ ਵਾਪਰ ਰਹੀਆਂ ਦੁਰਘਟਨਾਵਾਂ ਸਮੇਂ, ਪੀੜਤਾਂ ਦੀਆਂ ਮੌਤਾਂ ਰੋਕਣ ਲਈ ਹਰੇਕ ਘਰ, ਪਰਿਵਾਰ, ਵਿਉਪਾਰਕ ਅਦਾਰਿਆਂ, ਸੰਸਥਾਵਾਂ ਵਿਖੇ ਸਿੱਖਿਅਤ ਫਸਟ ਏਡਰ, ਫਾਇਰ ਸੇਫਟੀ ਆਫ਼ਤ ਪ੍ਰਬੰਧਨ ਸਿਵਲ ਡਿਫੈਂਸ ਵੰਲਟੀਅਰਾਂ ਦਾ ਤਿਆਰ ਹੋਣਾ ਜ਼ਰੂਰੀ ਹੈ।

ਸ.ਫ਼ਾਈ ਕਰਮਚਾਰੀਆਂ ਦੀ 37 ਦਿਨ ਚੱਲੀ ਹੜਤਾਲ ਹੋਈ ਖ਼ਤਮ

ਪੈ.ਗਾਮ-ਏ-ਜਗਤ
ਅੰਬਾਲਾ, 12 ਸਤੰਬਰ (ਆਰ.ਸਿੰਘ)



ਮਿਊਂਸੀਪਲ ਕਰਮਚਾਰੀ ਯੂਨੀਅਨ, ਹਰਿਆਣਾ ਵੱਲੋਂ 37 ਦਿਨਾਂ ਦੀ ਹੜਤਾਲ ਆਖ਼ਰਕਾਰ ਖ਼ਤਮ ਹੋ ਗਈ ਹੈ। ਹੜਤਾਲ ਖ਼ਤਮ ਹੋਣ ਤੋਂ ਬਾਅਦ, ਸਾਰੇ ਕਰਮਚਾਰੀ ਅੱਜ ਕੰਮ 'ਤੇ ਵਾਪਸ ਪਰਤ ਆਏ ਹਨ ਅਤੇ ਸ਼ਹਿਰ ਦੀ ਵਿਗੜਦੀ ਸਫ਼ਾਈ ਪ੍ਰਣਾਲੀ ਦੀ ਮੁਰੰਮਤ ਦਾ ਕੰਮ ਸ਼ੁਰੂ ਹੋ ਗਿਆ ਹੈ। ਕਰਮਚਾਰੀਆਂ ਦੀ ਕੰਮ 'ਤੇ ਵਾਪਸੀ ਨਾਲ ਸ਼ਹਿਰ ਵਾਸੀਆਂ ਨੂੰ ਰਾਹਤ ਮਿਲਣ ਦੀ ਉਮੀਦ ਹੈ।

ਮਿਊਂਸੀਪਲ ਕਰਮਚਾਰੀ ਯੂਨੀਅਨ ਹਰਿਆਣਾ ਦੇ ਉਪ-ਪ੍ਰਧਾਨ ਸੇਵਾ ਰਾਮ ਬੋਹਟ ਨੇ ਕਿਹਾ ਕਿ ਸਰਕਾਰ ਨਾਲ ਹੋਈ ਮੀਟਿੰਗ ਵਿੱਚ ਉਨ੍ਹਾਂ ਦੀਆਂ 16 ਮੰਗਾਂ 'ਤੇ ਸਮਝੌਤਾ ਹੋਇਆ ਹੈ। ਇਸ ਤੋਂ ਬਾਅਦ ਯੂਨੀਅਨ ਨੇ ਹੜਤਾਲ ਖ਼ਤਮ ਕਰਨ ਦਾ ਫ਼ੈਸਲਾ ਕੀਤਾ ਅਤੇ ਸਾਰੇ ਕਰਮਚਾਰੀਆਂ ਨੂੰ ਕੰਮ 'ਤੇ ਵਾਪਸ ਆਉਣ ਦਾ ਨਿਰਦੇਸ਼ ਦਿੱਤਾ ਹੈ। ਉਨ੍ਹਾਂ ਕਿਹਾ ਕਿ ਅਸੀਂ ਹੜਤਾਲ ਵਾਪਸ ਲਈ ਹੈ। ਸਰਕਾਰ ਨੇ 15 ਦਿਨਾਂ ਦਾ ਸਮਾਂ ਮੰਗਿਆ ਹੈ ਅਤੇ ਸਾਰੀ ਪ੍ਰਕ੍ਰਿਆ ਨੂੰ 45 ਦਿਨ ਲੱਗਣਗੇ। ਜੇ ਸਰਕਾਰ ਨੇ ਵਾਅਦਾ ਵਧਦਾ ਕੀਤੀ ਤਾਂ ਉਹ ਮੁੜ ਹੜਤਾਲ ਕਰਨ ਲਈ ਮਜਬੂਰ ਹੋਣਗੇ। ਸਰਕਾਰ ਦੇਰ ਬਾਅਦ ਜਾਗੀ ਹੈ। ਸਮਝੌਤੇ ਤਾਂ ਸਰਕਾਰ ਨੇ ਪਹਿਲਾਂ ਵੀ ਕੀਤੇ ਹਨ। ਅਸੀਂ ਚਾਹੁੰਦੇ ਹਾਂ ਕਿ ਹੁਣ ਜੋ ਸਰਕਾਰ ਨੇ ਸਮਝੌਤਾ ਕੀਤਾ ਹੈ, ਉਸ ਤੇ ਕਾਇਮ ਰਹੇ।

ਆਗੂਆਂ ਨੇ ਕਿਹਾ ਕਿ ਕਰਮਚਾਰੀ ਆਪਣੀਆਂ ਮੰਗਾਂ ਮੰਨਵਾਉਣ ਲਈ 37 ਦਿਨਾਂ ਤੋਂ ਹੜਤਾਲ 'ਤੇ ਸਨ। ਇਸ ਸਮੇਂ ਦੌਰਾਨ, ਸਰਕਾਰ ਨਾਲ ਕਈ ਦੌਰ ਦੀ ਗੱਲਬਾਤ ਹੋਈ ਪਰ ਸਮਝੌਤਾ ਨਾ ਹੋਣ ਕਾਰਨ ਹੜਤਾਲ ਜਾਰੀ ਰਹੀ ਜਿਸ ਦਾ ਪ੍ਰਭਾਵ ਰਾਜ ਭਰ ਵਿੱਚ ਸਫ਼ਾਈ ਪ੍ਰਣਾਲੀ 'ਤੇ ਪਿਆ। ਸੇਵਾ ਰਾਮ ਬੋਹਟ ਨੇ ਕਿਹਾ ਕਿ ਮੁੱਖ ਮੰਤਰੀ ਨਾਇਬ ਸੈਣੀ ਨਾਲ ਮੀਟਿੰਗ ਵਿੱਚ ਉਨ੍ਹਾਂ ਦੀਆਂ ਮੰਗਾਂ 'ਤੇ ਸਮਝੌਤਾ ਹੋਣ ਤੋਂ ਬਾਅਦ ਕਰਮਚਾਰੀ ਖ਼ੁਸ਼ ਹਨ। ਉਨ੍ਹਾਂ ਨੇ ਅੰਦੋਲਨ ਦੌਰਾਨ ਰਾਜਨੀਤਿਕ ਪਾਰਟੀਆਂ ਅਤੇ ਮੀਡੀਆ ਦੇ ਸਮਰਥਨ ਲਈ ਧੰਨਵਾਦ ਵੀ ਕੀਤਾ।

ਪੀ.ਏ.ਯੂ. ਵੱਲੋਂ ਕ੍ਰਿਸ਼ੀ ਵਿਗਿਆਨ ਕੇਂਦਰ, ਰੌਣੀ ਵਿਖੇ ਕਿਸਾਨ ਮੇਲਾ 15 ਸਤੰਬਰ ਨੂੰ ਲਗਾਇਆ ਜਾਵੇਗਾ : ਡਾ. ਮਨਦੀਪ ਸਿੰਘ

ਸੰਗਰੂਰ, 12 ਸਤੰਬਰ (ਪੈ.ਗਾਮ-ਏ-ਜਗਤ)



ਪੰਜਾਬ ਖੇਤੀਬਾੜੀ ਯੂਨੀਵਰਸਿਟੀ, ਲੁਧਿਆਣਾ ਵੱਲੋਂ ਸਤੰਬਰ ਮਹੀਨੇ ਦੇ ਕਿਸਾਨ ਮੇਲਿਆਂ ਦੀ ਲੜੀ ਵਿੱਚ ਵਿਗਿਆਨਕ ਢੰਗ ਅਪਣਾਓ, ਖੇਤੀ ਆਮਦਨ ਵਧਾਓ

- **ਮੇਲੇ ਦਾ ਉਦੇਸ਼ - ਵਿਗਿਆਨਕ ਢੰਗ ਅਪਣਾਓ, ਖੇਤੀ ਆਮਦਨ ਵਧਾਓ**

ਦੇ ਉਦੇਸ਼ ਨੂੰ ਮੁੱਖ ਰੱਖ ਕੇ ਕ੍ਰਿਸ਼ੀ ਵਿਗਿਆਨ ਕੇਂਦਰ, ਰੌਣੀ, ਜ਼ਿਲ੍ਹਾ ਪਟਿਆਲਾ ਵਿਖੇ 15 ਸਤੰਬਰ, 2026 ਨੂੰ ਇੱਕ-ਰੋਜ਼ਾ ਕਿਸਾਨ ਮੇਲਾ ਲਗਾਇਆ ਜਾ ਰਿਹਾ ਹੈ।

ਇਸ ਬਾਰੇ ਹੋਰ ਜਾਣਕਾਰੀ ਦਿੰਦਿਆਂ ਡਾ. ਮਨਦੀਪ ਸਿੰਘ, ਇੰਚਾਰਜ (ਟ੍ਰੇਨਿੰਗ), ਕ੍ਰਿਸ਼ੀ ਵਿਗਿਆਨ ਕੇਂਦਰ, ਸੰਗਰੂਰ ਨੇ ਦੱਸਿਆ ਕਿ ਪੰਜਾਬ ਖੇਤੀਬਾੜੀ ਯੂਨੀਵਰਸਿਟੀ, ਲੁਧਿਆਣਾ ਦੇ ਵਾਈਸ ਚਾਂਸਲਰ ਇਸ ਮੇਲੇ ਦੀ ਪ੍ਰਧਾਨਗੀ ਕਰਨਗੇ।

ਉਹਨਾਂ ਅੱਗੇ ਦੱਸਿਆ ਕਿ ਨਿਰਦੇਸ਼ਕ ਪਸਾਰ ਸਿੱਖਿਆ, ਪੰਜਾਬ ਖੇਤੀਬਾੜੀ ਯੂਨੀਵਰਸਿਟੀ, ਲੁਧਿਆਣਾ ਦੇ ਦਿਸ਼ਾ-ਨਿਰਦੇਸ਼ਾਂ ਹੇਠ ਲਗਾਏ ਜਾ ਰਹੇ ਇਸ ਕਿਸਾਨ ਮੇਲੇ ਦੌਰਾਨ ਖੇਤੀ ਮਾਹਿਰਾਂ ਵੱਲੋਂ ਹਾੜ੍ਹੀ ਦੀਆਂ ਫ਼ਸਲਾਂ ਦੀਆਂ ਸੁਧਰੀਆਂ ਕਿਸਮਾਂ ਅਤੇ ਸੁਧਰੀਆਂ ਕਾਸ਼ਤਕਾਰੀ ਤਕਨੀਕਾਂ, ਖੇਤੀ ਮਸ਼ੀਨਰੀ, ਸਰਦੀ ਰੁੱਤ ਦੀਆਂ ਸਬਜ਼ੀਆਂ ਦੀ ਕਾਸ਼ਤ, ਬਾਗਬਾਨੀ, ਮਿੱਟੀ-ਪਾਣੀ ਪਰਖ, ਤੇਲਬੀਜ ਅਤੇ ਦਾਲਾਂ, ਕੁਦਰਤੀ ਸਰੋਤਾਂ ਦੀ ਸਾਂਭ-ਸੰਭਾਲ ਅਤੇ ਸਹਾਇਕ ਧੰਦਿਆਂ ਬਾਰੇ ਜਾਣਕਾਰੀ ਦਿੱਤੀ ਜਾਵੇਗੀ। ਇਸ ਤੋਂ ਇਲਾਵਾ ਕਿਸਾਨ ਬੀਬੀਆਂ ਨੂੰ ਘਰੇਲੂ ਪ੍ਰਬੰਧ ਬਾਰੇ ਜਾਣਕਾਰੀ ਦਿੱਤੀ ਜਾਵੇਗੀ। ਯੂਨੀਵਰਸਿਟੀ ਦੇ ਖੇਤੀ ਵਿਗਿਆਨੀਆਂ ਵੱਲੋਂ ਕਿਸਾਨਾਂ ਦੀਆਂ ਖੇਤੀ ਸਮੱਸਿਆਂਵਾਂ ਬਾਰੇ ਵਿਚਾਰ-ਵਟਾਂਦਰਾ ਕੀਤਾ ਜਾਵੇਗਾ। ਇਸ ਮੇਲੇ ਵਿੱਚ ਪੀ.ਏ.ਯੂ., ਲੁਧਿਆਣਾ, ਸਰਕਾਰੀ ਵਿਭਾਗਾਂ, ਖੇਤੀਬਾੜੀ ਇੰਡਸਟਰੀ, ਕਿਸਾਨ ਉਤਪਾਦਕ ਸੰਗਠਨ, ਸੈਲਫ਼ ਹੈਲਪ ਗਰੁੱਪਾਂ ਅਤੇ ਉੱਦਮੀ ਕਿਸਾਨਾਂ ਵੱਲੋਂ ਖੇਤੀ ਨੁਮਾਇਸ਼ਾਂ ਲਗਾਈਆਂ ਜਾਣਗੀਆਂ। ਹਾੜ੍ਹੀ ਦੀਆਂ ਫ਼ਸਲਾਂ ਦੇ ਬੀਜਾਂ, ਸਰਦੀ ਰੁੱਤ ਦੀਆਂ ਸਬਜ਼ੀਆਂ ਦੇ ਬੀਜਾਂ ਦੀਆਂ ਕਿੱਟਾਂ, ਦਾਲਾਂ ਅਤੇ ਤੇਲਬੀਜ ਕਿੱਟਾਂ, ਹਾੜ੍ਹੀ ਦੇ ਚਾਰਿਆਂ ਦੇ ਬੀਜਾਂ ਦੀਆਂ ਕਿੱਟਾਂ, ਫ਼ਲਦਾਰ ਬੂਟੇ ਅਤੇ ਪੀ.ਏ.ਯੂ. ਵੱਲੋਂ ਪ੍ਰਕਾਸ਼ਿਤ ਕੀਤੇ ਜਾਂਦੇ ਖੇਤੀ ਸਾਹਿਤ ਦੀ ਵਿਕਰੀ ਦਾ ਵਿਸ਼ੇਸ਼ ਪ੍ਰਬੰਧ ਹੋਵੇਗਾ। ਕਿਸਾਨਾਂ ਵੱਲੋਂ ਲਿਆਂਦੇ ਮਿੱਟੀ ਅਤੇ ਪਾਣੀ ਦੇ ਨਮੂਨੇ ਜਾਂਚ ਕਰਨ ਲਈ ਜਮ?ਹਾਂ ਕੀਤੇ ਜਾਣਗੇ। ਡਾ. ਮਨਦੀਪ ਸਿੰਘ ਵੱਲੋਂ ਸਮੂਹ ਕਿਸਾਨ ਵੀਰਾਂ ਨੂੰ ਆਪਣੇ ਪਰਿਵਾਰ ਅਤੇ ਸਾਥੀਆਂ ਸਮੇਤ ਕੇ.ਵੀ.ਕੇ., ਰੌਣੀ ਦੇ ਕਿਸਾਨ ਮੇਲੇ ਵਿੱਚ ਹੁੰਮ-ਹੁੰਮਾ ਕੇ ਪੁੱਜਣ ਦੀ ਅਪੀਲ ਕੀਤੀ ਜਾਂਦੀ ਹੈ।

ਕੌਮੀ ਲੋਕ ਅਦਾਲਤ ਵਿਚ 8 ਬੈਂਚਾਂ ਨੇ 30083 ਮਾਮਲੇ ਨਬੇੜੇ

ਪੈ.ਗਾਮ-ਏ-ਜਗਤ/ਅੰਬਾਲਾ
12 ਸਤੰਬਰ (ਆਰ.ਸਿੰਘ)



ਹਰਿਆਣਾ ਰਾਜ ਕਾਨੂੰਨੀ ਸੇਵਾਵਾਂ ਅਥਾਰਿਟੀ ਪੰਚਕੂਲਾ ਦੇ ਨਿਰਦੇਸ਼ਾਂ ਅਨੁਸਾਰ ਕੌਮੀ ਲੋਕ ਅਦਾਲਤ ਦਾ ਆਯੋਜਨ ਕੀਤਾ ਗਿਆ। ਮੁੱਖ ਨਿਆਂਇਕ ਮੈਜਿਸਟ੍ਰੇਟ ਅਤੇ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਿਟੀ ਅੰਬਾਲਾ ਸ਼੍ਰੀਮਤੀ ਗੀਤਾਂਜਲੀ ਨੇ ਦੱਸਿਆ ਕਿ ਇਸ ਲੜੀ ਵਿੱਚ ਅੱਜ ਰਾਸ਼ਟਰੀ ਲੋਕ ਅਦਾਲਤ ਦੇ ਤਹਿਤ ਜ਼ਿਲ੍ਹਾ ਅਦਾਲਤ ਅੰਬਾਲਾ ਅਤੇ ਸਬ ਡਿਵੀਜ਼ਨ ਨਰਾਇਣਗੜ੍ਹ ਵਿੱਚ ਹਿਤੇਸ਼ ਗਰਗ, ਵਧੀਕ ਜ਼ਿਲ੍ਹਾ ਅਤੇ ਸੈਸ਼ਨ ਜੱਜ ਸ਼੍ਰੀ ਅਮਿਤ ਗਰਗ, ਵਧੀਕ ਜ਼ਿਲ੍ਹਾ ਅਤੇ ਸੈਸ਼ਨ ਜੱਜ ਅਤੇ ਪ੍ਰਿੰਸੀਪਲ ਜੱਜ ਫੈਮਲੀ ਕੋਰਟ ਮਨਜੀਤ ਪਾਲ, ਸਿਵਲ ਜੱਜ ਸਚਿਨ ਕੁਮਾਰ, ਸਿਵਲ ਜੱਜ ਰੇਲਵੇ ਕੋਰਟ ਸ਼੍ਰੀਮਤੀ ਚਿਨਾਰ ਬਾਗਲਾ, ਸਿਵਲ ਜੱਜ ਸ਼੍ਰੀਮਤੀ ਰੋਸ਼ਨੀ, ਸਿਵਲ ਜੱਜ ਅਨੁਰਾਗ ਯਾਦਵ, ਸਿਵਲ ਜੱਜ ਅੰਬਾਲਾ ਅਤੇ ਚੇਤੇਸ਼ ਗੁਪਤਾ, ਸਿਵਲ ਜੱਜ ਨਰਾਇਣਗੜ੍ਹ ਦੀਆਂ ਅਦਾਲਤਾਂ ਵਿੱਚ ਕੁੱਲ 8 ਬੈਂਚਾਂ ਦਾ ਗਠਨ ਕੀਤਾ ਗਿਆ। ਇਸ ਲੋਕ ਅਦਾਲਤ ਵਿੱਚ ਕੁੱਲ 55625 ਕੇਸ ਦਰਜ ਕੀਤੇ ਗਏ ਜਿਨ੍ਹਾਂ ਵਿੱਚ 221 ਵਿਆਹੁਤਾ ਅਤੇ ਪਰਿਵਾਰਕ ਮਾਮਲੇ, 2057 ਅਪਰਾਧਿਕ ਮਾਮਲੇ, 724 ਸਿਵਲ ਕੇਸ ਅਤੇ 783 ਬੈਂਕ ਰਿਕਵਰੀ ਕੇਸ, ਐਨਆਈਏ ਐਕਟ 1740 ਆਦਿ ਸ਼ਾਮਲ ਹਨ। ਇਨ੍ਹਾਂ ਵਿੱਚੋਂ 30083 ਕੇਸਾਂ ਦਾ ਨਿਪਟਾਰਾ ਕੀਤਾ ਗਿਆ ਅਤੇ ਕੁੱਲ 73800746/- ਰੁਪਏ ਦੀ ਰਕਮ ਅਦਾ ਕੀਤੀ ਗਈ। ਇਸ ਸਬੰਧ ਵਿੱਚ ਜ਼ਿਲ੍ਹਾ ਅਦਾਲਤ ਵਿੱਚ ਇੱਕ ਹੈਲਪ ਡੈਸਕ ਵੀ ਸਥਾਪਤ ਕੀਤਾ ਗਿਆ ਸੀ ਤਾਂ ਜੋ ਵੱਧ ਤੋਂ ਵੱਧ ਜਾਣਕਾਰੀ ਲੋਕਾਂ ਤੱਕ ਪਹੁੰਚ ਸਕੇ ਅਤੇ ਵੱਧ ਤੋਂ ਵੱਧ ਲੋਕ ਇਸ ਲੋਕ ਅਦਾਲਤ ਦਾ ਲਾਭ ਲੈ ਸਕਣ। ਵਧੇਰੇ ਜਾਣਕਾਰੀ ਲਈ, ਹੈਲਪ ਲਾਈਨ ਨੰਬਰ- 0171-2532142 ਅਤੇ 9991112060 ਨਾਲ NALSA ਹੈਲਪ ਲਾਈਨ ਨੰਬਰ 15100 'ਤੇ ਸੰਪਰਕ ਕੀਤਾ ਜਾ ਸਕਦਾ ਹੈ।

ਪ੍ਰੇਮ ਨਾਥ ਸ਼ਰਮਾ ਨੇ ਆਮ ਆਦਮੀ ਪਾਰਟੀ ਦੀ ਟਿਕਟ ਲਈ ਜਤਾਈ ਦਾਅਵੇਦਾਰੀ

ਪੈ.ਗਾਮ-ਏ-ਜਗਤ/ਫਿਰੋਜ਼ਪੁਰ
12 ਸਤੰਬਰ (ਗੁਰਮੇਜ ਸਿੰਘ)

- **2014 ਤੋਂ ਪਾਰਟੀ ਦੀ ਮਜ਼ਬੂਤੀ ਲਈ ਸਰਗਰਮ, ਗਾਂਧੀ ਗਾਰਡਨ 'ਚ ਪਹਿਲੀ ਮੀਟਿੰਗ ਕਰਵਾਉਣ ਤੋਂ ਲੈ ਕੇ ਲਗਾਤਾਰ ਕੀਤੀ ਸੇਵਾ**



ਆਮ ਆਦਮੀ ਪਾਰਟੀ ਦੇ ਸਥਾਪਨਾ ਦੌਰ ਤੋਂ ਪਾਰਟੀ ਨਾਲ ਜੁੜੇ ਰਹੇ ਫਾਊਂਡਰ ਮੈਂਬਰ ਪ੍ਰੇਮ ਨਾਥ ਸ਼ਰਮਾ ਨੇ ਆਉਣ ਵਾਲੀਆਂ ਚੋਣਾਂ ਨੂੰ ਲੈ ਕੇ ਪਾਰਟੀ ਟਿਕਟ ਲਈ ਆਪਣੀ ਦਾਅਵੇਦਾਰੀ ਪੇਸ਼ ਕੀਤੀ ਹੈ। ਉਨ੍ਹਾਂ ਕਿਹਾ ਕਿ ਪਾਰਟੀ ਦੇ ਮੁੱਢਲੇ ਦਿਨਾਂ ਤੋਂ ਹੀ ਉਹ ਪਾਰਟੀ ਦੀਆਂ ਗਤੀਵਿਧੀਆਂ ਵਿੱਚ ਸਰਗਰਮੀ ਨਾਲ ਹਿੱਸਾ ਲੈਂਦੇ ਆ ਰਹੇ ਹਨ ਅਤੇ ਪਾਰਟੀ ਦੀ ਮਜ਼ਬੂਤੀ ਲਈ ਤਨ-ਮਨ-ਧਨ ਨਾਲ ਕੰਮ ਕੀਤਾ ਹੈ। ਉਨ੍ਹਾਂ ਆਪਣੀ ਲੰਮੀ ਸਿਆਸੀ ਸਰਗਰਮੀ ਅਤੇ ਜ਼ਮੀਨੀ ਪੱਧਰ 'ਤੇ ਕੀਤੇ ਕੰਮਾਂ ਨੂੰ ਆਪਣੀ ਦਾਅਵੇਦਾਰੀ ਦਾ ਆਧਾਰ ਦੱਸਿਆ। ਪ੍ਰੇਮ ਨਾਥ ਸ਼ਰਮਾ ਨੇ ਦੱਸਿਆ ਕਿ ਸਾਲ 2014 ਵਿੱਚ ਫਿਰੋਜ਼ਪੁਰ ਦੇ ਗਾਂਧੀ ਗਾਰਡਨ ਵਿਖੇ ਆਮ ਆਦਮੀ ਪਾਰਟੀ ਦੀ ਪਹਿਲੀ ਮੀਟਿੰਗ ਕਰਵਾਉਣ ਵਿੱਚ ਉਨ੍ਹਾਂ ਦੀ ਅਹਿਮ ਭੂਮਿਕਾ ਰਹੀ। ਉਸ ਸਮੇਂ ਪਾਰਟੀ ਨਵੀਂ ਸਿਆਸੀ ਤਾਕਤ ਵਜੋਂ ਲੋਕਾਂ ਵਿਚ ਆਪਣੀ ਪਛਾਣ ਬਣਾਉਣ ਅਤੇ ਸੰਗਠਨ ਨੂੰ ਜ਼ਮੀਨੀ ਪੱਧਰ 'ਤੇ ਮਜ਼ਬੂਤ ਕਰਨ ਲਈ ਯਤਨਸ਼ੀਲ ਸੀ।

ਉਨ੍ਹਾਂ ਕਿਹਾ ਕਿ ਸ਼ੁਰੂਆਤੀ ਦੌਰ ਦੀਆਂ ਮੁਸ਼ਕਲਾਂ ਅਤੇ ਸੀਮਤ ਸਾਧਨਾਂ ਦੇ ਬਾਵਜੂਦ ਉਨ੍ਹਾਂ ਨੇ ਪਾਰਟੀ ਦੀ ਵਿਚਾਰਧਾਰਾ ਅਤੇ ਆਮ ਲੋਕਾਂ ਨਾਲ ਜੁੜੇ ਮੁੱਦਿਆਂ ਨੂੰ ਲੋਕਾਂ ਤੱਕ ਪਹੁੰਚਾਉਣ ਲਈ ਲਗਾਤਾਰ ਮਿਹਨਤ ਕੀਤੀ। ਉਨ੍ਹਾਂ ਕਿਹਾ ਕਿ ਪਾਰਟੀ ਦੇ ਸੰਗਠਨ ਨੂੰ ਮਜ਼ਬੂਤ ਕਰਨ ਲਈ ਵਰਕਰਾਂ ਨਾਲ ਲਗਾਤਾਰ ਸੰਪਰਕ ਬਣਾਈ ਰੱਖਿਆ ਅਤੇ ਵੱਖ-ਵੱਖ ਸਮਿਆਂ ਦੌਰਾਨ ਮਿਲੀਆਂ ਜ਼ਿੰਮੇਵਾਰੀਆਂ ਨੂੰ ਪੂਰੀ ਨਿਸ਼ਠਾ ਨਾਲ ਨਿਭਾਇਆ। ਉਨ੍ਹਾਂ ਅਨੁਸਾਰ ਪਾਰਟੀ ਲਈ ਕੰਮ ਕਰਦਿਆਂ ਉਨ੍ਹਾਂ ਦਾ ਮੁੱਖ ਉਦੇਸ਼ ਸਿਰਫ ਸਿਆਸੀ ਸਰਗਰਮੀ ਤੱਕ ਸੀਮਤ ਨਹੀਂ ਰਿਹਾ, ਸਗੋਂ ਲੋਕਾਂ ਦੀਆਂ ਸਮੱਸਿਆਵਾਂ ਨੂੰ ਸੁਣਨਾ, ਉਨ੍ਹਾਂ ਦੀ ਆਵਾਜ਼ ਨੂੰ ਉੱਚ ਪੱਧਰ ਤੱਕ ਪਹੁੰਚਾਉਣਾ ਅਤੇ ਆਮ ਲੋਕਾਂ ਨਾਲ ਲਗਾਤਾਰ ਰਾਬਤਾ ਬਣਾਈ ਰੱਖਣਾ ਵੀ ਉਨ੍ਹਾਂ ਦੀਆਂ ਤਰਜੀਹਾਂ ਰਹੀਆਂ ਹਨ।

ਪ੍ਰੇਮ ਨਾਥ ਸ਼ਰਮਾ ਨੇ ਕਿਹਾ ਕਿ ਪਾਰਟੀ ਦੇ ਮੁੱਢਲੇ ਦੌਰ ਤੋਂ ਅੱਜ ਤੱਕ ਦੇ ਸਫਰ ਵਿੱਚ ਉਨ੍ਹਾਂ ਨੇ ਪਾਰਟੀ ਦੇ ਨਾਲ ਨਿਰੰਤਰ ਕੰਮ ਕੀਤਾ ਹੈ। ਉਨ੍ਹਾਂ ਕਿਹਾ ਕਿ ਕਿਸੇ ਵੀ ਸਿਆਸੀ ਜਥੇਬੰਦੀ ਦੀ ਤਾਕਤ ਉਸ ਦੇ ਵਰਕਰਾਂ ਅਤੇ ਜ਼ਮੀਨੀ ਪੱਧਰ 'ਤੇ ਮੌਜੂਦ ਸੰਗਠਨ ਤੋਂ ਬਣਦੀ ਹੈ। ਇਸ ਲਈ ਉਨ੍ਹਾਂ ਨੇ ਹਮੇਸ਼ਾ ਵਰਕਰਾਂ ਨੂੰ ਇਕਜੁੱਟ ਰੱਖਣ ਅਤੇ ਪਾਰਟੀ ਦੀਆਂ ਗਤੀਵਿਧੀਆਂ ਨੂੰ ਲੋਕਾਂ ਤੱਕ ਲੈ ਕੇ ਜਾਣ ਨੂੰ ਤਰਜੀਹ ਦਿੱਤੀ।

ਉਨ੍ਹਾਂ ਕਿਹਾ ਕਿ ਉਨ੍ਹਾਂ ਦੀ ਕੋਸ਼ਿਸ਼ ਰਹੀ ਹੈ ਕਿ ਪਾਰਟੀ ਨਾਲ ਜੁੜੇ ਹਰ ਵਰਕਰ ਨੂੰ ਬਣਦਾ ਸਨਮਾਨ ਮਿਲੇ ਅਤੇ ਸੰਗਠਨ ਹੋਰ ਮਜ਼ਬੂਤ ਹੋਵੇ। ਆਪਣੇ ਪਰਿਵਾਰ ਦੀ ਦੇਸ਼ ਸੇਵਾ ਦੀ ਪਿਛੋਕੜ ਦਾ ਜ਼ਿਕਰ ਕਰਦਿਆਂ ਪ੍ਰੇਮ ਨਾਥ ਸ਼ਰਮਾ ਨੇ ਦੱਸਿਆ ਕਿ ਉਨ੍ਹਾਂ ਦੇ ਪਿਤਾ ਸਵਤੰਤਰਤਾ ਸੰਗਰਾਮੀ ਸਨ। ਉਨ੍ਹਾਂ ਨੇ ਦੇਸ਼ ਦੀ ਆਜ਼ਾਦੀ ਲਈ ਸੰਘਰਸ਼ ਕਰਦਿਆਂ ਕਰੀਬ ਢਾਈ ਸਾਲ ਮੁਲਤਾਨ ਜੇਲ੍ਹ ਵਿੱਚ ਕੈਦ ਕੱਟੀ। ਪ੍ਰੇਮ ਨਾਥ ਸ਼ਰਮਾ ਨੇ ਕਿਹਾ ਕਿ ਉਨ੍ਹਾਂ ਦੇ ਪਿਤਾ ਨੇ ਦੇਸ਼ ਸੇਵਾ ਨੂੰ ਹਮੇਸ਼ਾ ਸਭ ਤੋਂ ਉੱਪਰ ਰੱਖਿਆ ਅਤੇ ਆਜ਼ਾਦੀ ਸੰਗਰਾਮ ਨਾਲ ਜੁੜੀਆਂ ਆਪਣੀਆਂ ਸੇਵਾਵਾਂ ਦੇ ਬਦਲੇ ਕਿਸੇ ਤਰ੍ਹਾਂ ਦਾ ਸਰਕਾਰੀ ਲਾਭ ਜਾਂ ਬੈਨੀਫਿਟ ਨਹੀਂ ਲਿਆ। ਉਨ੍ਹਾਂ ਕਿਹਾ ਕਿ ਦੇਸ਼ ਸੇਵਾ, ਸਮਾਜ ਸੇਵਾ ਅਤੇ ਲੋਕਾਂ ਲਈ ਖੜ੍ਹੇ ਹੋਣ ਦੀ ਭਾਵਨਾ ਉਨ੍ਹਾਂ ਨੂੰ ਆਪਣੇ ਪਰਿਵਾਰ ਤੋਂ ਵਿਰਾਸਤ ਵਿੱਚ ਮਿਲੀ ਹੈ। ਇਸੇ ਸੋਚ ਨੂੰ ਅੱਗੇ ਵਧਾਉਂਦਿਆਂ ਉਹ ਲੰਮੇ ਸਮੇਂ ਤੋਂ ਲੋਕਾਂ ਵਿਚਕਾਰ ਰਹਿ ਕੇ ਕੰਮ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਰਾਜਨੀਤੀ ਨੂੰ ਉਨ੍ਹਾਂ ਨੇ ਹਮੇਸ਼ਾ ਲੋਕ ਸੇਵਾ ਦਾ ਜ਼ਰੀਆ ਸਮਝਿਆ ਹੈ ਅਤੇ ਇਲਾਕੇ ਦੇ ਲੋਕਾਂ ਨਾਲ ਜੁੜੇ ਮੁੱਦਿਆਂ ਨੂੰ ਉਠਾਉਣ ਨੂੰ ਆਪਣੀ ਜ਼ਿੰਮੇਵਾਰੀ ਮੰਨਿਆ ਹੈ।

ਪ੍ਰੇਮ ਨਾਥ ਸ਼ਰਮਾ ਨੇ ਕਿਹਾ ਕਿ ਆਉਣ ਵਾਲੀਆਂ ਚੋਣਾਂ ਨੂੰ ਲੈ ਕੇ ਉਨ੍ਹਾਂ ਨੇ ਪਾਰਟੀ ਟਿਕਟ ਲਈ ਆਪਣੀ ਦਾਅਵੇਦਾਰੀ ਪੇਸ਼ ਕੀਤੀ ਹੈ। ਉਨ੍ਹਾਂ ਕਿਹਾ ਕਿ ਪਾਰਟੀ ਦੇ ਨਾਲ ਲੰਮੇ ਸਮੇਂ ਤੋਂ ਜੁੜੇ ਰਹਿਣ, ਸੰਗਠਨ ਨੂੰ ਮਜ਼ਬੂਤ ਕਰਨ ਲਈ ਕੀਤੇ ਕੰਮ ਅਤੇ ਲੋਕਾਂ ਨਾਲ ਲਗਾਤਾਰ ਬਣੇ ਸੰਪਰਕ ਨੂੰ ਉਹ ਆਪਣੀ ਦਾਅਵੇਦਾਰੀ ਦਾ ਆਧਾਰ ਮੰਨਦੇ ਹਨ। ਉਨ੍ਹਾਂ ਸਪੱਸ਼ਟ ਕੀਤਾ ਕਿ ਉਨ੍ਹਾਂ ਦਾ ਉਦੇਸ਼ ਪਾਰਟੀ ਦੀ ਨੀਤੀ ਅਤੇ ਵਿਚਾਰਧਾਰਾ ਨੂੰ ਅੱਗੇ ਵਧਾਉਂਦਿਆਂ ਲੋਕਾਂ ਦੀ ਸੇਵਾ ਕਰਨਾ ਹੈ। ਉਨ੍ਹਾਂ ਕਿਹਾ ਕਿ ਜੇਕਰ ਪਾਰਟੀ ਵੱਲੋਂ ਉਨ੍ਹਾਂ ਦੀ ਦਾਅਵੇਦਾਰੀ ਨੂੰ ਸਵੀਕਾਰ ਕਰਦਿਆਂ ਚੋਣ ਮੈਦਾਨ ਵਿੱਚ ਉਤਾਰਿਆ ਜਾਂਦਾ ਹੈ ਤਾਂ ਉਹ ਪੂਰੀ ਇਮਾਨਦਾਰੀ, ਮਿਹਨਤ ਅਤੇ ਸਮਰਪਣ ਨਾਲ ਪਾਰਟੀ ਲਈ ਕੰਮ ਕਰਨਗੇ। ਉਨ੍ਹਾਂ ਕਿਹਾ ਕਿ ਉਹ ਲੰਮੇ ਸਮੇਂ ਤੋਂ ਪਾਰਟੀ ਦੇ ਵਰਕਰਾਂ ਅਤੇ ਆਮ ਲੋਕਾਂ ਨਾਲ ਜੁੜੇ ਹੋਏ ਹਨ ਅਤੇ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਲੋਕਾਂ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ 'ਤੇ ਉਠਾਉਂਦੇ ਰਹਿਣਗੇ।

ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਦੇ ਪਿੰਡ ਸੰਧਵਾਂ ਵਿਖੇ ਵੱਖ-ਵੱਖ ਸਕੀਮ ਵਰਕਰਾਂ, ਅਧਿਆਪਕਾਂ, ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੇ ਜ਼ੋਨਲ ਪੱਧਰ ਦੀ ਰੋਸ ਰੈਲੀ ਕਰਕੇ ਕੀਤਾ ਕੋਠੀ ਦਾ ਘਿਰਾਓ

ਪੈ.ਗਾਮ-ਏ-ਜਗਤ/ਕੋਟਕਪੂਰਾ
12 ਸਤੰਬਰ (ਸ਼ਿਵਨਾਥ)



ਤਾਲਮੇਲ ਕਮੇਟੀ,ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰਜ਼ ਸਾਂਝਾ ਫਰੰਟ , ਸਾਂਝਾ ਮੁਲਾਜ਼ਮ ਮੰਚ ਦੇ ਸੱਦੇ ' ਤੇ ਅੱਜ ਪਿੰਡ ਸੰਧਵਾਂ ਵਿਖੇ ਫਰੀਦਕੋਟ, ਮੋਗਾ, ਸ੍ਰੀ ਮੁਕਤਸਰ ਸਾਹਿਬ, ਫਾਜ਼ਿਲਕਾ ਅਤੇ ਫਿਰੋਜ਼ਪੁਰ ਜ਼ਿਲ੍ਹਿਆਂ ਦੀਆਂ ਆਸ਼ਾ ਵਰਕਰਾਂ, ਮਿਡ ਡੇਅ ਮੀਲ

- **ਪੰਜਾਬ ਵਿਧਾਨ ਸਭਾ ਚੋਣਾਂ ਵਿੱਚ ਆਮ ਆਦਮੀ ਪਾਰਟੀ ਨੂੰ ਸਬਕ ਸਿਖਾਉਣ ਦੀ ਦਿੱਤੀ ਚਿਤਾਵਨੀ**

ਵਰਕਰਾਂ, ਆਂਗਨਵਾੜੀ ਵਰਕਰਾਂ, ਅਧਿਆਪਕਾਂ , ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੇ ਵੱਡੀ ਗਿਣਤੀ ਵਿੱਚ ਸ਼ਾਮਿਲ ਹੋ ਕੇ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਦੇ ਪਿੰਡ ਸੰਧਵਾਂ ਵਿਖੇ ਵਿਸ਼ਾਲ ਰੋਸ ਰੈਲੀ ਕਰਕੇ ਭਗਵੰਤ ਮਾਨ ਸਰਕਾਰ ਅਤੇ ਕੁਲਤਾਰ ਸਿੰਘ ਸੰਧਵਾਂ ਦੇ ਖਿਲਾਫ ਤਿੱਖੀ ਨਾਹਰੇਬਾਜੀ ਕੀਤੀ। ਵੱਖ ਵੱਖ ਜਿਲਿਆਂ ਤੋਂ ਆਏ ਸੈਂਕੜੇ ਮੁਲਾਜ਼ਮ ਆਪਣੇ ਝੰਡੇ ਅਤੇ ਬੈਨਰ ਚੁੱਕ ਕੇ ਰੈਲੀ ਵਿੱਚ ਸ਼ਾਮਿਲ ਹੋਏ। ਇਸ ਰੈਲੀ ਨੂੰ ਸੰਬੋਧਨ ਕਰਦਿਆਂ ਗੁਰਨਾਮ ਸਿੰਘ ਵਿਰਕ, ਮੁੱਖ ਕਨਵੀਨਰ ਸਾਂਝਾ ਮੁਲਾਜ਼ਮ ਮੰਚ, ਪੰਜਾਬ ਅਤੇ ਸੂਬਾ ਪ੍ਰਧਾਨ ਪੰਜਾਬ ਸਟੇਟ ਮਨਿਸਟਰੀਅਲ ਸਰਵਿਸਜ਼ ਯੂਨੀਅਨ , ਸੂਬਾ ਕਨਵੀਨਰ ਭਜਨ ਸਿੰਘ ਗਿੱਲ, ਜਗਦੀਸ਼ ਸਿੰਘ ਚਾਹਲ, ਦਿਗਵਿਜੇ ਪਾਲ ਸ਼ਰਮਾ, ਸੁਰਿੰਦਰ ਰਾਮ ਕੁੱਸਾ,ਪ੍ਰੇਮ ਚਾਵਲਾ, ਬਿਕਰਮਜੀਤ ਸਿੰਘ ਢਿੱਲੋ ਜ਼ਿਲ੍ਹਾ ਪ੍ਰਧਾਨ ਮਨਿਸਟੀਰੀਅਲ ਸਟਾਫ, ਜਤਿੰਦਰ ਕੁਮਾਰ, ਸੁਖਵਿੰਦਰ ਸਿੰਘ ਸੁੱਖੀ,ਲਖਬੀਰ ਸਿੰਘ ਹਰੀਕੇ, ਇੰਦਰਜੀਤ ਸਿੰਘ ਖੀਵਾ, ਹਰਪ੍ਰੀਤ ਸਿੰਘ ਸਰਾਂ,ਸੁਰਿੰਦਰ ਧਰਾਡ ਕਲਾਂ ਸੂਬਾ ਆਗੂ ਟੀ ਐਸ ਯੂ, , ਨਵਪ੍ਰੀਤ ਸਿੰਘ, ਬਲਬੀਰ ਸਿੰਘ ਸਿਬੀਆਂ, ਸੁਖਮੰਦਰ ਸਿੰਘ ਗਿੱਲ ਪੀ ਆਰ ਟੀ ਸੀ, ਪੈਨਸ਼ਨਰ ਆਗੂ ਕੁਲਵੰਤ ਸਿੰਘ ਚਾਨੀ, ਰਾਮ ਪ੍ਰਸਾਦ ਫਿਰੋਜ਼ਪੁਰ , ਕਲਵਿੰਦਰ ਸਿੰਘ ਮੌੜ , ਆਸ਼ਾ ਵਰਕਰ ਯੂਨੀਅਨ ਦੇ ਆਗੂ ਸਰਬਜੀਤ ਕੌਰ ਮਚਾਕੀ, ਆਂਗਣਵਾੜੀ ਵਰਕਰਜ਼ ਯੂਨੀਅਨ ਦੇ ਆਗੂ ਸਰੋਜ ਛਪੜੀ ਵਾਲਾ, ਗੁਰਚਰਨ ਕੌਰ ਮੋਗਾ, ਮਿਡ ਡੇ ਮੀਲ ਵਰਕਰਾਂ ਦੇ ਆਗੂ ਰਮਨਜੀਤ ਕੌਰ, ਬਿਮਲਾ ਦੇਵੀ, ਪਾਵਰ ਕਾਮ ਪੈਨਸ਼ਨਰ ਆਗੂ ਗੁਰਮੇਲ ਸਿੰਘ ਨਾਹਰ, ਚੰਦ ਸਿੰਘ ਡੋਡ, ਅਮਰੀਕ ਸਿੰਘ ਸੰਧੂ, ਖੁਸ਼ਕਰਨਜੀਤ ਸਿੰਘ ਸ੍ਰੀ ਮੁਕਤਸਰ ਸਾਹਿਬ, ਪਿੱਪਲ ਸਿੰਘ ਸਿੱਧੂ ਸੂਬਾਈ ਆਗੂ ਮਨਿਸਟੀਰੀਅਲ ਸਟਾਫ, ਕਿਰਨ ਪ੍ਰਕਾਸ਼ ਮਹਿਤਾ, , ਅਧਿਆਪਕ ਆਗੂ ਬਲਜਿੰਦਰ ਸਿੰਘ ਧਾਲੀਵਾਲ ਸੂਬਾ ਪ੍ਰਧਾਨ, ਧਰਮਿੰਦਰ ਸਿੰਘ, ਜੀਤੇਂਦਰ ਕੁਮਾਰ ਹੰਸ ,ਪ੍ਰੀਤ ਭਗਵਾਨ ਸਿੰਘ, ਰਣਜੀਤ ਸਿੰਘ ਮੱਲਾ, ਹਰਜੰਟ ਸਿੰਘ ਬੋਡੇ, ਜਸਵਿੰਦਰ ਸਿੰਘ ਬਰਗਾੜੀ, ਮੁਲਾਜ਼ਮ ਆਗੂ ਸਿਮਰਜੀਤ ਸਿੰਘ ਬਰਾੜ , ਵੀਰ ਇੰਦਰਜੀਤ ਸਿੰਘ ਪੁਰੀ , ਮਹਿੰਦਰ ਕੌੜਿਆਂਵਾਲੀ, ਨਵੀਨ ਸਚਦੇਵਾ ਜ਼ੀਰਾ, ਬਾਜ ਸਿੰਘ ਭੁੱਲਰ, ਦੀਦਾਰ ਸਿੰਘ ਮੁੱਦਕੀ , ਕੁਲਬੀਰ ਸਿੰਘ ਢਿੱਲੋਂ, ਮਨਜੀਤ ਕੌਰ ਫਰੀਦਕੋਟ, ਪ੍ਰਗਟਜੀਤ ਸਿੰਘ ਕਿਸ਼ਨਪੁਰਾ. ਸੁਰਿੰਦਰ ਕੰਬੋਜ, ਇਕਬਾਲ ਸਿੰਘ ਢੁੱਡੀ , ਸੁਖਦੇਵ ਕੰਬੋਜ, ਮਨੋਹਰ ਲਾਲ ਸ਼ਰਮਾ ਮਲੋਟ, ਸੁਖਜਿੰਦਰ ਸਿੰਘ ਦੋਦਾ, ਕਸ਼ਮੀਰ ਸਿੰਘ ਥਿੰਦ ਜੇਲ ਵਿਭਾਗ, ਬਲਜੀਤ ਕੌਰ ਸਿਹਤ ਵਿਭਾਗ, ਗੁਰਜੰਟ ਸਿੰਘ ਕੋਕਰੀ , ਬਿਮਲਾ ਦੇਵੀ ਮਿਡ ਡੇਅ ਮੀਲ ਵਰਕਰ ਆਗੂ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਹੁਕਮਰਾਨ ਪੰਜਾਬ ਸਰਕਾਰ ਤੇ ਦੋਸ਼ ਲਾਇਆ ਕਿ ਆਪਣੇ ਸਾਢੇ ਚਾਰ ਸਾਲਾਂ ਦੇ ਰਾਜ ਭਾਗ ਦੌਰਾਨ ਪੰਜਾਬ ਦੇ ਲੱਖਾਂ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਲੰਬੇ ਸਮੇਂ ਤੋਂ ਲਟਕ ਰਹੀਆਂ ਹੱਕੀ ਅਤੇ ਜਾਇਜ਼ ਮੰਗਾਂ ਪ੍ਰਤੀ ਬਹੁਤ ਮਾੜਾ ਵਤੀਰਾ ਅਖਤਿਆਰ ਕੀਤਾ ਹੋਇਆ ਹੈ। ਇਹ ਸਰਕਾਰ ਪੰਜਾਬ ਦੇ ਲੱਖਾਂ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਮੰਗਾਂ ਪ੍ਰਤੀ ਪਹੁੰਚ ਦੇ ਪੱਖ ਤੋਂ ਪਿਛਲੀਆਂ ਹੁਕਮਰਾਨ ਸਾਰੀਆਂ ਸਰਕਾਰਾਂ ਨਾਲੋਂ ਮਾੜੀ ਅਤੇ ਨਖਿਧ ਸਾਬਤ ਹੋਈ ਹੈ।

ਭਗਵੰਤ ਸਿੰਘ ਮਾਨ ਤੁਰੰਤ ਸਾਂਝੀ ਤਾਲਮੇਲ ਕਮੇਟੀ ਦੀ ਲੀਡਰਸ਼ਿਪ ਨਾਲ ਪੈਨਲ ਮੀਟਿੰਗ ਕਰਕੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੇ ਲਮਕ ਅਵਸਥਾ ਵਿੱਚ ਪਏ ਸਾਰੇ ਮਸਲੇ ਤੁਰੰਤ ਹੱਲ ਕਰਨ, ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ 18 ਫੀਸਦੀ ਦੀ ਦਰ ਨਾਲ ਬਕਾਇਆ ਪਈਆਂ 6 ਕਿਸ਼ਤਾਂ ਤੁਰੰਤ ਦਿੱਤੀਆਂ ਜਾਣ, ਪੈਨਸ਼ਨਰਾਂ ਲਈ 2.59 ਦਾ ਗੁਣਾਂਕ ਤੁਰੰਤ ਲਾਗੂ ਕੀਤਾ ਜਾਵੇ, ਪੁਰਾਣੀ ਪੈਨਸ਼ਨ ਸਕੀਮ ਤੁਰੰਤ ਬਹਾਲ ਕੀਤੀ ਜਾਵੇ, ਸਮੂਹ ਕੱਚੇ ਅਤੇ ਠੇਕਾ ਆਧਾਰਤ ਮੁਲਾਜ਼ਮਾਂ ਨੂੰ ਤੁਰੰਤ ਪੂਰੀਆਂ ਤਨਖਾਹਾਂ ਤੇ ਭੱਤਿਆਂ ਸਮੇਤ ਰੈਗੂਲਰ ਕੀਤਾ ਜਾਵੇ, ਆਸ਼ਾ ਵਰਕਰਾਂ, ਮਿਡ ਡੇਅ ਮੀਲ ਵਰਕਰਾਂ, ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਨੂੰ ਸਰਕਾਰੀ ਮੁਲਾਜ਼ਮ ਮੰਨਕੇ ਪੂਰੀਆਂ ਤਨਖਾਹਾਂ ਦਿੱਤੀਆਂ ਜਾਣ, ਮਾਨਯੋਗ ਅਦਾਲਤਾਂ ਵੱਲੋਂ ਪਿਛਲੇ ਸਮੇਂ ਦੌਰਾਨ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੇ ਹੱਕ ਵਿੱਚ ਕੀਤੇ ਗਏ ਸਾਰੇ ਫੈਸਲੇ ਤੁਰੰਤ ਲਾਗੂ ਕਰਕੇ ਜਨਰਲਾਈਜ਼ ਕਰਕੇ ਲਾਗੂ ਕੀਤੇ ਜਾਣ, ਮਿਤੀ 15 ਜਨਵਰੀ 2015 ਅਤੇ ਮਿਤੀ 17 ਜੁਲਾਈ 2020 ਦੇ ਪੱਤਰ ਤੁਰੰਤ ਰੱਦ ਕੀਤੇ ਜਾਣ ਅਤੇ ਸਾਂਝੀ ਤਾਲਮੇਲ ਕਮੇਟੀ ਦੇ ਮੰਗ ਪੱਤਰ ਵਿੱਚ ਸ਼ਾਮਲ ਸਮੂਹ ਮੰਗਾਂ ਦਾ ਤੁਰੰਤ ਨਿਪਟਾਰਾ ਕੀਤਾ ਜਾਵੇ। ਆਗੂਆਂ ਨੇ ਭਗਵੰਤ ਮਾਨ ਸਰਕਾਰ ਨੂੰ ਚਿਤਾਵਨੀ ਦਿੰਦਿਆਂ ਐਲਾਨ ਕੀਤਾ ਕਿ ਮਹੀਨਾ ਸਤੰਬਰ ਅਤੇ ਅਕਤੂਬਰ ਦੌਰਾਨ ਸਾਂਝੀ ਤਾਲਮੇਲ ਕਮੇਟੀ ਵੱਲੋਂ ਵੱਖ ਵੱਖ ਉਲੀਕੇ ਗਏ ਐਕਸ਼ਨ ਪ੍ਰੋਗਰਾਮ ਸਫਲਤਾ ਪੂਰਵਕ ਲਾਗੂ ਕੀਤੇ ਜਾਣਗੇ ਅਤੇਪੰਜਾਬ ਵਿਧਾਨ ਸਭਾ ਦੀਆਂ ਚੋਣਾਂ ਦੌਰਾਨ ਆਮ ਆਦਮੀ ਪਾਰਟੀ ਦੇ ਸਾਰੇ ਉਮੀਦਵਾਰਾਂ ਨੂੰ ਸਬਕ ਸਿਖਾਇਆ ਜਾਵੇਗਾ ।

ਮੁਜ਼ਾਹਰਾਕਾਰੀਆਂ ਨੂੰ ਸਪੀਕਰ ਪੰਜਾਬ ਵਿਧਾਨ ਸਭਾ ਦੀ ਕੋਠੀ ਨੇੜੇ ਜਾਣ ਤੋਂ ਰੋਕਣ ਲਈ ਪੰਜਾਬ ਪੁਲਿਸ ਵੱਲੋਂ ਬੈਰੀਕੇਡ ਲਗਾਕੇ ਸਖਤ ਪ੍ਰਬੰਧ ਕੀਤੇ ਗਏ ਸਨ। ਆਗੂਆਂ ਨੇ ਪੁਲਿਸ ਵੱਲੋਂ ਲਗਾਏ ਨਾਕੇ ਤੋੜ ਕੇ ਸਪੀਕਰ ਪੰਜਾਬ ਵਿਧਾਨ ਸਭਾ ਦੀ ਕੋਠੀ ਦਾ ਘਿਰਾਓ ਕੀਤਾ ਜੋਕਿ ਲਗਭਗ ਇੱਕ ਘੰਟਾ ਜਾਰੀ ਰਿਹਾ। ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਵੱਲੋਂ ਸਮੂਹ ਹਾਜ਼ਰੀਨ ਲਈ ਚਾਹ ਦਾ ਲੰਗਰ, ਮਾਸਟਰ ਕੇਡਰ ਯੂਨੀਅਨ ਵੱਲੋਂ ਕੇਲਿਆਂ ਦਾ ਲੰਗਰ ਲਗਾਇਆ ਗਿਆ ਅਤੇ ਸੁਖਮੰਦਰ ਸਿੰਘ ਸੰਧਵਾਂ ਪਾਣੀ ਦੀਆਂ ਮੁਫ਼ਤ ਸੇਵਾਵਾਂ ਨਿਭਾਈਆਂ ਗਈਆਂ। ਰੈਲੀ ਦੌਰਾਨ ਮੋਹਨਜੀਤ ਸਿੰਘ ਸ਼ੇਰੋਂ ਦੇ ਕੀਤੇ ਪੁਲਿਸ ਤਸ਼ੱਦਦ , ਗੁਲਜਾਰ ਸਿੰਘ ਤੂਰ ਵਣਜਾਰਾ ਦੀ ਦੁਖਦਾਈ ਮੌਤ ਦੇ ਸਬੰਧ ਵਿੱਚ ਇੱਕ ਮਤਾ ਸਰਬ ਸੰਮਤੀ ਨਾਲ ਪਾਸ ਕਰਕੇ ਵਿੱਤ ਮੰਤਰੀ ਪੰਜਾਬ ਹਰਪਾਲ ਸਿੰਘ ਚੀਮਾ ਦੇ ਖਿਲਾਫ ਪੁਲਿਸ ਮੁਕੱਦਮਾ ਦਰਜ ਕਰਨ ਦੀ ਮੰਗ ਕੀਤੀ ਗਈ। ਇਸ ਮੌਕੇ ਤੇ ਹੋਰਨਾਂ ਤੋਂ ਇਲਾਵਾ ਪ੍ਰਿੰਸੀਪਲ ਕ੍ਰਿਸ਼ਨ ਲਾਲ ਬਕੌਲੀਆ, ਅਮਰਜੀਤ ਸਿੰਘ ਵਾਲੀਆ, ਗੁਰਮੀਤ ਸਿੰਘ ਜੈਤੋ, ਗੁਰਦੀਪ ਸਿੰਘ ਰਾਮੇਆਣਾ ਆਦਿ ਵੱਡੀ ਗਿਣਤੀ ਵਿੱਚਸਕੀਮ ਵਰਕਰਜ, ਅਧਿਆਪਕ, ਮੁਲਾਜ਼ਮ ਅਤੇ ਪੈਨਸ਼ਨਰ ਹਾਜ਼ਰ ਸਨ।

2018 ਦੇ ਬਾਰਡਰ ਤੇ ਨਾਨ ਬਾਰਡਰ ਏਰੀਆ ਦੇ ਨਿਯਮ ਰੱਦ ਕਰਕੇ ਪ੍ਰਮੋਸ਼ਨਾਂ ਕਰਨ ਦੀ ਮੰਗ

ਐਸ.ਏ.ਐਸ. ਨਗਰ, 12 ਸਤੰਬਰ (ਪੈ.ਗਾਮ-ਏ-ਜਗਤ)



ਗੌਰਮਿੰਟ ਸਕੂਲ ਪ੍ਰਮੋਸ਼ਨ ਫਰੰਟ ਪੰਜਾਬ ਦੀ ਹੰਗਾਮੀ ਮੀਟਿੰਗ ਐਸ.ਏ.ਐਸ. ਨਗਰ ਵਿਖੇ ਸਕੂਲ ਤੇ ਇੰਸਪੈਕਸ਼ਨ ਕਾਡਰ ਗਰੁੱਪ ਏ ਅਤੇ ਗਰੁੱਪ ਬੀ ਦੇ 2018 ਦੇ ਬਾਰਡਰ ਤੇ ਨਾਨ ਬਾਰਡਰ ਏਰੀਏ ਦੇ ਨਿਯਮਾਂ ਉੱਤੇ ਚਰਚਾ ਲਈ ਕੀਤੀ ਗਈ।

ਇਸ ਤੋਂ ਬਾਅਦ ਆਗੂਆਂ ਸ੍ਰੀ ਸੰਜੀਵ ਕੁਮਾਰ, ਭੁਪਿੰਦਰਪਾਲ ਸਿੰਘ ਤੇ ਚਰਨਜੀਤ ਸਿੰਘ ਨੇ ਦੱਸਿਆ ਕਿ 2018 ਵਿੱਚ ਸਕੂਲ ਸਿੱਖਿਆ ਵਿਭਾਗ ਵੱਲੋਂ ਲੋਕ ਰਾਇ ਬਣਾਉਣ ਤੋਂ ਬਿਨਾਂ, ਕਾਨੂੰਨੀ ਨੁਕਤਿਆਂ ਦੀ ਨਿਸ਼ਾਨਦੇਹੀ ਕੀਤੇ ਬਿਨਾਂ, ਨਿਯਮਾਂ ਦੇ ਦੂਰਗਾਮੀ ਪ੍ਰਭਾਵਾਂ ਦਾ ਸਰਵੇਖਣ ਕਰਵਾਏ ਬਿਨਾਂ ਅਤੇ ਸਮੂਹ ਅਧਿਆਪਕ ਜਥੇਬੰਦੀਆਂ ਨੂੰ ਭਰੋਸੇ ਵਿੱਚ ਲਏ ਬਿਨਾਂ ਗੈਰ ਜਮਹੂਰੀ ਤਰੀਕੇ ਨਾਲ ਮੁਲਾਜ਼ਮ ਵਿਰੋਧੀ ਨਿਯਮ ਬਣਾਏ ਗਏ। ਉਨ੍ਹਾਂ ਕਿਹਾ ਕਿ ਇਹ ਨਿਯਮ ਵੱਡੀ ਪੱਧਰ ਉੱਤੇ ਖਾਮੀਆਂ ਭਰਪੂਰ ਹਨ ਅਤੇ ਬਣਨ ਤੋਂ ਬਾਅਦ ਹੀ ਮਾਨਯੋਗ ਪੰਜਾਬ ਤੇ ਹਰਿਆਣਾ ਹਾਈ ਕੋਰਟ ਵਿੱਚ ਚੁਣੌਤੀਆਂ ਦਾ ਸਾਹਮਣਾ ਕਰ ਰਹੇ ਹਨ।

ਆਗੂਆਂ ਨੇ ਕਿਹਾ ਕਿ ਇਨ੍ਹਾਂ ਖਾਮੀਆਂ ਕਾਰਨ ਹੀ ਵਿਭਾਗ ਨੂੰ 292 ਪ੍ਰਿੰਸੀਪਲਜ਼ ਤੇ ਹੈਡਮਾਸਟਰਜ਼ ਦੀਆਂ ਸਿੱਧੀ ਭਰਤੀ ਦੀਆਂ ਅਸਾਮੀਆਂ ਮਾਨਯੋਗ ਕੋਰਟ ਦੇ ਦਖਲ ਤੋਂ ਬਾਅਦ ਵਾਪਸ ਲੈਣੀਆਂ ਪਈਆਂ। ਪ੍ਰਿੰਸੀਪਲ ਦੀ ਪ੍ਰਮੋਸ਼ਨ ਲਈ ਫੀਡਰ ਕਾਡਰਾਂ ਲੈਕਚਰਾਰ, ਹੈੱਡ ਮਾਸਟਰ ਤੇ ਵੋਕੇਸ਼ਨਲ ਲੈਕਚਰਾਰ ਦੀ ਕੋਈ ਵੀ ਭਰਤੀ ਬਾਰਡਰ ਏਰੀਏ ਲਈ ਨਹੀਂ ਕੀਤੀ ਗਈ। ਉਨ੍ਹਾਂ ਕਿਹਾ ਕਿ ਹੈਰਾਨੀ ਦੀ ਗੱਲ ਹੈ ਕਿ ਨਿਯਮ ਬਣਾਉਣ ਵਾਲੇ ਅਧਿਕਾਰੀਆਂ ਨੂੰ ਜਲਦੀ ਹੀ ਪਤਾ ਲੱਗ ਗਿਆ ਸੀ ਕਿ ਜ਼ਮੀਨੀ ਪੱਧਰ ਉੱਤੇ ਇਹ ਨਿਯਮ ਲਾਗੂ ਨਹੀਂ ਹੋ ਸਕਦੇ, ਇਸ ਲਈ 2019 ਵਿੱਚ ਕੀਤੀਆਂ ਨਵੀਆਂ ਭਰਤੀਆਂ ਅਤੇ ਤਰੱਕੀਆਂ ਸਮੇਂ ਇਹ ਨਿਯਮ ਲਾਗੂ ਨਹੀਂ ਕੀਤੇ ਗਏ। ਫਰੰਟ ਦੇ ਆਗੂ ਅਮਰਿੰਦਰ ਸਿੰਘ ਨੇ ਦੱਸਿਆ ਕਿ ਇਨ੍ਹਾਂ ਨਿਯਮਾਂ ਤਹਿਤ ਬਾਰਡਰ ਏਰੀਆ ਨਿਰਧਾਰਿਤ ਕਰਦੇ ਸਮੇਂ ਭਾਰਤ-ਪਾਕਿ ਨਾਲ ਲੱਗਦੇ 6 ਜ਼ਿਲ੍ਹਿਆਂ ਪਠਾਨਕੋਟ, ਗੁਰਦਾਸਪੁਰ, ਅੰਮ੍ਰਿਤਸਰ, ਤਰਨਤਾਰਨ, ਫਿਰੋਜ਼ਪੁਰ ਤੇ ਫਾਜਿਲਕਾ ਨੂੰ ਲਿਆ ਗਿਆ ਹੈ। ਉਨ੍ਹਾਂ ਕਿਹਾ ਕਿ ਜੇਕਰ ਬਾਰਡਰ ਦੇ ਸੁਰੱਖਿਆ ਘੇਰੇ ਨੂੰ ਵਿਚਾਰੀਏ ਤਾਂ ਬਾਰਡਰ ਤੋਂ 50 ਕਿਲੋਮੀਟਰ ਤੱਕ ਬਾਰਡਰ ਸੁਰੱਖਿਆ ਘੇਰਾ ਬਣਦਾ ਹੈ, ਜਦਕਿ ਪੰਜਾਬ ਸਰਕਾਰ ਬਾਰਡਰ ਤੋਂ 16 ਕਿਲੋਮੀਟਰ ਦੇ ਅੰਦਰ ਵੱਸਣ ਵਾਲੇ ਬਸ਼ਿੰਦਿਆਂ ਨੂੰ ਬਾਰਡਰ ਏਰੀਏ ਦੀਆਂ ਸਹੂਲਤਾਂ ਲਈ ਪ੍ਰਮਾਣ ਪੱਤਰ ਜਾਰੀ ਕਰਦੀ ਹੈ। ਇਸ ਸਬੰਧੀ ਉਨ੍ਹਾਂ ਸਵਾਲ ਕੀਤਾ ਕਿ ਪੂਰੇ ਜ਼ਿਲ੍ਹੇ ਨੂੰ ਬਾਰਡਰ ਏਰੀਏ ਦੇ ਲਾਭਕਾਰੀ ਵਰਗ ਵਿੱਚ ਕਿਸ ਪੈਰਾਮੀਟਰ ਤਹਿਤ ਰੱਖਿਆ ਗਿਆ ਹੈ।

ਆਗੂ ਗੁਰਮੀਤ ਸਿੰਘ ਨੇ ਕਿਹਾ ਕਿ ਇਨ੍ਹਾਂ ਨਿਯਮਾਂ ਦੇ ਅੜਿੱਕਿਆਂ ਕਾਰਨ ਲੰਮੇ ਸਮੇਂ ਤੋਂ ਪ੍ਰਮੋਸ਼ਨਾਂ ਅਟਕੀਆਂ ਹੋਈਆਂ ਹਨ, ਜਿਸ ਨਾਲ ਵਿਦਿਆਰਥੀਆਂ ਦੀ ਸਿੱਖਿਆ ਦਾ ਹਰਜ਼ਾਨਾ ਹੋ ਰਿਹਾ ਹੈ ਅਤੇ ਸਕੂਲ ਪ੍ਰਬੰਧ ਚਲਾਉਣ ਵਿੱਚ ਵੀ ਸਮੱਸਿਆਵਾਂ ਆ ਰਹੀਆਂ ਹਨ। ਦੂਜੇ ਪਾਸੇ 30-32 ਸਾਲ ਤਜਰਬੇ ਵਾਲੇ ਉਮੀਦਵਾਰ ਬਿਨਾਂ ਇੱਕ ਵੀ ਪ੍ਰਮੋਸ਼ਨ ਲਏ ਸੇਵਾ ਮੁਕਤ ਹੋ ਰਹੇ ਹਨ।

ਫਰੰਟ ਦੇ ਆਗੂ ਰਣਬੀਰ ਸਿੰਘ ਸੋਹਲ ਨੇ ਕਿਹਾ ਕਿ ਇਹ ਨਿਯਮ ਕੁਝ ਚਾਹੇਤਿਆਂ ਨੂੰ ਲਾਭ ਪਹੁੰਚਾਉਣ ਲਈ ਗੁੱਪ-ਚੁੱਪ ਤਰੀਕੇ ਨਾਲ ਤਿਆਰ ਕੀਤੇ ਗਏ ਸਨ। ਉਨ੍ਹਾਂ ਨੇ ਸਿੱਖਿਆ ਮੰਤਰੀ ਸ. ਹਰਜੋਤ ਸਿੰਘ ਬੈਂਸ ਅਤੇ ਸਕੱਤਰ ਸਕੂਲ ਸਿੱਖਿਆ ਪੰਜਾਬ ਸ਼੍ਰੀਮਤੀ ਸੋਨਾਲੀ ਗਿਰੀ ਤੋਂ ਮੰਗ ਕੀਤੀ ਕਿ 2018 ਦੇ ਬਾਰਡਰ ਏਰੀਆ ਨਾਨ ਬਾਰਡਰ ਏਰੀਆ ਦੇ ਨਿਯਮ ਰੱਦ ਕਰਕੇ ਜਲਦੀ ਤੋਂ ਜਲਦੀ ਪ੍ਰਿੰਸੀਪਲ ਵਜੋਂ ਪ੍ਰਮੋਸ਼ਨਾਂ ਕੀਤੀਆਂ ਜਾਣ, ਤਾਂ ਜੋ ਵਿਦਿਆਰਥੀਆਂ ਦੇ ਹਿੱਤ ਵਿੱਚ ਸਿੱਖਿਆ ਪ੍ਰਬੰਧ ਸੁਚਾਰੂ ਢੰਗ ਨਾਲ ਚੱਲ ਸਕੇ।

ਖੇਡਾਂ ਵਤਨ ਪੰਜਾਬ ਦੀਆਂ ਦੇ ਚੌਥੇ ਸੀਜ਼ਨ ਦੀ ਸ਼ਾਨਦਾਰ ਸ਼ੁਰੂਆਤ

ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਡੇਰਾਬੱਸੀ ਹਲਕੇ ਵਿੱਚ ਬਲਾਕ ਪੱਧਰੀ ਖੇਡ ਮੁਕਾਬਲਿਆਂ ਦਾ ਕੀਤਾ ਉਦਘਾਟਨ

ਲਾਲੜੂ/ਡੇਰਾਬੱਸੀ, 12 ਸਤੰਬਰ (ਪੈ.ਗਾਮ-ਏ-ਜਗਤ)

ਪੰਜਾਬ ਸਰਕਾਰ ਵੱਲੋਂ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ, ਖੇਡ ਸੱਭਿਆਚਾਰ ਨੂੰ ਪ੍ਰਫੁੱਲਤ ਕਰਨ ਅਤੇ ਉਭਰਦੀਆਂ ਖੇਡ ਪ੍ਰਤਿਭਾਵਾਂ ਨੂੰ ਬਿਹਤਰ ਮੌਕੇ ਪ੍ਰਦਾਨ ਕਰਨ ਦੇ ਉਦੇਸ਼ ਨਾਲ ਕਰਵਾਈਆਂ ਜਾ ਰਹੀਆਂ 'ਖੇਡਾਂ ਵਤਨ ਪੰਜਾਬ ਦੀਆਂ' ਦੇ ਚੌਥੇ ਸੀਜ਼ਨ ਦੀ ਅੱਜ ਡੇਰਾਬੱਸੀ ਅਤੇ ਲਾਲੜੂ ਵਿਖੇ ਸ਼ਾਨਦਾਰ ਸ਼ੁਰੂਆਤ ਹੋਈ।



• ਵੱਖ-ਵੱਖ ਖੇਡਾਂ ਵਿੱਚ ਖਿਡਾਰੀਆਂ ਨੇ ਪੂਰੇ ਜੋਸ਼ ਤੇ ਉਤਸ਼ਾਹ ਨਾਲ ਲਿਆ ਭਾਗ

ਵਿਧਾਇਕ ਡੇਰਾਬੱਸੀ ਸ. ਕੁਲਜੀਤ ਸਿੰਘ ਰੰਧਾਵਾ ਨੇ ਸਰਕਾਰੀ ਕਾਲਜ ਡੇਰਾਬੱਸੀ ਤੋਂ, ਅਤੇ ਲਾਲੜੂ ਖੇਡ ਸਟੇਡੀਅਮ ਤੋਂ ਬਲਾਕ ਪੱਧਰੀ ਖੇਡ ਮੁਕਾਬਲਿਆਂ ਦੀ ਸ਼ੁਰੂਆਤ ਕਰਵਾਈ ਅਤੇ ਖਿਡਾਰੀਆਂ ਨਾਲ ਮੁਲਾਕਾਤ ਕਰਕੇ ਉਨ੍ਹਾਂ ਦੀ ਹੌਸਲਾ-ਅਫ਼ਜ਼ਾਈ ਕੀਤੀ। ਇਨ੍ਹਾਂ ਖੇਡ ਮੁਕਾਬਲਿਆਂ ਦੌਰਾਨ ਐਥਲੈਟਿਕਸ, ਖੋ-ਖੋ, ਕਬੱਡੀ, ਵਾਲੀਬਾਲ, ਫੁੱਟਬਾਲ ਅਤੇ ਕ੍ਰਿਕਟ ਸਮੇਤ ਵੱਖ-ਵੱਖ ਖੇਡਾਂ ਵਿੱਚ ਖਿਡਾਰੀਆਂ ਨੇ ਪੂਰੇ ਜੋਸ਼, ਉਤਸ਼ਾਹ ਅਤੇ ਖੇਡ ਭਾਵਨਾ ਨਾਲ ਭਾਗ ਲਿਆ। ਖੇਡ ਮੈਦਾਨਾਂ ਵਿੱਚ ਖਿਡਾਰੀਆਂ ਦਾ ਉਤਸ਼ਾਹ ਅਤੇ ਦਰਸ਼ਕਾਂ ਦੀ ਹੌਸਲਾ-ਅਫ਼ਜ਼ਾਈ ਖੇਡ ਮੇਲੇ ਦੇ ਮਾਹੌਲ ਨੂੰ ਹੋਰ ਉਤਸ਼ਾਹਪੂਰਨ ਬਣਾਉਂਦੀ ਰਹੀ। ਵਿਧਾਇਕ ਰੰਧਾਵਾ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਖੇਡਾਂ ਨੂੰ ਪ੍ਰਫੁੱਲਤ ਕਰਨ ਅਤੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖ ਕੇ ਖੇਡਾਂ ਨਾਲ ਜੋੜਨ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ 'ਖੇਡਾਂ ਵਤਨ ਪੰਜਾਬ ਦੀਆਂ' ਨੌਜਵਾਨਾਂ ਨੂੰ ਆਪਣੀ ਖੇਡ ਪ੍ਰਤਿਭਾ ਦਿਖਾਉਣ ਅਤੇ ਅੱਗੇ ਵਧਣ ਲਈ ਇੱਕ ਮਹੱਤਵਪੂਰਨ ਮੰਚ ਪ੍ਰਦਾਨ ਕਰ ਰਹੀਆਂ ਹਨ। ਸਰਕਾਰੀ ਕਾਲਜ ਡੇਰਾਬੱਸੀ, ਲਾਲੜੂ ਖੇਡ ਸਟੇਡੀਅਮ ਅਤੇ ਸੁਖਮਨੀ ਇੰਟਰਨੈਸ਼ਨਲ ਸਕੂਲ ਵਿਖੇ ਕਰਵਾਏ ਜਾ ਰਹੇ ਬਲਾਕ ਪੱਧਰੀ ਖੇਡ ਮੁਕਾਬਲੇ ਤਿੰਨ ਦਿਨ ਤੱਕ ਜਾਰੀ ਰਹਿਣਗੇ, ਜਿਨ੍ਹਾਂ ਵਿੱਚ ਵੱਡੀ ਗਿਣਤੀ ਵਿੱਚ ਖਿਡਾਰੀਆਂ ਵੱਲੋਂ ਭਾਗ ਲਿਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਬਲਾਕ ਪੱਧਰ ਤੇ ਜੇਤੂ ਰਹਿਣ ਵਾਲੀ ਟੀਮਾਂ ਅਗਲੇ ਪੜਾਅ ਵਿੱਚ ਜ਼ਿਲ੍ਹਾ ਪੱਧਰੀ ਮੁਕਾਬਲਿਆ ਵਿੱਚ ਭਾਗ ਲੈਣਗੀਆ। ਜ਼ਿਲ੍ਹਾ ਪੱਧਰ 'ਤੇ ਜੇਤੂ ਰਹਿਣ ਵਾਲੀ ਟੀਮਾਂ ਨੂੰ ਰਾਜ ਪੱਧਰੀ ਮੁਕਾਬਲਿਆ ਵਿੱਚ ਭਾਗ ਲੈਣ ਦਾ ਮੌਕਾ ਮਿਲੇਗਾ। ਰਾਜ ਪੱਧਰ 'ਤੇ ਜੇਤੂ ਰਹਿਣ ਵਾਲੀਆਂ ਟੀਮਾਂ /ਖਿਡਾਰੀਆਂ ਨੂੰ ਸਰਕਾਰ ਵੱਲੋਂ ਇਨਾਮੀ ਰਾਸ਼ੀ ਦਿੱਤੀ ਜਾਵੇਗੀ। ਮੁਕਾਬਲਿਆ ਵਿੱਚ ਪਹਿਲਾ ਸਥਾਨ ਹਾਸਿਲ ਕਰਨ ਵਾਲੇ ਨੂੰ 10,000, ਦੂਜਾ ਸਥਾਨ ਹਾਸਿਲ ਕਰਨ ਵਾਲੇ ਨੂੰ 7000/- ਤੇ ਤੀਸਰਾ ਸਥਾਨ ਹਾਸਿਲ ਕਰਨ ਵਾਲੇ ਨੂੰ 5000/-ਦੀ ਇਨਾਮੀ ਰਾਸ਼ੀ ਪ੍ਰਦਾਨ ਕੀਤੀ ਜਾਵੇਗੀ।

ਖੇਡਾਂ ਦੇ ਮੈਦਾਨਾਂ ਰਾਹੀਂ ਪੰਜਾਬ ਨੂੰ ਮੁੜ ਰੰਗਲਾ ਤੇ ਮਜ਼ਬੂਤ ਬਣਾ ਰਹੀ ਹੈ ਭਗਵੰਤ ਸਿੰਘ ਮਾਨ ਸਰਕਾਰ: ਕੁਲਵੰਤ ਸਿੰਘ

ਸਾਹਿਬਜ਼ਾਦਾ ਅਜੀਤ ਸਿੰਘ ਨਗਰ 12 ਸਤੰਬਰ (ਪੈ.ਗਾਮ-ਏ-ਜਗਤ)

ਪੰਜਾਬ ਨੂੰ ਮੁੜ ਖੇਡਾਂ ਦੇ ਖੇਤਰ ਵਿੱਚ ਮੋਹਰੀ ਸੂਬਾ ਬਣਾਉਣ ਅਤੇ ਨੌਜਵਾਨਾਂ ਸਮੇਤ ਹਰ ਉਮਰ ਵਰਗ ਦੇ ਲੋਕਾਂ ਨੂੰ ਖੇਡਾਂ ਨਾਲ ਜੋੜਨ ਦੇ ਮੰਤਵ ਨਾਲ ਪੰਜਾਬ ਸਰਕਾਰ ਵੱਲੋਂ ਕਰਵਾਈਆਂ ਜਾ ਰਹੀਆਂ 'ਖੇਡਾਂ ਵਤਨ ਪੰਜਾਬ ਦੀਆਂ-2026' ਸੀਜ਼ਨ-4 ਤਹਿਤ ਮੋਹਾਲੀ ਵਿੱਚ ਬਲਾਕ ਪੱਧਰੀ ਖੇਡ ਮੁਕਾਬਲਿਆਂ ਦਾ ਅੱਜ ਜੋਸ਼ੋ-ਖਰੋਸ਼ ਨਾਲ ਆਗਾਜ਼ ਹੋਇਆ।



• ਅੰਡਰ 14 ਤੋਂ 70 ਸਾਲ ਤੋਂ ਉੱਪਰ ਤੱਕ ਦੇ ਖਿਡਾਰੀਆਂ ਨੂੰ ਮਿਲਿਆ ਖੇਡ ਪ੍ਰਤਿਭਾ ਦਿਖਾਉਣ ਦਾ ਮੰਚ; ਪਹਿਲੀ ਵਾਰ ਕ੍ਰਿਕਟ ਵੀ ਖੇਡਾਂ ਵਿੱਚ ਸ਼ਾਮਲ

ਵਿਧਾਇਕ ਮੋਹਾਲੀ ਸ. ਕੁਲਵੰਤ ਸਿੰਘ ਨੇ ਬਲਾਕ ਪੱਧਰੀ ਖੇਡ ਮੁਕਾਬਲਿਆਂ ਦਾ ਰਸਮੀ ਉਦਘਾਟਨ ਕਰਦਿਆਂ ਖਿਡਾਰੀਆਂ ਨਾਲ ਮੁਲਾਕਾਤ ਕੀਤੀ ਅਤੇ ਉਨ੍ਹਾਂ ਦੀ ਹੌਸਲਾ-ਅਫ਼ਜ਼ਾਈ ਕੀਤੀ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਵਿੱਚ ਖੇਡਾਂ ਲਈ ਲੋੜੀਂਦਾ ਬੁਨਿਆਦੀ ਢਾਂਚਾ, ਸਹੂਲਤਾਂ ਅਤੇ ਖੇਡ ਸਮੱਗਰੀ ਉਪਲਬਧ ਕਰਵਾਉਣ ਲਈ ਲਗਾਤਾਰ ਕੰਮ ਕਰ ਰਹੀ ਹੈ। ਸ. ਕੁਲਵੰਤ ਸਿੰਘ ਨੇ ਕਿਹਾ ਕਿ "ਪੰਜਾਬ ਨੂੰ ਮੁੜ ਰੰਗਲਾ ਅਤੇ ਮਜ਼ਬੂਤ ਪੰਜਾਬ ਬਣਾਉਣ ਲਈ ਖੇਡਾਂ ਨੂੰ ਵੱਡਾ ਹੁਲਾਰਾ ਦਿੱਤਾ ਜਾ ਰਿਹਾ ਹੈ।"ਉਨ੍ਹਾਂ ਕਿਹਾ ਕਿ 'ਖੇਡਾਂ ਵਤਨ ਪੰਜਾਬ ਦੀਆਂ' ਸਿਰਫ਼ ਇੱਕ ਖੇਡ ਮੁਕਾਬਲਾ ਨਹੀਂ, ਸਗੋਂ ਪੰਜਾਬ ਦੇ ਹਰ ਉਮਰ ਵਰਗ ਨੂੰ ਖੇਡਾਂ ਨਾਲ ਜੋੜਨ ਅਤੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਦਾ ਇੱਕ ਵੱਡਾ ਉਪਰਾਲਾ ਹੈ। ਉਨ੍ਹਾਂ ਕਿਹਾ ਕਿ ਇਸ ਵਾਰ ਅੰਡਰ 14 ਤੋਂ 70 ਸਾਲ ਤੋਂ ਉੱਪਰ ਉਮਰ ਤੱਕ ਦੇ ਖਿਡਾਰੀ ਵੱਡੀ ਗਿਣਤੀ ਵਿੱਚ ਇਨ੍ਹਾਂ ਖੇਡਾਂ ਵਿੱਚ ਭਾਗ ਲੈ ਰਹੇ ਹਨ। ਇਸ ਤੋਂ ਇਲਾਵਾ, ਲੋਕਾਂ ਵਿੱਚ ਸਭ ਤੋਂ ਵੱਧ ਹਰਮਨਪਿਆਰੀ ਖੇਡਾਂ ਵਿੱਚੋਂ ਇੱਕ ਕ੍ਰਿਕਟ ਨੂੰ ਪਹਿਲੀ ਵਾਰ 'ਖੇਡਾਂ ਵਤਨ ਪੰਜਾਬ ਦੀਆਂ' ਵਿੱਚ ਸ਼ਾਮਲ ਕੀਤਾ ਗਿਆ ਹੈ, ਜਿਸ ਨਾਲ ਖੇਡਾਂ ਵਿੱਚ ਲੋਕਾਂ ਦੀ ਭਾਗੀਦਾਰੀ ਹੋਰ ਵਧੇਗੀ।

ਵਿਧਾਇਕ ਨੇ ਕਿਹਾ ਕਿ ਖੇਡਾਂ ਨਾਲ ਨੌਜਵਾਨਾਂ ਨੂੰ ਸਿਹਤਮੰਦ ਜੀਵਨ ਸ਼ੈਲੀ ਅਪਣਾਉਣ ਲਈ ਪ੍ਰੇਰਿਤ ਕਰਨ ਦੇ ਨਾਲ-ਨਾਲ ਉਨ੍ਹਾਂ ਦੀ ਊਰਜਾ ਨੂੰ ਉਸਾਰੂ ਦਿਸ਼ਾ ਦਿੱਤੀ ਜਾ ਸਕਦੀ ਹੈ।

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦਾ ਮਕਸਦ ਪੰਜਾਬ ਦੇ ਹਰ ਪਿੰਡ ਅਤੇ ਸ਼ਹਿਰ ਵਿੱਚ ਖੇਡ ਸੱਭਿਆਚਾਰ ਨੂੰ ਮਜ਼ਬੂਤ ਕਰਨਾ ਹੈ, ਤਾਂ ਜੋ ਪੰਜਾਬ ਨੂੰ ਮੁੜ ਨਸ਼ਾ ਮੁਕਤ, ਸਿਹਤਮੰਦ, ਖੁਸ਼ਹਾਲ ਅਤੇ ਰੰਗਲਾ ਪੰਜਾਬ ਬਣਾਇਆ ਜਾ ਸਕੇ। ਇਸ ਮੌਕੇ ਜ਼ਿਲ੍ਹਾ ਖੇਡ ਅਫ਼ਸਰ ਉਮੇਸ਼ਵਰੀ ਸ਼ਰਮਾ, ਸੀਨੀਅਰ ਡਿਪਟੀ ਮੇਅਰ ਮੋਹਾਲੀ ਨਗਰ ਨਿਗਮ ਸ੍ਰੀ ਰਜਿੰਦਰ ਪ੍ਰਸਾਦ ਸ਼ਰਮਾ, ਡਿਪਟੀ ਮੇਅਰ ਸ੍ਰੀ ਹਰਪਾਲ ਸਿੰਘ ਚੰਨਾ, ਸ੍ਰੀ ਜਸਪਾਲ ਸਿੰਘ ਮਟੌਰ ਅਤੇ ਸ੍ਰੀ ਅਕਵਿੰਦਰ ਸਿੰਘ ਗੋਸਲ ਸਮੇਤ ਹੋਰ ਪਤਵੰਤੇ ਹਾਜ਼ਰ ਸਨ।

ਉੱਘੇ ਲੇਖਕ ਡਾ. ਬਲਜੀਤ ਸਨੇਟਾ ਦੀ ਜ਼ਿਲ੍ਹਾ ਟੀਮ ਐਮ.ਪੀ.ਏ.ਪੀ. ਨੇ ਪੀ.ਐਚ.ਸੀ. ਘੜੂੰਆਂ ਲਈ ਨਿਭਾਈ ਦੋ ਅਲਮਾਰੀਆਂ ਦੀ ਸੇਵਾ : ਸੂਬਾ ਪ੍ਰਧਾਨ ਡਾ. ਬਾਲੀ

**ਪੈ.ਗਾਮ-ਏ-ਜਗਤ
ਦਵਿੰਦਰ ਕੌਰ (ਖਰੜ)**

ਲੋਕਾਂ ਨੂੰ ਬਿਹਤਰ ਅਤੇ ਸੁਚੱਜੀਆਂ ਸਿਹਤ ਸਹੂਲਤਾਂ ਮੁਹੱਈਆ ਕਰਵਾਉਣ ਲਈ ਹਸਪਤਾਲਾਂ ਵਿੱਚ ਲੋੜੀਂਦੇ ਸਾਧਨਾਂ ਅਤੇ ਸਹੂਲਤਾਂ ਦੀ ਉਪਲਬਧਤਾ ਬੇਹੱਦ ਜ਼ਰੂਰੀ ਹੈ। ਇਸ ਸੰਬੰਧੀ



• ਪਿੰਡਾਂ ਦੇ ਡਾਕਟਰ ਸਿਹਤ ਵਿਭਾਗ ਦੀ ਰੀੜ੍ਹ ਦੀ ਹੱਡੀ ਹਨ : ਡਾ ਪ੍ਰੀਤ ਮੋਹਨ ਸਿੰਘ ਖੁਰਾਣਾ ਸੀਨੀਅਰ ਮੈਡੀਕਲ ਅਫ਼ਸਰ ਘੜੂੰਆਂ

ਸੀਨੀਅਰ ਮੈਡੀਕਲ ਅਫ਼ਸਰ ਡਾ ਪ੍ਰੀਤ ਮੋਹਨ ਸਿੰਘ ਖੁਰਾਣਾ, ਘੜੂੰਆਂ ਦੀ ਪ੍ਰੇਰਨਾ ਸਦਕਾ ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਪੰਜਾਬ ਰਜਿ 295 ਦੇ ਜ਼ਿਲਾ ਪ੍ਰਧਾਨ ਡਾ ਬਲਜੀਤ ਸਨੇਟਾ, ਜ਼ਿਲਾ ਪ੍ਰਧਾਨ ਇਸਤਰੀ ਵਿੰਗ ਡਾ ਨਿਸ਼ਾ ਸ਼ਰਮਾ , ਸੀਨੀਅਰ ਮੀਤ ਪ੍ਰਧਾਨ ਡਾ ਧਰਮਿੰਦਰ ਕੁਮਾਰ ਦੁਰਾਲੀ, ਚੇਅਰਮੈਨ ਡਾ ਕੁਲਵੀਰ ਸਿੰਘ ਮੌਜਪੁਰ, ਜ਼ਿਲ੍ਹਾ ਸਕੱਤਰ ਡਾ.ਕੁਲਬੀਰ ਸਿੰਘ ਸਿੰਘਪੁਰਾ, ਜ਼ਿਲ੍ਹਾ ਖਜ਼ਾਨਚੀ ਡਾ ਨਰਿੰਦਰ ਸਿੰਘ ਦੀ ਅਗਵਾਈ ਵਿੱਚ ਪੀਐਚਸੀ ਘੜੂੰਆਂ ਨੂੰ ਦੋ ਡਾਕੂਮੈਂਟ ਅਲਮਾਰੀਆਂ ਦੀ ਸੇਵਾ ਕੀਤੀ ਗਈ। ਇਸ ਸਮੇਂ ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਪੰਜਾਬ ਰਜਿ 295 ਦੇ ਸੂਬਾ ਪ੍ਰਧਾਨ ਡਾ ਰਮੇਸ਼ ਕੁਮਾਰ ਬਾਲੀ ਨੇ ਕਿਹਾ ਕਿ ਸਰਕਾਰੀ ਸਿਹਤ ਵਿਭਾਗ ਤੇ ਮੈਡੀਕਲ ਪ੍ਰੈਕਟੀਸ਼ਨਰਜ਼ ਦਾ ਨੂੰਹ ਮਾਸ ਦਾ ਰਿਸ਼ਤਾ ਹੈ ਸਿਹਤ ਵਿਭਾਗ ਦੇ ਲੋਕਾਂ ਦੀ ਤੰਦਰੁਸਤੀ ਲਈ ਦਿੱਤੇ ਜਾ ਰਹੇ ਪ੍ਰੋਗਰਾਮ ਇਹਨਾਂ ਤੋਂ ਬਿਨਾਂ ਪੂਰੇ ਨਹੀਂ ਕੀਤੇ ਜਾ ਸਕਦੇ। ਸੀਨੀਅਰ ਮੈਡੀਕਲ ਅਫ਼ਸਰ ਘੜੂੰਆਂ ਡਾ ਪ੍ਰੀਤ ਮੋਹਨ ਸਿੰਘ ਖੁਰਾਣਾ ਨੇ ਕਿਹਾ ਮੈਡੀਕਲ ਪ੍ਰੈਕਟੀਸ਼ਨਰਜ਼ ਸਿਹਤ ਵਿਭਾਗ ਦੀ ਰੀੜ੍ਹ ਦੀ ਹੱਡੀ ਹਨ। ਇਹਨਾਂ ਨਾਲ ਤਾਲਮੇਲ ਵਿੱਚ ਰਹਿ ਕੇ ਆਪਸੀ ਸਹਿਯੋਗ ਨਾਲ ਲੋਕਾਂ ਨੂੰ ਵੱਧ ਤੋਂ ਵੱਧ ਸਿਹਤਮੰਦ ਕੀਤਾ ਜਾ ਸਕਦਾ ਹੈ। ਜਿਲਾ ਪ੍ਰਧਾਨ ਡਾ. ਬਲਜੀਤ ਸਨੇਟਾ ਨੇ ਕਿਹਾ ਕਿ ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਪੰਜਾਬ ਰਜਿ 295 ਦਾ ਨਾਅਰਾ ਮਾਨਵ ਸੇਵਾ ਪਰਮੋਂ ਧਰਮ ਹੈ ਸੋ ਐਮ ਪੀ ਏ ਪੀ ਰਜਿ 295 ਦੇ ਜਨਮਦਾਤਾ ਨੇ 23 ਅਕਤੂਬਰ 1996 ਨੂੰ ਚੰਡੀਗੜ੍ਹ ਵਿਖੇ ਰਜਿਸਟਰਾਰ ਕੁਲਦੀਪ ਸਿੰਘ ਨੂੰ ਕਿਹਾ ਸੀ। ਜਿਲਾ ਪ੍ਰਧਾਨ ਡਾ. ਬਲਜੀਤ ਸਨੇਟਾ ਨੇ ਕਿਹਾ ਅਸੀਂ ਹਰ ਵਕਤ ਲੋਕਾਂ ਦੀ ਸੇਵਾ ਚ ਹਾਜ਼ਰ ਹਾਂ ਤੇ ਹਾਜ਼ਰ ਰਹਾਂਗੇ। ਇਸ ਤੋਂ ਇਲਾਵਾ ਡਾ ਦੀਪ ਕੁਮਾਰ, ਡਾ.ਮੋਹਿੰਦਰ ਸਿੰਘ ਕਲੌੜ ਡਾ.ਜਸਪਾਲ ਸਿੰਘ ਬਜਹੇੜੀ, ਡਾ.ਪ੍ਰੀਤ ਚੋਲਟਾ।

ਪਿੰਡ ਸਾਧਾਪੁਰ, ਡੰਗਡਹਿਰਾ ਅਤੇ ਮਲਕਪੁਰ ਵਿਖੇ ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ 'ਤੇ ਆਧਾਰਿਤ ਦਸਤਾਵੇਜ਼ੀ ਫਿਲਮ ਦਿਖਾਈ ਗਈ

ਡੇਰਾਬੱਸੀ, 12 ਸਤੰਬਰ, (ਪੈ.ਗਾਮ-ਏ-ਜਗਤ)

ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਸ੍ਰੀ ਗੁਰੂ ਰਵਿਦਾਸ ਜੀ ਦੀਆਂ ਸਿੱਖਿਆਵਾਂ, ਵਿਚਾਰਧਾਰਾ ਅਤੇ ਸਮਾਜ ਨੂੰ ਦਿੱਤੇ ਮਹਾਨ ਸੰਦੇਸ਼ ਤੋਂ ਜਾਣੂ ਕਰਵਾਉਣ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ। ਇਸੇ ਲੜੀ ਤਹਿਤ ਡੇਰਾਬੱਸੀ ਬਲਾਕ ਦੇ ਪਿੰਡ ਸਾਧਾਪੁਰ, ਡੰਗਡਹਿਰਾ ਅਤੇ ਮਲਕਪੁਰ ਵਿਖੇ ਵਿਸ਼ੇਸ਼ ਵੈਨ ਰਾਹੀਂ ਐਲ.ਸੀ.ਡੀ. ਸਕਰੀਨ 'ਤੇ ਪੰਜਾਬ ਸਰਕਾਰ ਵੱਲੋਂ ਤਿਆਰ ਕੀਤੀ ਗਈ ਕਰੀਬ 30 ਮਿੰਟ ਦੀ ਵਿਸ਼ੇਸ਼ ਡਾਕੂਮੈਂਟਰੀ ਦਿਖਾਈ ਗਈ।



ਵਧੇਰੇ ਜਾਣਕਾਰੀ ਦਿੰਦੇ ਹੋਏ ਹਲਕਾ ਵਿਧਾਇਕ ਸ੍ਰੀ ਕੁਲਜੀਤ ਸਿੰਘ ਰੰਧਾਵਾ ਨੇ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਜੀ ਦੀ ਬਾਣੀ ਅਤੇ ਉਨ੍ਹਾਂ ਦੀਆਂ ਸਿੱਖਿਆਵਾਂ ਅੱਜ ਵੀ ਸਮਾਜ ਨੂੰ ਬਰਾਬਰੀ, ਭਾਈਚਾਰਕ ਸਾਂਝ, ਮਾਨਵਤਾ ਅਤੇ ਸੱਚੇ-ਸੁੱਚੇ ਜੀਵਨ ਦਾ ਰਾਹ ਦਿਖਾਉਂਦੀਆਂ ਹਨ। ਉਨ੍ਹਾਂ ਕਿਹਾ ਕਿ ਗੁਰੂ ਜੀ ਨੇ ਸਮਾਜ ਵਿੱਚੋਂ ਜਾਤ-ਪਾਤ, ਉਚ-ਨੀਚ ਅਤੇ ਭੇਦਭਾਵ ਨੂੰ ਖ਼ਤਮ ਕਰਕੇ ਸਾਰਿਆਂ ਨੂੰ ਬਰਾਬਰ ਸਮਝਣ ਦਾ ਸੰਦੇਸ਼ ਦਿੱਤਾ।

ਰੰਧਾਵਾ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਉਣ ਦੇ ਨਾਲ-ਨਾਲ ਗੁਰੂ ਜੀ ਦੀ ਵਿਚਾਰਧਾਰਾ ਨੂੰ ਲੋਕਾਂ ਤੱਕ ਪਹੁੰਚਾਉਣ ਲਈ ਵੱਖ-ਵੱਖ ਗਤੀਵਿਧੀਆਂ ਕਰਵਾਈਆਂ ਜਾ ਰਹੀਆਂ ਹਨ। ਪਿੰਡਾਂ ਵਿੱਚ ਵਿਸ਼ੇਸ਼ ਵੈਨ ਰਾਹੀਂ ਡਾਕੂਮੈਂਟਰੀ ਦਿਖਾਉਣ ਦਾ ਉਦੇਸ਼ ਵੱਧ ਤੋਂ ਵੱਧ ਲੋਕਾਂ ਨੂੰ ਗੁਰੂ ਜੀ ਦੇ ਜੀਵਨ, ਬਾਣੀ ਅਤੇ ਮਹਾਨ ਸੰਦੇਸ਼ ਨਾਲ ਜੋੜਨਾ ਹੈ।

ਉਨ੍ਹਾਂ ਕਿਹਾ ਕਿ ਵਿਸ਼ੇਸ਼ ਐਲ.ਸੀ.ਡੀ. ਸਕਰੀਨ ਰਾਹੀਂ ਦਿਖਾਈ ਗਈ ਡਾਕੂਮੈਂਟਰੀ ਵਿੱਚ ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ, ਉਨ੍ਹਾਂ ਦੀਆਂ ਸਿੱਖਿਆਵਾਂ ਅਤੇ ਸਮਾਜ ਸੁਧਾਰ ਵਿੱਚ ਪਾਏ ਯੋਗਦਾਨ ਨੂੰ ਦਰਸਾਇਆ ਗਿਆ। ਪਿੰਡਾਂ ਦੇ ਵਸਨੀਕਾਂ ਵੱਲੋਂ ਇਸ ਉਪਰਾਲੇ ਵਿੱਚ ਉਤਸ਼ਾਹ ਨਾਲ ਸ਼ਮੂਲੀਅਤ ਕੀਤੀ ਗਈ ਅਤੇ ਡਾਕੂਮੈਂਟਰੀ ਨੂੰ ਧਿਆਨ ਨਾਲ ਦੇਖਿਆ ਗਿਆ।

ਕੁਲਜੀਤ ਸਿੰਘ ਰੰਧਾਵਾ ਨੇ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਜੀ ਦਾ ਸੰਦੇਸ਼ ਕਿਸੇ ਇੱਕ ਵਰਗ ਜਾਂ ਸਮਾਜ ਤੱਕ ਸੀਮਤ ਨਹੀਂ, ਸਗੋਂ ਸਮੁੱਚੀ ਮਾਨਵਤਾ ਲਈ ਪ੍ਰੇਰਨਾ ਦਾ ਸਰੋਤ ਹੈ।

ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਗੁਰੂ ਜੀ ਦੀਆਂ ਸਿੱਖਿਆਵਾਂ ਨੂੰ ਆਪਣੇ ਜੀਵਨ ਵਿੱਚ ਅਪਨਾਉਣ ਅਤੇ ਸਮਾਜ ਵਿੱਚ ਆਪਸੀ ਪਿਆਰ, ਸਦਭਾਵਨਾ, ਬਰਾਬਰੀ ਅਤੇ ਭਾਈਚਾਰਕ ਸਾਂਝ ਨੂੰ ਹੋਰ ਮਜ਼ਬੂਤ ਕਰਨ ਵਿੱਚ ਆਪਣਾ ਯੋਗਦਾਨ ਪਾਉਣ।

ਪੀਜੀਆਈ ਵਿਚ 8ਵਾਂ ਨਿਊਟ੍ਰੀਸ਼ਨ ਸਾਲਾਨਾ ਰਾਸ਼ਟਰੀ ਪੋਸ਼ਨ ਕਾਨਫਰੰਸ ਦਾ ਕੀਤਾ ਗਿਆ ਆਯੋਜਨ

ਪੈ.ਗਾਮ-ਏ-ਜਗਤ/ਚੰਡੀਗੜ੍ਹ (ਹਰਮਿੰਦਰ ਸਿੰਘ ਨਾਗਪਾਲ)

ਚੰਡੀਗੜ੍ਹ ਦੇ ਡਾਈਟੈਟਿਕਸ ਵਿਭਾਗ ਨੇ 'ਸੁਸਾਇਟੀ ਆਫ ਇੰਡੀਆ', ਚੰਡੀਗੜ੍ਹ ਚੈਪਟਰ ਦੇ ਸਹਿਯੋਗ ਨਾਲ ਰਾਸ਼ਟਰੀ ਪੋਸ਼ਣ ਮਾਹ (ਜੋ ਹਰ ਸਾਲ ਸਤੰਬਰ ਦੇ ਮਹੀਨੇ ਵਿੱਚ ਮਨਾਇਆ ਜਾਂਦਾ ਹੈ) ਦੇ ਮੌਕੇ 'ਤੇ ਮਾਈਕ੍ਰੋਬਾਇਓਮ ਤੋਂ ਮੈਟਾਬੋਲਿਜ਼ਮ ਤੱਕ: ਮਾਈਕ੍ਰੋਬਾਇਓਮ-ਲਕਸ਼ਿਤ ਪੋਸ਼ਣ ਦੇ ਕਲੀਨਿਕਲ ਪ੍ਰਭਾਵ ਵਿਸ਼ੇ 'ਤੇ ਆਪਣੀ 8ਵੀਂ ਸਾਲਾਨਾ ਰਾਸ਼ਟਰੀ ਪੋਸ਼ਣ ਕਾਨਫਰੰਸ ਦਾ ਆਯੋਜਨ ਕੀਤਾ। ਮੁੱਖ ਖੁਰਾਕ ਮਾਹਰ (ਡਾਈਟੀਸ਼ੀਅਨ) ਡਾ. ਨੈਂਸੀ ਸਾਹਨੀ ਇਸ ਕਾਨਫਰੰਸ ਦੇ ਆਯੋਜਨ ਸਕੱਤਰ (ਆਰਗੇਨਾਈਜ਼ਿੰਗ ਸੈਕਟਰੀ) ਸਨ।



ਇਸ ਕਾਨਫਰੰਸ ਦਾ ਇੱਕ ਹੋਰ ਮੁੱਖ ਆਕਰਸ਼ਨ ਰੀਨਲ (ਕਿਡਨੀ) ਦੇ ਮਰੀਜ਼ਾਂ ਲਈ 'ਪਲਾਡੋ' 'ਤੇ ਅਧਾਰਿਤ ਪੁਸਤਕ ਦਾ ਲੋਕ-ਅਰਪਣ ਸੀ। ਪੀਜੀਆਈਐਮਈਆਰ ਦੀ ਮੁੱਖ ਡਾਈਟੀਸ਼ੀਅਨ ਡਾ. ਨੈਂਸੀ ਸਾਹਨੀ ਦੁਆਰਾ ਲਿਖੀ ਗਈ ਇਹ ਪੁਸਤਕ 'ਪਲਾਂਟ-ਡੋਮੀਨੈਂਟ ਲੋ-ਪ੍ਰੋਟੀਨ ਡਾਈਟ' ਨੂੰ ਪੇਸ਼ ਕਰਦੀ ਹੈ, ਜੋ ਕਿ ਇੱਕ ਨਵੀਨ ਅਤੇ ਸਬੂਤ-ਅਧਾਰਿਤ ਖੁਰਾਕ ਮਾਡਲ ਹੈ। ਇਹ ਰਵਾਇਤੀ ਪਾਬੰਦੀਸ਼ੁਦਾ ਤਰੀਕਿਆਂ ਤੋਂ ਹਟ ਕੇ ਵਧੇਰੇ ਸੰਪੂਰਨ (ਹੋਲਿਸਟਿਕ) ਅਤੇ ਪੈਥੋਫਿਜ਼ੀਓਲੋਜੀ-ਸੰਚਾਲਿਤ ਢਾਂਚੇ ਵੱਲ ਤਬਦੀਲੀ ਦਾ ਪ੍ਰਤੀਕ ਹੈ। ਪੀਜੀਆਈਐਮਈਆਰ, ਚੰਡੀਗੜ੍ਹ ਦੇ ਮਾਣਯੋਗ ਡਾਇਰੈਕਟਰ ਪ੍ਰੋ. ਵਿਵੇਕ ਲਾਲ ਨੇ, ਡੀਨ ਅਕਾਦਮਿਕਸ ਪ੍ਰੋ. ਸੰਜੇ ਜੈਨ ਅਤੇ ਮੁੱਖ ਮੈਡੀਕਲ ਸੁਪਰਡੈਂਟ ਅਤੇ ਹਸਪਤਾਲ ਪ੍ਰਸ਼ਾਸਨ ਵਿਭਾਗ ਦੇ ਮੁਖੀ ਪ੍ਰੋ. ਅਸ਼ੋਕ ਕੁਮਾਰ (ਸਨਮਾਨਿਤ ਮਹਿਮਾਨ ਵਜੋਂ) ਨਾਲ ਮਿਲ ਕੇ ਇਸ ਪ੍ਰੋਗਰਾਮ ਦਾ ਉਦਘਾਟਨ ਕੀਤਾ ਅਤੇ ਪੁਸਤਕ ਦਾ ਲੋਕ-ਅਰਪਣ ਵੀ ਕੀਤਾ।

ਇਸ ਕਾਨਫਰੰਸ ਦਾ ਉਦੇਸ਼ ਇਸ ਖੇਤਰ ਵਿੱਚ ਨਵੀਨਤਮ ਤਰੱਕੀ 'ਤੇ ਚਰਚਾ ਕਰਨ ਲਈ ਡਾਈਟੀਸ਼ੀਅਨਾਂ, ਡਾਕਟਰਾਂ ਅਤੇ ਖੋਜਕਾਰਾਂ ਨੂੰ ਇੱਕ ਮੰਚ 'ਤੇ ਲਿਆਉਣਾ ਸੀ। ਵਿਗਿਆਨਕ ਪ੍ਰੋਗਰਾਮ ਵਿੱਚ ਪ੍ਰੀਬਾਇਓਟਿਕਸ ਦੀ ਭੂਮਿਕਾ (ਜੋ ਕਿ ਪਿਆਜ਼, ਲਸਣ, ਚਿਕੋਰੀ ਰੂਟ ਪਾਊਡਰ, ਕੇਲੇ, ਬੱਕਰੀ ਅਤੇ ਬੋਵਾਈਨ ਦੁੱਧ ਅਤੇ ਕਈ ਫਲਾਂ ਅਤੇ ਸਬਜ਼ੀਆਂ ਦੇ ਫਾਈਬਰ ਵਰਗੇ ਖਾਦ ਪਦਾਰਥਾਂ ਵਿੱਚ ਪਾਏ ਜਾਂਦੇ ਹਨ) 'ਤੇ ਸੈਸ਼ਨ ਸ਼ਾਮਲ ਸਨ। ਇਸ ਤਹਿਤ ਅੰਤੜੀਆਂ ਦੇ ਫ਼ਾਇਦੇਮੰਦ ਬੈਕਟੀਰੀਆ ਨੂੰ ਚੋਣਵੇਂ ਤਰੀਕੇ ਨਾਲ ਉਤੇਜਿਤ ਕਰਨ, ਸ਼ਾਰਟ-ਚੇਨ ਫੈਟੀ ਐਸਿਡ ਦੇ ਉਤਪਾਦਨ ਨੂੰ ਵਧਾਉਣ, ਅੰਤੜੀਆਂ ਦੀ ਕਾਰਜਪ੍ਰਣਾਲੀ ਨੂੰ ਮਜ਼ਬੂਤ ਕਰਨ ਅਤੇ ਆਂਤ-ਜਿਗਰ-ਦਿਮਾਗ ਧੁਰੀ (ਗਟ-ਲਿਵਰ-ਬਰੇਨ ਐਕਸਿਸ) ਨੂੰ ਨਿਯਮਤ ਕਰਨ ਦੇ ਨਾਲ-ਨਾਲ ਅੰਤੜੀਆਂ ਤੋਂ ਬਾਹਰ ਦੇ ਸਿਹਤ ਨੂੰ ਉਤਸ਼ਾਹਿਤ ਕਰਨ (ਜਿਵੇਂ ਕਿ ਸ਼ੂਗਰ ਦੇ ਮਰੀਜ਼ਾਂ ਵਿੱਚ ਬਲੱਡ ਸ਼ੂਗਰ ਦੇ ਪੱਧਰ ਨੂੰ ਕੰਟਰੋਲ ਕਰਨਾ, ਨਾਨ-ਅਲਕੋਹਲਿਕ ਫੈਟੀ ਲੀਵਰ ਦਾ ਇਲਾਜ ਕਰਨਾ ਅਤੇ ਹੱਡੀਆਂ ਦੀ ਖਣਿਜ ਸੋਖਣ ਸਮਰੱਥਾ ਵਿੱਚ ਸੁਧਾਰ ਕਰਕੇ ਹੱਡੀਆਂ ਦੀ ਘਣਤਾ ਦਾ ਸਮਰਥਨ ਕਰਨਾ) ਦੀ ਉਨ੍ਹਾਂ ਦੀ ਸਮਰੱਥਾ 'ਤੇ ਚਰਚਾ ਕੀਤੀ ਗਈ।

ਕਾਨਫਰੰਸ ਦਾ ਇੱਕ ਹੋਰ ਮੁੱਖ ਆਕਰਸ਼ਣ ਰੀਨਲ (ਕਿਡਨੀ) ਦੇ ਮਰੀਜ਼ਾਂ ਲਈ 'ਪਲਾਡੋ' ਪੁਸਤਕ ਦਾ ਲੋਕ-ਅਰਪਣ ਸੀ। ਡਾ. ਨੈਂਸੀ ਸਾਹਨੀ ਦੁਆਰਾ ਲਿਖੀ ਗਈ ਇਹ ਪੁਸਤਕ 'ਪਲਾਡੋ' ਮਾਡਲ ਨੂੰ ਪੇਸ਼ ਕਰਦੀ ਹੈ, ਜੋ ਕਿ ਰਵਾਇਤੀ ਪਾਬੰਦੀਸ਼ੁਦਾ ਤਰੀਕਿਆਂ ਤੋਂ ਹਟ ਕੇ ਇੱਕ ਸੰਪੂਰਨ ਦ੍ਰਿਸ਼ਟੀਕੋਣ ਅਪਣਾਉਂਦੀ ਹੈ। ਕਿਡਨੀ ਦੇ ਅਨੁਕੂਲ ਖੁਰਾਕ ਵੱਲ ਵਧਣਾ ਅਕਸਰ ਮੁਸ਼ਕਿਲ ਲੱਗਦਾ ਹੈ, ਜਿਸ ਨਾਲ ਕਈ ਪਾਬੰਦੀਆਂ ਅਤੇ ਖੁਰਾਕ ਦੀ ਥਕਾਵਟ (ਡਾਈਟ ਫਟੀਗ) ਪੈਦਾ ਹੁੰਦੀ ਹੈ। 'ਪਲਾਡੋ' ਪੁਸਤਕ ਕਿਡਨੀ-ਅਨੁਕੂਲ ਖੁਰਾਕ ਅਪਣਾਉਣ ਦੀ ਇਸ ਗੁੰਝਲਦਾਰ ਪ੍ਰਕਿਰਿਆ ਨੂੰ ਆਸਾਨ ਬਣਾਉਂਦੀ ਹੈ। ਇਹ ਸ਼ਾਕਾਹਾਰੀ, ਵੀਗਨ ਅਤੇ ਚੋਣਵੇਂ ਮਾਸਾਹਾਰੀ ਖਾਦ ਪਦਾਰਥਾਂ ਦੇ ਕਈ ਵਿਕਲਪ ਪ੍ਰਦਾਨ ਕਰਦੀ ਹੈ, ਜਿਨ੍ਹਾਂ ਨੂੰ ਪ੍ਰੋਟੀਨ, ਪੋਟਾਸ਼ੀਅਮ, ਫਾਸਫੋਰਸ ਅਤੇ ਕੁੱਲ ਊਰਜਾ ਸੰਤੁਲਨ ਵਰਗੇ ਮੁੱਖ ਪੋਸ਼ਣ ਸੰਬੰਧੀ ਮਾਪਦੰਡਾਂ 'ਤੇ ਧਿਆਨ ਦਿੰਦੇ ਹੋਏ ਸੋਚ-ਸਮਝ ਕੇ ਤਿਆਰ ਕੀਤਾ ਗਿਆ ਹੈ, ਜੋ ਕਿ ਸੀਕੇਡੀ ਤੋਂ ਪੀੜਤ ਵਿਅਕਤੀਆਂ ਲਈ ਢੁਕਵੇਂ ਹਨ। ਉਪਚਾਰ ਸੰਬੰਧੀ ਮੁੱਲ ਤੋਂ ਇਲਾਵਾ, ਇਹ ਪਕਵਾਨ ਸੁਆਦ, ਬਣਤਰ (ਟੈਕਸਚਰ) ਅਤੇ ਦੇਖਣ ਵਿੱਚ ਆਕਰਸ਼ਕ ਹੋਣ 'ਤੇ ਜ਼ੋਰ ਦਿੰਦੇ ਹਨ, ਜਿਸ ਨਾਲ ਖੁਰਾਕ ਪ੍ਰਬੰਧਨ ਵਿੱਚ ਲੰਬੇ ਸਮੇਂ ਤੱਕ ਇਸ ਦੀ ਪਾਲਣਾ ਕਰਨ ਦੀ ਸਭ ਤੋਂ ਵੱਡੀ ਚੁਣੌਤੀ ਦਾ ਹੱਲ ਹੁੰਦਾ ਹੈ। ਇਸ ਕਾਨਫਰੰਸ ਵਿੱਚ ਦੇਸ਼ ਭਰ ਤੋਂ ਡਾਈਟੀਸ਼ੀਅਨਾਂ, ਡਾਕਟਰਾਂ ਅਤੇ ਵਿਦਿਆਰਥੀਆਂ ਸਮੇਤ ਲਗਭਗ 250 ਲੋਕਾਂ ਨੇ ਉਤਸ਼ਾਹ ਨਾਲ ਭਾਗ ਲਿਆ।

ਏਆਈ ਅਤੇ ਸਾਈਬਰ ਸੁਰੱਖਿਆ ਭਾਰਤ ਦੇ ਡਿਜ਼ੀਟਲ ਭਵਿੱਖ ਨੂੰ ਦੇ ਰਹੇ ਨਵੀਂ ਦਿਸ਼ਾ: ਮਾਹਿਰ

ਚੰਡੀਗੜ੍ਹ, 12 ਸਤੰਬਰ (ਪੈ.ਗਾਮ-ਏ-ਜਗਤ)

ਰਿਆਤ ਬਾਹਰਾ ਯੂਨੀਵਰਸਿਟੀ ਦੇ ਅਲਫ਼ਾ ਸਕੂਲ ਵੱਲੋਂ "ਏਆਈ, ਸਾਈਬਰ ਸੁਰੱਖਿਆ ਅਤੇ ਭਵਿੱਖੀ ਗਵਰਨੈਂਸ: ਭਾਰਤ ਲਈ ਉੱਭਰਦੀਆਂ ਚੁਣੌਤੀਆਂ ਅਤੇ ਮੌਕੇ" ਵਿਸ਼ੇ 'ਤੇ ਮਾਹਿਰਾਂ ਦੀ ਵਿਸ਼ੇਸ਼ ਗੱਲਬਾਤ ਕਰਵਾਈ ਗਈ। ਇਸ ਦੌਰਾਨ ਸਾਈਬਰ ਸੁਰੱਖਿਆ, ਤਕਨਾਲੋਜੀ, ਸਿਵਲ ਸੇਵਾਵਾਂ ਅਤੇ ਸਿੱਖਿਆ ਦੇ ਖੇਤਰਾਂ ਨਾਲ ਸਬੰਧਤ ਮਾਹਿਰਾਂ ਨੇ ਵਿਦਿਆਰਥੀਆਂ ਨਾਲ ਆਪਣੇ ਤਜਰਬੇ ਅਤੇ ਵਿਚਾਰ ਸਾਂਝੇ ਕੀਤੇ। ਸੈਸ਼ਨ ਵਿੱਚ ਸੈਕਿਊਨੀਅਸ ਟੈਕ ਦੇ ਸੰਸਥਾਪਕ ਤੇ ਸੀਈਓ ਪਲਵਿੰਦਰ ਸਿੰਘ, ਨਾਸਕਾਮ ਦੀ ਡਿਪਟੀ ਡਾਇਰੈਕਟਰ ਪ੍ਰਿਯੰਕਾ ਬਿਸ਼ਟ, ਯੂਪੀਐਸਸੀ ਸੀਐਸਈ ਵਿੱਚ ਆਲ ਇੰਡੀਆ ਰੈਂਕ 159 ਹਾਸਲ ਕਰਨ ਵਾਲੇ ਵਿਕਾਸ ਸਿੰਘ ਪੰਵਾਰ ਅਤੇ ਨੈਕਸਟ ਆਈਏਐਸ ਦੇ ਹੈੱਡ-ਹਿਊਮਨ ਰਿਸੋਰਸ ਨੀਰਜ ਸਿੰਘ ਨੇ ਸ਼ਿਰਕਤ ਕੀਤੀ।



ਮਾਹਿਰਾਂ ਨੇ ਵਿਦਿਆਰਥੀਆਂ ਨੂੰ ਉੱਭਰ ਰਹੇ ਸਾਈਬਰ ਸੁਰੱਖਿਆ ਖਤਰਿਆਂ, ਡਿਜੀਟਲ ਸੁਰੱਖਿਆ, ਆਰਟੀਫ਼ੀਸ਼ੀਅਲ ਇੰਟੈਲੀਜੈਂਸ ਆਧਾਰਿਤ ਮੌਕਿਆਂ ਅਤੇ ਤਕਨਾਲੋਜੀ ਖੇਤਰ ਵਿੱਚ ਕਰੀਅਰ ਦੀਆਂ ਨਵੀਆਂ ਸੰਭਾਵਨਾਵਾਂ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਨੇ ਭਾਰਤ ਦੇ ਡਿਜੀਟਲ ਭਵਿੱਖ ਨੂੰ ਮਜ਼ਬੂਤ ਬਣਾਉਣ ਵਿੱਚ ਸਾਈਬਰ ਸੁਰੱਖਿਆ ਅਤੇ ਉੱਭਰ ਰਹੀਆਂ ਤਕਨਾਲੋਜੀਆਂ ਦੀ ਵੱਧ ਰਹੀ ਮਹੱਤਤਾ 'ਤੇ ਜ਼ੋਰ ਦਿੱਤਾ। ਵਿਕਾਸ ਸਿੰਘ ਪੰਵਾਰ ਨੇ ਯੂਪੀਐਸਸੀ ਦੀ ਤਿਆਰੀ ਸਬੰਧੀ ਆਪਣੇ ਤਜਰਬੇ ਸਾਂਝੇ ਕਰਦਿਆਂ ਰਣਨੀਤਕ ਯੋਜਨਾਬੰਦੀ, ਅਨੁਸ਼ਾਸਿਤ ਤਿਆਰੀ ਅਤੇ ਨਿਰੰਤਰ ਮਿਹਨਤ ਦੀ ਮਹੱਤਤਾ ਉਜਾਗਰ ਕੀਤੀ। ਉਨ੍ਹਾਂ ਦੀ ਗੱਲਬਾਤ ਨਾਲ ਵਿਦਿਆਰਥੀਆਂ ਨੂੰ ਸਿਵਲ ਸੇਵਾਵਾਂ ਵਿੱਚ ਕਰੀਅਰ ਦੇ ਮੌਕਿਆਂ ਬਾਰੇ ਵਧੇਰੇ ਸਪੱਸ਼ਟਤਾ ਮਿਲੀ। ਪ੍ਰੋਗਰਾਮ ਦਾ ਸਮਾਪਨ ਇੰਟਰਐਕਟਿਵ ਸਵਾਲ-ਜਵਾਬ ਸੈਸ਼ਨ ਨਾਲ ਹੋਇਆ, ਜਿਸ ਦੌਰਾਨ ਵਿਦਿਆਰਥੀਆਂ ਨੇ ਮਾਹਿਰਾਂ ਨਾਲ ਸਰਗਰਮ ਗੱਲਬਾਤ ਕਰਦਿਆਂ ਸਾਈਬਰ ਸੁਰੱਖਿਆ, ਏਆਈ, ਸਿਵਲ ਸੇਵਾਵਾਂ ਅਤੇ ਕਰੀਅਰ ਯੋਜਨਾਬੰਦੀ ਸਬੰਧੀ ਵਿਹਾਰਕ ਜਾਣਕਾਰੀ ਹਾਸਲ ਕੀਤੀ। ਰਿਆਤ ਬਾਹਰਾ ਯੂਨੀਵਰਸਿਟੀ ਦੇ ਪ੍ਰੋ-ਵਾਈਸ ਚਾਂਸਲਰ ਪ੍ਰੋ. (ਡਾ.) ਸਤੀਸ਼ ਕੁਮਾਰ ਨੇ ਮਾਹਿਰਾਂ ਨੂੰ ਉਨ੍ਹਾਂ ਦੇ ਕੀਮਤੀ ਯੋਗਦਾਨ ਅਤੇ ਵਿਦਿਆਰਥੀਆਂ ਨਾਲ ਗਿਆਨਵਰਧਕ ਵਿਚਾਰ-ਵਟਾਂਦਰੇ ਲਈ ਯਾਦਗਾਰੀ ਚਿੰਨ੍ਹ ਭੇਟ ਕਰਕੇ ਸਨਮਾਨਿਤ ਕੀਤਾ। ਅਲਫ਼ਾ ਸਕੂਲ ਦੀ ਡਾਇਰੈਕਟਰ ਡਾ. ਪੂਜਾ ਸ਼ਰਮਾ ਨੇ ਉੱਘੇ ਬੁਲਾਰਿਆਂ ਦਾ ਉਨ੍ਹਾਂ ਦੀ ਮੁਹਾਰਤ ਸਾਂਝੀ ਕਰਨ ਅਤੇ ਵਿਦਿਆਰਥੀਆਂ ਦੇ ਸਿੱਖਣ ਦੇ ਤਜਰਬੇ ਨੂੰ ਹੋਰ ਸਮਰੱਥ ਬਣਾਉਣ ਲਈ ਧੰਨਵਾਦ ਕੀਤਾ।


ਸਹਿਮਤੀ ਬਣੀ ਹੱਲ ਦਾ ਰਾਹ; ਕੌਮੀ ਲੋਕ ਅਦਾਲਤ 'ਚ 29,189 ਕੇਸ ਨਿਪਟੇ, ਕਰੀਬ 22 ਕਰੋੜ 18 ਲੱਖ ਰੁਪਏ ਤੋਂ ਵੱਧ ਦੇ ਅਵਾਰਡ ਪਾਸ

ਛੇਤੀ ਤੇ ਘੱਟ ਖਰਚੇ 'ਚ ਨਿਆਂ ਲਈ ਲੋਕ ਅਦਾਲਤਾਂ ਦਾ ਲਾਭ ਲੈਣ ਲੋਕ: ਮੁਨੀਸ਼ ਸਿੰਗਲ ਜ਼ਿਲ੍ਹਾ ਤੇ ਸੈਸ਼ਨ ਜੱਜ

ਸੰਗਰੂਰ, 12 ਸਤੰਬਰ (ਪੈ.ਗਾਮ-ਏ-ਜਗਤ)

ਜ਼ਿਲ੍ਹਾ ਕਚਹਿਰੀਆਂ ਸੰਗਰੂਰ ਸਮੇਤ ਸੁਨਾਮ, ਮੂਨਕ ਅਤੇ ਧੂਰੀ ਵਿਖੇ ਅੱਜ ਲਗਾਈ ਗਈ ਕੌਮੀ ਲੋਕ ਅਦਾਲਤ ਦੌਰਾਨ ਨਿਪਟਾਰੇ ਲਈ ਰੱਖੇ ਗਏ ਕੁੱਲ 29,916 ਕੇਸਾਂ ਵਿੱਚੋਂ 29,189 ਕੇਸਾਂ ਦਾ ਦੋਵਾਂ ਧਿਰਾਂ ਦੀ ਆਪਸੀ ਸਹਿਮਤੀ ਨਾਲ ਨਿਪਟਾਰਾ ਕਰਵਾਇਆ ਗਿਆ। ਇਸ ਦੌਰਾਨ 22,18,31,676 ਰੁਪਏ ਦੇ ਅਵਾਰਡ ਪਾਸ ਕੀਤੇ ਗਏ।

ਮਾਣਯੋਗ ਜਸਟਿਸ ਦੀਪਕ ਸਿਬਲ, ਜੱਜ, ਪੰਜਾਬ ਅਤੇ ਹਰਿਆਣਾ ਹਾਈ ਕੋਰਟ-ਕਮ-ਕਾਰਜਕਾਰੀ ਚੇਅਰਮੈਨ, ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ, ਐੱਸ.ਏ.ਐੱਸ. ਨਗਰ ਅਤੇ ਮਾਣਯੋਗ ਜਸਟਿਸ ਪੰਕਜ ਜੈਨ, ਜੱਜ, ਪੰਜਾਬ ਅਤੇ ਹਰਿਆਣਾ ਹਾਈ ਕੋਰਟ-ਕਮ-ਪ੍ਰਬੰਧਕੀ ਜੱਜ, ਸੈਸ਼ਨਜ਼ ਡਵੀਜ਼ਨ ਸੰਗਰੂਰ ਦੀਆਂ ਹਦਾਇਤਾਂ ਅਤੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਕੌਮੀ ਲੋਕ ਅਦਾਲਤ ਲਗਾਈ ਗਈ।



ਇਹ ਲੋਕ ਅਦਾਲਤ ਜ਼ਿਲ੍ਹਾ ਤੇ ਸੈਸ਼ਨ ਜੱਜ-ਕਮ-ਚੇਅਰਮੈਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਸ੍ਰੀ ਮੁਨੀਸ਼ ਸਿੰਗਲ ਦੀ ਪ੍ਰਧਾਨਗੀ ਅਤੇ ਸਕੱਤਰ ਸ੍ਰੀ ਅਸ਼ੀਸ਼ ਠਠਈ ਦੀ ਦੇਖ-ਰੇਖ ਹੇਠ ਲਗਾਈ ਗਈ। ਕੇਸਾਂ ਦੇ ਨਿਪਟਾਰੇ ਲਈ ਜ਼ਿਲ੍ਹਾ ਪੱਧਰ 'ਤੇ 13 ਅਤੇ ਉਪ ਮੰਡਲ ਪੱਧਰ 'ਤੇ 5 ਲੋਕ ਅਦਾਲਤ ਬੈਂਚ ਗਠਿਤ ਕੀਤੇ ਗਏ।

ਕੌਮੀ ਲੋਕ ਅਦਾਲਤ ਵਿੱਚ ਅਦਾਲਤਾਂ 'ਚ ਲੰਬਿਤ ਕੇਸਾਂ ਤੋਂ ਇਲਾਵਾ ਪ੍ਰੀ-ਲਿਟੀਗੇਟਿਵ ਮਾਮਲੇ ਵੀ ਵਿਚਾਰੇ ਗਏ। ਇਨ੍ਹਾਂ ਵਿੱਚ ਸਮਝੌਤਾਯੋਗ ਫ਼ੌਜਦਾਰੀ ਮਾਮਲੇ, ਚੈੱਕ ਬਾਊਂਸ, ਪੈਸਿਆਂ ਦੀ ਵਸੂਲੀ, ਮੋਟਰ ਹਾਦਸਾ ਕਲੇਮ, ਵਿਆਹ ਸਬੰਧੀ ਵਿਵਾਦ, ਬਿਜਲੀ-ਪਾਣੀ ਦੇ ਬਿੱਲ, ਤਨਖ਼ਾਹ ਤੇ ਭੱਤਿਆਂ ਨਾਲ ਸਬੰਧਤ ਸੇਵਾ ਮਾਮਲੇ, ਮਾਲੀਆ ਅਤੇ ਹੋਰ ਦੀਵਾਨੀ ਮਾਮਲੇ ਸ਼ਾਮਲ ਸਨ।

ਪੀ.ਜੀ.ਆਈ. ਨੇ ਮਾਈਕ੍ਰੋਬਾਇਓਮ ਅਤੇ ਮੈਟਾਬੋਲਿਜ਼ਮ 'ਤੇ 8ਵਾਂ ਰਾਸ਼ਟਰੀ ਪੋਸ਼ਣ ਕਾਨਫਰੰਸ ਆਯੋਜਿਤ ਕੀਤੀ

ਚੰਡੀਗੜ੍ਹ, 12 ਸਤੰਬਰ (ਪੈ.ਗਾਮ-ਏ-ਜਗਤ)

ਡਾਇਟੇਟਿਕਸ ਵਿਭਾਗ, ਪੀ.ਜੀ.ਆਈ., ਚੰਡੀਗੜ੍ਹ ਨੇ ਨਿਊਟ੍ਰੀਸ਼ਨ ਸੋਸਾਇਟੀ ਆਫ ਇੰਡੀਆ, ਚੰਡੀਗੜ੍ਹ ਚੈਪਟਰ ਦੇ ਸਹਿਯੋਗ ਨਾਲ ਰਾਸ਼ਟਰੀ ਪੋਸ਼ਣ ਮਹੀਨਾ, ਜੋ ਹਰ ਸਾਲ ਸਤੰਬਰ ਦੇ ਮਹੀਨੇ ਵਿੱਚ ਆਉਂਦਾ ਹੈ, ਨੂੰ ਮਨਾਉਣ ਲਈ "ਫਰੌਮ ਮਾਈਕ੍ਰੋਬਾਇਓਮ ਟੂ ਮੈਟਾਬੋਲਿਜ਼ਮ: ਕਲੀਨਿਕਲ ਇਮਪੈਕਟਸ ਆਫ ਮਾਈਕ੍ਰੋਬਾਇਓਮ ਟਾਰਗੇਟਿਡ ਨਿਊਟ੍ਰੀਸ਼ਨ ਥੀਮ 'ਤੇ ਆਪਣੀ 8ਵੀਂ ਸਾਲਾਨਾ ਰਾਸ਼ਟਰੀ ਪੋਸ਼ਣ ਕਾਨਫਰੰਸ* ਆਯੋਜਿਤ ਕੀਤੀ।



ਡਾ. ਨੈਂਸੀ ਸਾਹਨੀ,* ਚੀਫ ਡਾਇਟਿਸ਼ੀਅਨ, ਕਾਨਫਰੰਸ ਦੀ ਆਰਗੇਨਾਈਜ਼ਿੰਗ ਸਕੱਤਰ ਸੀ। ਕਾਨਫਰੰਸ ਦਾ ਇੱਕ ਹੋਰ ਮੁੱਖ ਆਕਰਸ਼ਣ ਗੁਰਦੇ ਦੇ ਮਰੀਜ਼ਾਂ ਲਈ ਪੀ.ਐਲ.ਏ.ਡੀ.ਓ. (ਪਲਾਂਟ ਬੇਸਡ ਲੋਅ ਪ੍ਰੋਟੀਨ ਡਾਇਟ) 'ਤੇ ਕਿਤਾਬ ਰਿਲੀਜ਼* ਸੀ। *ਡਾ. ਨੈਂਸੀ ਸਾਹਨੀ, ਚੀਫ ਡਾਇਟਿਸ਼ੀਅਨ, ਪੀ.ਜੀ.ਆਈ.ਐਮ.ਈ.ਆਰ., ਦੁਆਰਾ ਲਿਖੀ ਗਈ ਇਹ ਕਿਤਾਬ *ਪਲਾਂਟ-ਡੋਮੀਨੈਂਟ ਲੋਅ-ਪ੍ਰੋਟੀਨ ਡਾਇਟ (ਪੀ.ਐਲ.ਏ.ਡੀ.ਓ.), ਨੂੰ ਪੇਸ਼ ਕਰਦੀ ਹੈ, ਜੋ ਇੱਕ ਨਵੀਨਤਾਕਾਰੀ ਅਤੇ ਸਬੂਤ-ਅਧਾਰਤ ਖੁਰਾਕ ਮਾਡਲ ਹੈ ਜੋ ਰਵਾਇਤੀ ਪਾਬੰਦੀਸ਼ੁਦਾ ਪਹੁੰਚਾਂ ਤੋਂ ਹਟ ਕੇ ਇੱਕ ਵਧੇਰੇ ਸੰਪੂਰਨ, ਪੈਥੋਫਿਜ਼ੀਓਲੋਜੀ-ਸੰਚਾਲਿਤ ਫਰੇਮਵਰਕ ਵੱਲ ਤਬਦੀਲੀ ਨੂੰ ਦਰਸਾਉਂਦਾ ਹੈ।

ਪ੍ਰੋ. ਵਿਵੇਕ ਲਾਲ,* ਮਾਨਯੋਗ ਨਿਰਦੇਸ਼ਕ, ਪੀ.ਜੀ.ਆਈ.ਐਮ.ਈ.ਆਰ., ਚੰਡੀਗੜ੍ਹ ਦੇ ਨਾਲ *ਪ੍ਰੋ. ਸੰਜੇ ਜੈਨ,* ਡੀਨ ਅਕਾਦਮਿਕ, ਅਤੇ *ਪ੍ਰੋ. ਅਸ਼ੋਕ ਕੁਮਾਰ,* ਮੈਡੀਕਲ ਸੁਪਰਡੈਂਟ ਅਤੇ ਮੁਖੀ, ਹਸਪਤਾਲ ਪ੍ਰਸ਼ਾਸਨ ਵਿਭਾਗ, ਵਿਸ਼ੇਸ਼ ਮਹਿਮਾਨ ਵਜੋਂ, ਨੇ ਪ੍ਰੋਗਰਾਮ ਦਾ ਉਦਘਾਟਨ ਕੀਤਾ ਅਤੇ ਕਿਤਾਬ ਵੀ ਰਿਲੀਜ਼ ਕੀਤੀ।

ਇਸ ਕਾਨਫਰੰਸ ਦਾ ਟੀਚਾ ਇਸ ਖੇਤਰ ਵਿੱਚ ਨਵੀਨਤਮ ਤਰੱਕੀ ਬਾਰੇ ਗੱਲ ਕਰਨ ਅਤੇ ਚਰਚਾ ਕਰਨ ਲਈ ਡਾਇਟਿਸ਼ੀਅਨ, ਡਾਕਟਰਾਂ ਅਤੇ ਖੋਜਕਰਤਾਵਾਂ ਨੂੰ ਇਕੱਠੇ ਲਿਆਉਣਾ ਸੀ। *ਵਿਗਿਆਨਕ ਪ੍ਰੋਗਰਾਮ ਵਿੱਚ ਪ੍ਰੀਬਾਇਓਟਿਕਸ (ਜੋ ਪਿਆਜ਼, ਲਸਣ, ਚਿਕੋਰੀ ਰੂਟ ਪਾਊਡਰ, ਕੇਲੇ, ਬੱਕਰੀ ਅਤੇ ਗਾਂ ਦੇ ਦੁੱਧ ਅਤੇ ਬਹੁਤ ਸਾਰੇ ਫਲਾਂ ਅਤੇ ਸਬਜ਼ੀਆਂ ਦੇ ਫਾਈਬਰ ਵਰਗੇ ਭੋਜਨਾਂ ਵਿੱਚ ਪਾਏ ਜਾਂਦੇ ਹਨ) ਦੀ ਭੂਮਿਕਾ ਅਤੇ ਲਾਭਕਾਰੀ ਅੰਤੜੀ ਬੈਕਟੀਰੀਆ ਨੂੰ ਚੋਣਵੇਂ ਤੌਰ 'ਤੇ ਉਤੇਜਿਤ ਕਰਨ, ਸ਼ਾਰਟ-ਚੇਨ ਫੈਟੀ ਐਸਿਡ ਦੇ ਉਤਪਾਦਨ ਨੂੰ ਵਧਾਉਣ, ਅੰਤੜੀ ਦੀ ਰੁਕਾਵਟ ਦੇ ਕੰਮ ਨੂੰ ਮਜ਼ਬੂਤ ਕਰਨ, ਅਤੇ ਅੰਤੜੀ-ਜਿਗਰ-ਦਿਮਾਗ ਧੁਰੇ ਨੂੰ ਨਿਯਮਤ ਕਰਨ ਦੇ ਨਾਲ-ਨਾਲ ਅੰਤੜੀਆਂ ਤੋਂ ਪਰੇ ਸਿਹਤ ਨੂੰ ਉਤਸ਼ਾਹਿਤ ਕਰਨ ਜਿਵੇਂ ਕਿ ਸ਼ੂਗਰ ਰੋਗੀਆਂ ਵਿੱਚ ਬਲੱਡ ਗਲੂਕੋਜ਼ ਦੇ ਪੱਧਰ ਨੂੰ ਕੰਟਰੋਲ ਕਰਨਾ, ਗੈਰ-ਅਲਕੋਹਲਿਕ ਫੈਟੀ ਲਿਵਰ ਦੇ ਇਲਾਜ ਵਿੱਚ ਅਤੇ ਹੱਡੀਆਂ ਦੇ ਖਣਿਜ ਸੋਖਣ ਦੀ ਸਮਰੱਥਾ ਵਿੱਚ ਸੁਧਾਰ, ਇਸ ਤਰ੍ਹਾਂ ਹੱਡੀਆਂ ਦੀ ਘਣਤਾ ਦਾ ਸਮਰਥਨ ਕਰਨ ਦੀ ਉਨ੍ਹਾਂ ਦੀ ਯੋਗਤਾ 'ਤੇ ਸੈਸ਼ਨ ਸ਼ਾਮਲ ਸਨ।* ਕਾਨਫਰੰਸ ਦਾ ਇੱਕ ਹੋਰ ਮੁੱਖ ਆਕਰਸ਼ਣ ਗੁਰਦੇ ਦੇ ਮਰੀਜ਼ਾਂ ਲਈ ਪੀ.ਐਲ.ਏ.ਡੀ.ਓ. (ਪਲਾਂਟ ਬੇਸਡ ਲੋਅ ਪ੍ਰੋਟੀਨ ਡਾਇਟ) 'ਤੇ ਕਿਤਾਬ ਰਿਲੀਜ਼* ਸੀ। *ਡਾ. ਨੈਂਸੀ ਸਾਹਨੀ, ਚੀਫ ਡਾਇਟਿਸ਼ੀਅਨ, ਪੀ.ਜੀ.ਆਈ.ਐਮ.ਈ.ਆਰ., ਦੁਆਰਾ ਲਿਖੀ ਗਈ ਇਹ ਕਿਤਾਬ ਪਲਾਂਟ-ਡੋਮੀਨੈਂਟ ਲੋਅ-ਪ੍ਰੋਟੀਨ ਡਾਇਟ (ਪੀ.ਐਲ.ਏ.ਡੀ.ਓ.) ਨੂੰ ਪੇਸ਼ ਕਰਦੀ ਹੈ, ਜੋ ਇੱਕ ਨਵੀਨਤਾਕਾਰੀ ਅਤੇ ਸਬੂਤ-ਅਧਾਰਤ ਖੁਰਾਕ ਮਾਡਲ ਹੈ ਜੋ ਰਵਾਇਤੀ ਪਾਬੰਦੀਸ਼ੁਦਾ ਪਹੁੰਚਾਂ ਤੋਂ ਹਟ ਕੇ ਇੱਕ ਵਧੇਰੇ ਸੰਪੂਰਨ, ਪੈਥੋਫਿਜ਼ੀਓਲੋਜੀ-ਸੰਚਾਲਿਤ ਫਰੇਮਵਰਕ ਵੱਲ ਤਬਦੀਲੀ ਨੂੰ ਦਰਸਾਉਂਦਾ ਹੈ। ਗੁਰਦੇ-ਅਨੁਕੂਲ ਖੁਰਾਕ ਵਿੱਚ ਤਬਦੀਲੀ ਅਕਸਰ ਔਖੀ ਮਹਿਸੂਸ ਹੁੰਦੀ ਹੈ, ਜਿਸ ਨਾਲ ਪਾਬੰਦੀਆਂ ਅਤੇ ਖੁਰਾਕ ਦੀ ਥਕਾਵਟ ਹੁੰਦੀ ਹੈ। ਪੀ.ਐਲ.ਏ.ਡੀ.ਓ. ਕਿਤਾਬ ਗੁਰਦੇ-ਅਨੁਕੂਲ ਖੁਰਾਕ ਵਿੱਚ ਤਬਦੀਲੀ ਦੀ ਪ੍ਰਕਿਰਿਆ ਨੂੰ ਸੁਲਝਾਉਂਦੀ ਹੈ ਜੋ ਅਕਸਰ ਔਖੀ ਮਹਿਸੂਸ ਹੁੰਦੀ ਹੈ, ਜਿਸ ਨਾਲ ਪਾਬੰਦੀਆਂ ਅਤੇ ਖੁਰਾਕ ਦੀ ਥਕਾਵਟ ਹੁੰਦੀ ਹੈ।

ਮੰਦਰਾਂ ਦੇ ਜੀਰਨੋਧਾਰ ’ਤੇ ਸਰਕਾਰ ਲਗਾਤਾਰ ਕਰ ਰਹੀ ਕੰਮ: ਮੁਕੇਸ਼ ਅਗਨੀਹੋਤਰੀ

ਊਨਾ, 12 ਸਤੰਬਰ (ਪੈ.ਗਾਮ-ਏ-ਜਗਤ)

ਉਪ ਮੁੱਖ ਮੰਤਰੀ ਮੁਕੇਸ਼ ਅਗਨੀਹੋਤਰੀ ਨੇ ਸ਼੍ਰੀ ਗੁਰੂ ਰਵਿਦਾਸ ਦਾਸ ਮੰਦਰ ਭਦਸਾਲੀ ਵਿੱਚ ਨਿਸ਼ਾਨ ਸਾਹਿਬ ਸਥਾਪਨਾ (ਝੰਡਾ ਚੜ੍ਹਾਉਣ ਦੀ ਰਸਮ) ਵਿੱਚ ਭਾਗ ਲਿਆ। ਮੰਦਰ ਦੇ ਸੁੰਦਰੀਕਰਨ ਤਹਿਤ ਨਵ-ਨਿਰਮਿਤ ਪਰਿਸਰ ਵਿੱਚ ਨਿਸ਼ਾਨ ਸਾਹਿਬ ਸਥਾਪਿਤ ਕੀਤਾ ਗਿਆ ਹੈ। ਪਰਿਸਰ ਦੇ ਨਿਰਮਾਣ ’ਤੇ ਕਰੀਬ ਇੱਕ ਕਰੋੜ ਰੁਪਏ ਖਰਚ ਹੋਏ ਹਨ। ਉਨ੍ਹਾਂ ਨੇ ਭਜਨ-ਕੀਰਤਨ ਵਿੱਚ ਭਾਗ ਲੈਣ ਦੇ ਨਾਲ ਲੰਗਰ ਵਿੱਚ ਪ੍ਰਸਾਦ ਵੀ ਗ੍ਰਹਿਣ ਕੀਤਾ।

ਮੁਕੇਸ਼ ਅਗਨੀਹੋਤਰੀ ਨੇ ਕਿਹਾ ਕਿ ਮੰਦਰ ਪਰਿਸਰ ਦਾ ਸੁੰਦਰ ਨਿਰਮਾਣ ਹੋਇਆ ਹੈ ਅਤੇ ਇੱਥੇ ਜਲਦ ਵੱਡਾ ਸਮਾਗਮ ਆਯੋਜਿਤ ਕੀਤਾ ਜਾਵੇਗਾ। ਮੰਦਰ ਦੇ ਸਾਹਮਣੇ ਸਥਾਪਿਤ ਬਿਜਲੀ ਟਰਾਂਸਫਾਰਮਰ ਨੂੰ ਹੋਰ ਥਾਂ ਤਬਦੀਲ ਕੀਤਾ ਜਾਵੇਗਾ, ਤਾਂ ਜੋ ਪਰਿਸਰ ਦੀ ਸੁੰਦਰਤਾ ਹੋਰ ਵਧ ਸਕੇ। ਉਨ੍ਹਾਂ ਦੱਸਿਆ ਕਿ ਸ਼ੀਤਲਾ ਮਾਤਾ ਮੰਦਰ ਦੇ ਨਿਰਮਾਣ ’ਤੇ ਪੰਜ ਕਰੋੜ ਰੁਪਏ ਖਰਚ ਕੀਤੇ ਜਾ ਰਹੇ ਹਨ, ਜਿਸ ਵਿੱਚੋਂ ਤਿੰਨ ਕਰੋੜ ਰੁਪਏ ਖਰਚ ਹੋ ਚੁੱਕੇ ਹਨ।

ਉਨ੍ਹਾਂ ਕਿਹਾ ਕਿ ਹਿਰੋਲੀ ਖੇਤਰ ਵਿੱਚ ਮੰਦਰਾਂ ਦੇ ਜੀਰਨੋਧਾਰ ’ਤੇ ਲੱਖਾਂ ਰੁਪਏ ਖਰਚ ਕੀਤੇ ਜਾ ਰਹੇ ਹਨ ਅਤੇ ਵਾਧੂ ਰਾਸ਼ੀ ਵੀ ਮਨਜ਼ੂਰ ਕੀਤੀ ਗਈ ਹੈ। ਸਰਕਾਰ ਮੰਦਰਾਂ ਅਤੇ ਗੁਰਦੁਆਰਿਆਂ ਦੇ ਜੀਰਨੋਧਾਰ ਅਤੇ ਵਿਕਾਸ ਲਈ ਲਗਾਤਾਰ ਕੰਮ ਕਰ ਰਹੀ ਹੈ।

ਮੰਦਰ ਕਮੇਟੀ ਦੇ ਪ੍ਰਧਾਨ ਮਾਸਟਰ ਭਗਤ ਰਾਮ ਨੇ ਉਪ ਮੁੱਖ ਮੰਤਰੀ ਦਾ ਸਵਾਗਤ ਕੀਤਾ। ਕਮੇਟੀ ਵੱਲੋਂ ਮਹਿਮਾਨਾਂ ਨੂੰ ਸਿਰੋਪਾਓ ਭੇਟ ਕੀਤੇ ਗਏ। ਇਸ ਮੌਕੇ ਰਣਜੀਤ ਸਿੰਘ ਰਾਣਾ, ਸੰਦੀਪ ਅਗਨੀਹੋਤਰੀ, ਜਸਪਾਲ ਜੱਸਾ, ਪ੍ਰਮੋਦ ਕੁਮਾਰ, ਵਿਸ਼ਾਲ ਸ਼ਰਮਾ ਸਮੇਤ ਮੰਦਰ ਕਮੇਟੀ ਦੇ ਅਹੁਦੇਦਾਰ, ਪੰਚਾਇਤ ਨੁਮਾਇੰਦੇ ਅਤੇ ਵੱਡੀ ਗਿਣਤੀ ਵਿੱਚ ਸਥਾਨਕ ਲੋਕ ਮੌਜੂਦ ਰਹੇ।

• ਸ਼੍ਰੀ ਗੁਰੂ ਰਵਿਦਾਸ ਮੰਦਰ ਭਦਸਾਲੀ ਵਿੱਚ ਨਿਸ਼ਾਨ ਸਾਹਿਬ ਸਥਾਪਨਾ ਸਮਾਰੋਹ ਵਿੱਚ ਹੋਏ ਸ਼ਾਮਲ



ਰਾਸ਼ਟਰੀ ਲੋਕ ਅਦਾਲਤ ਵਿੱਚ 6,194 ਮਾਮਲਿਆਂ ਦਾ ਸਮਝੌਤੇ ਦੇ ਆਧਾਰ ’ਤੇ ਨਿਪਟਾਰਾ

ਊਨਾ, 12 ਸਤੰਬਰ (ਪੈ.ਗਾਮ-ਏ-ਜਗਤ)

ਜ਼ਿਲ੍ਹਾ ਅਤੇ ਸੈਸ਼ਨ ਅਦਾਲਤ ਊਨਾ ਅਤੇ ਜ਼ਿਲ੍ਹਾ ਉਪਮੰਡਲ ਅੰਬ ਸਥਿਤ ਅਦਾਲਤੀ ਪਰਿਸਰ ਵਿੱਚ ਅੱਜ (ਸ਼ਨੀਵਾਰ) ਜ਼ਿਲ੍ਹਾ ਅਤੇ ਸੈਸ਼ਨ ਜੱਜ ਨਰੇਸ਼ ਕੁਮਾਰ ਦੀ ਪ੍ਰਧਾਨਗੀ ਹੇਠ ਰਾਸ਼ਟਰੀ ਲੋਕ ਅਦਾਲਤ ਦਾ ਆਯੋਜਨ ਕੀਤਾ ਗਿਆ। ਰਾਸ਼ਟਰੀ ਲੋਕ ਅਦਾਲਤ ਰਾਹੀਂ ਵੱਖ-ਵੱਖ ਕਿਸਮ ਦੇ ਮਾਮਲਿਆਂ ਦਾ ਆਪਸੀ ਸਮਝੌਤੇ ਅਤੇ ਸੁਹਿਰਦ ਹੱਲ ਦੇ ਆਧਾਰ ’ਤੇ ਨਿਪਟਾਰਾ ਕੀਤਾ ਗਿਆ।

ਜ਼ਿਲ੍ਹਾ ਕਾਨੂੰਨੀ ਸੇਵਾ ਅਥਾਰਟੀ ਦੀ ਸਕੱਤਰ ਸ਼ਿਖਾ ਲਖਨਪਾਲ ਨੇ ਦੱਸਿਆ ਕਿ ਰਾਸ਼ਟਰੀ ਲੋਕ ਅਦਾਲਤ ਵਿੱਚ ਕੁੱਲ 6,194 ਮਾਮਲਿਆਂ ਦਾ ਸਫਲਤਾਪੂਰਵਕ ਨਿਪਟਾਰਾ ਕੀਤਾ ਗਿਆ।



ਇਨ੍ਹਾਂ ਮਾਮਲਿਆਂ ਦੇ ਨਿਪਟਾਰੇ ਦੌਰਾਨ ਕੁੱਲ 5,52,39,009 ਰੁਪਏ ਦੀ ਰਕਮ ’ਤੇ ਸਮਝੌਤਾ ਹੋਇਆ। ਉਨ੍ਹਾਂ ਦੱਸਿਆ ਕਿ ਰਾਸ਼ਟਰੀ ਲੋਕ ਅਦਾਲਤ ਵਿੱਚ ਵੱਖ-ਵੱਖ ਸ਼੍ਰੇਣੀਆਂ ਦੇ ਮਾਮਲਿਆਂ ਨੂੰ ਸਮਝੌਤੇ ਦੇ ਆਧਾਰ ’ਤੇ ਨਿਪਟਾਉਣ ਲਈ ਸੁਣਵਾਈ ਕੀਤੀ ਗਈ। ਇਨ੍ਹਾਂ ਵਿੱਚ ਵੱਖ-ਵੱਖ ਕਿਸਮ ਦੇ ਅਪਰਾਧਾਂ ਨਾਲ ਸਬੰਧਤ ਕੰਪਾਉਂਡੇਬਲ ਮਾਮਲੇ, ਦੀਵਾਨੀ ਵਿਵਾਦ, ਚੈੱਕ ਬਾਊਂਸ ਦੇ ਮਾਮਲੇ, ਧਾਰਾ 138 ਅਧੀਨ ਐਨਆਈ ਨਾਲ ਸਬੰਧਤ ਮਾਮਲੇ, ਖਪਤਕਾਰ ਸ਼ਿਕਾਇਤਾਂ ਅਤੇ ਮੋਟਰ ਵ?ਹੀਕਲ ਚਲਾਨ ਨਾਲ ਸਬੰਧਤ ਮਾਮਲੇ ਸ਼ਾਮਲ ਰਹੇ।

ਉਨ੍ਹਾਂ ਕਿਹਾ ਕਿ ਰਾਸ਼ਟਰੀ ਲੋਕ ਅਦਾਲਤ ਦਾ ਉਦੇਸ਼ ਆਮ ਲੋਕਾਂ ਨੂੰ ਸੁਲਭ, ਤੁਰੰਤ ਅਤੇ ਘੱਟ ਖਰਚ ਵਿੱਚ ਨਿਆਂ ਉਪਲਬਧ ਕਰਵਾਉਣਾ ਹੈ। ਲੋਕ ਅਦਾਲਤ ਰਾਹੀਂ ਧਿਰਾਂ ਆਪਸੀ ਸਹਿਮਤੀ ਅਤੇ ਸਮਝੌਤੇ ਦੇ ਆਧਾਰ ’ਤੇ ਆਪਣੇ ਵਿਵਾਦਾਂ ਦਾ ਹੱਲ ਕਰ ਸਕਦੀਆਂ ਹਨ, ਜਿਸ ਨਾਲ ਨਾ ਸਿਰਫ਼ ਸਮੇਂ ਅਤੇ ਧਨ ਦੀ ਬੱਚਤ ਹੁੰਦੀ ਹੈ, ਸਗੋਂ ਅਦਾਲਤਾਂ ਵਿੱਚ ਲੰਬਿਤ ਮਾਮਲਿਆਂ ਦੇ ਬੋਝ ਨੂੰ ਘਟਾਉਣ ਵਿੱਚ ਵੀ ਮਦਦ ਮਿਲਦੀ ਹੈ।

ਚੰਡੀਗੜ੍ਹ ਦੇ ਛੇ ਸਰਕਾਰੀ ਕਾਲਜਾਂ ਵਿੱਚ ਤਿੰਨ ਰੋਜ਼ਾ ਸਮੁੱਚੀ ਸਿਹਤ ਅਤੇ ਏਕੀਕ੍ਰਿਤ ਅੰਮ੍ਰਿਤਾ ਧਿਆਨ ਪ੍ਰੋਗਰਾਮ ਆਯੋਜਿਤ

ਪੈ.ਗਾਮ-ਏ-ਜਗਤ
ਚੰਡੀਗੜ੍ਹ, 12 ਸਤੰਬਰ, (ਹਰਮਿੰਦਰ ਸਿੰਘ ਨਾਗਪਾਲ)



ਚੰਡੀਗੜ੍ਹ ਦੇ ਛੇ ਸਰਕਾਰੀ ਕਾਲਜਾਂ ਵਿੱਚ “ਸਮੁੱਚੀ ਸਿਹਤ ਅਤੇ ਏਕੀਕ੍ਰਿਤ ਅੰਮ੍ਰਿਤਾ ਧਿਆਨ” ਵਿਸ਼ੇ ’ਤੇ ਤਿੰਨ ਰੋਜ਼ਾ ਪ੍ਰੋਗਰਾਮ 9 ਤੋਂ 11 ਸਤੰਬਰ, 2026 ਤੱਕ ਆਯੋਜਿਤ ਕੀਤਾ ਗਿਆ। ਇਹ ਪ੍ਰੋਗਰਾਮ ਡਾਇਰੈਕਟੋਰੇਟ ਆਫ਼ ਹਾਇਰ ਐਜੂਕੇਸ਼ਨ (485), ਚੰਡੀਗੜ੍ਹ ਦੀ ਨਿਗਰਾਨੀ ਹੇਠ ਅੰਮ੍ਰਿਤਾ ਵਿਸ਼ਵ ਵਿਦਿਆਪੀਠਮ, ਕੇਰਲ ਦੇ ਯੂਥ ਐਮਪਾਵਰਮੈਂਟ ਗਰੁੱਪ ਦੇ ਸਹਿਯੋਗ ਨਾਲ ਕਰਵਾਇਆ ਗਿਆ।

ਪ੍ਰੋਗਰਾਮ ਦਾ ਤਾਲਮੇਲ ਡਾ. ਸੁਪਨਾ ਨੰਦਾ, ਪ੍ਰਿੰਸੀਪਲ, ਸਰਕਾਰੀ ਕਾਲਜ ਆਫ਼ ਐਜੂਕੇਸ਼ਨ, ਸੈਕਟਰ 20-ਡੀ, ਚੰਡੀਗੜ੍ਹ ਵੱਲੋਂ ਕੀਤਾ ਗਿਆ ਅਤੇ ਇਸ ਦਾ ਸੰਚਾਲਨ ਛੇ ਭਾਗ ਲੈਣ ਵਾਲੇ ਕਾਲਜਾਂ ਦੀਆਂ ਐਨ.ਐਸ.ਐਸ. ਇਕਾਈਆਂ ਰਾਹੀਂ ਕੀਤਾ ਗਿਆ। ਇਸ ਪਹਿਲਕਦਮੀ ਦਾ ਉਦੇਸ਼ ਵਿਦਿਆਰਥੀਆਂ ਅਤੇ ਫੈਕਲਟੀ ਮੈਂਬਰਾਂ ਵਿੱਚ ਸਰੀਰਕ, ਮਾਨਸਿਕ, ਭਾਵਨਾਤਮਕ ਅਤੇ ਆਤਮਿਕ ਤੰਦਰੁਸਤੀ ਦੀ ਮਹੱਤਤਾ ਬਾਰੇ ਜਾਗਰੂਕਤਾ ਪੈਦਾ ਕਰਨਾ ਅਤੇ ਤਣਾਅ ਪ੍ਰਬੰਧਨ, ਆਰਾਮ, ਭਾਵਨਾਤਮਕ ਸੰਤੁਲਨ, ਇਕਾਗਰਤਾ ਅਤੇ ਸਵੈ-ਜਾਗਰੂਕਤਾ ਲਈ ਵਿਹਾਰਕ ਤਰੀਕਿਆਂ ਨੂੰ ਉਤਸ਼ਾਹਿਤ ਕਰਨਾ ਸੀ। ਸੈਸ਼ਨਾਂ ਦਾ ਸੰਚਾਲਨ ਸ਼੍ਰੀ ਨਰਿੰਦਰ ਆਨੰਦ, ਰਾਸ਼ਟਰੀ ਕੋਆਰਡੀਨੇਟਰ ਅਤੇ ਐਸੋਸੀਏਟ ਪ੍ਰੋਫੈਸਰ, ਅਤੇ ਸੁਸ਼੍ਰੀ ਸ਼ਵੇਤਾ ਆਨੰਦ, ਐਸੋਸੀਏਟ ਪ੍ਰੋਫੈਸਰ ਅਤੇ ਰਾਸ਼ਟਰੀ ਕੋਆਰਡੀਨੇਟਰ, ਯੂਥ ਐਮਪਾਵਰਮੈਂਟ ਗਰੁੱਪ, ਅੰਮ੍ਰਿਤਾ ਵਿਸ਼ਵ ਵਿਦਿਆਪੀਠਮ, ਕੇਰਲ ਵੱਲੋਂ ਕੀਤਾ ਗਿਆ। ਸੰਵਾਦਾਤਮਕ ਅਤੇ ਅਨੁਭਵਾਤਮਕ ਸੈਸ਼ਨਾਂ ਰਾਹੀਂ ਸਰੋਤ ਵਿਅਕਤੀਆਂ ਨੇ ਵਿਦਿਆਰਥੀਆਂ ਅਤੇ ਫੈਕਲਟੀ ਮੈਂਬਰਾਂ ਨੂੰ ਵੱਖ-ਵੱਖ ਗਤੀਵਿਧੀਆਂ ਵਿੱਚ ਸ਼ਾਮਲ ਕੀਤਾ, ਜਿਨ੍ਹਾਂ ਦਾ ਉਦੇਸ਼ ਸਰੀਰਕ ਊਰਜਾ, ਮਾਨਸਿਕ ਆਰਾਮ ਅਤੇ ਭਾਵਨਾਤਮਕ ਤੰਦਰੁਸਤੀ ਨੂੰ ਉਤਸ਼ਾਹਿਤ ਕਰਨਾ ਸੀ। ਸੈਸ਼ਨਾਂ ਵਿੱਚ ਊਰਜਾ ਵਧਾਉਣ, ਤਣਾਅ ਘਟਾਉਣ, ਆਰਾਮ ਅਤੇ ਭਾਵਨਾਤਮਕ ਤਣਾਅ ਤੋਂ ਮੁਕਤੀ ਨਾਲ ਸਬੰਧਤ ਵੱਖ-ਵੱਖ ਅਭਿਆਸ ਕਰਵਾਏ ਗਏ। ਇਸ ਰਾਹੀਂ ਭਾਗੀਦਾਰਾਂ ਨੂੰ ਅਜਿਹੇ ਸਰਲ ਅਭਿਆਸਾਂ ਦਾ ਅਨੁਭਵ ਕਰਵਾਇਆ ਗਿਆ, ਜਿਨ੍ਹਾਂ ਨੂੰ ਉਹ ਆਪਣੀ ਰੋਜ਼ਾਨਾ ਜ਼ਿੰਦਗੀ ਵਿੱਚ ਅਪਣਾ ਸਕਦੇ ਹਨ। ਭਾਗੀਦਾਰਾਂ ਨੂੰ ਏਕੀਕ੍ਰਿਤ ਅੰਮ੍ਰਿਤਾ ਧਿਆਨ ਤਕਨੀਕ ਨਾਲ ਵੀ ਜਾਣੂ ਕਰਵਾਇਆ ਗਿਆ। ਇਹ ਤਕਨੀਕ ਵਿਸ਼ਵ ਪ੍ਰਸਿੱਧ ਮਨੁੱਖਤਾਵਾਦੀ ਸ਼੍ਰੀ ਮਾਤਾ ਅੰਮ੍ਰਿਤਾਨੰਦਮਈ ਦੇਵੀ (ਅੰਮਾ) ਦੀਆਂ ਸਿੱਖਿਆਵਾਂ ਅਤੇ ਮਾਰਗਦਰਸ਼ਨ ’ਤੇ ਆਧਾਰਿਤ ਹੈ। ਇਸ ਤਕਨੀਕ ਦਾ ਉਦੇਸ਼ ਮਾਨਸਿਕ ਸਮਤਾ ਨੂੰ ਉਤਸ਼ਾਹਿਤ ਕਰਨਾ, ਚਿੰਤਾ ਅਤੇ ਗੁੱਸੇ ਨੂੰ ਘਟਾਉਣਾ ਅਤੇ ਇਕਾਗਰਤਾ, ਜਾਗਰੂਕਤਾ ਅਤੇ ਭਾਵਨਾਤਮਕ ਸਥਿਰਤਾ ਵਿੱਚ ਸੁਧਾਰ ਲਿਆਉਣਾ ਹੈ।

ਇਹ ਪ੍ਰੋਗਰਾਮ ਹੇਠ ਲਿਖੇ ਕਾਲਜਾਂ ਵਿੱਚ ਸਬੰਧਤ ਪ੍ਰਿੰਸੀਪਲਾਂ ਦੀ ਅਗਵਾਈ ਹੇਠ ਆਯੋਜਿਤ ਕੀਤਾ ਗਿਆ:

ਪੋਸਟ ਗ੍ਰੈਜੂਏਟ ਸਰਕਾਰੀ ਕਾਲਜ ਫਾਰ ਗਰਲਜ਼, ਸੈਕਟਰ 11, ਚੰਡੀਗੜ੍ਹ, ਪ੍ਰਿੰਸੀਪਲ ਡਾ. ਅਨੀਤਾ ਕੁਸ਼ਲ ਦੀ ਅਗਵਾਈ ਹੇਠ।

ਪੋਸਟ ਗ੍ਰੈਜੂਏਟ ਸਰਕਾਰੀ ਕਾਲਜ, ਸੈਕਟਰ 11, ਚੰਡੀਗੜ੍ਹ, ਪ੍ਰਿੰਸੀਪਲ ਡਾ. ਰਮਾ ਅਰੋੜਾ ਦੀ ਅਗਵਾਈ ਹੇਠ।

ਪੋਸਟ ਗ੍ਰੈਜੂਏਟ ਸਰਕਾਰੀ ਕਾਲਜ ਫਾਰ ਗਰਲਜ਼, ਸੈਕਟਰ 42, ਚੰਡੀਗੜ੍ਹ, ਪ੍ਰਿੰਸੀਪਲ ਡਾ. ਬੀਨੂ ਡੋਗਰਾ ਦੀ ਅਗਵਾਈ ਹੇਠ।

ਪੋਸਟ ਗ੍ਰੈਜੂਏਟ ਸਰਕਾਰੀ ਕਾਲਜ, ਸੈਕਟਰ 46, ਚੰਡੀਗੜ੍ਹ, ਪ੍ਰਿੰਸੀਪਲ ਡਾ. ਨਿਸ਼ਾ ਅਗਰਵਾਲ ਦੀ ਅਗਵਾਈ ਹੇਠ।

ਸਰਕਾਰੀ ਕਾਲਜ ਆਫ਼ ਕਾਮਰਸ ਐਂਡ ਬਿਜ਼ਨਸ ਐਡਮਿਨਿਸਟ੍ਰੇਸ਼ਨ, ਸੈਕਟਰ 50, ਚੰਡੀਗੜ੍ਹ, ਪ੍ਰਿੰਸੀਪਲ ਡਾ. ਸੰਗਮ ਕਪੂਰ ਦੀ ਅਗਵਾਈ ਹੇਠ।

ਸਰਕਾਰੀ ਕਾਲਜ ਆਫ਼ ਐਜੂਕੇਸ਼ਨ, ਸੈਕਟਰ 20-ਡੀ, ਚੰਡੀਗੜ੍ਹ, ਪ੍ਰਿੰਸੀਪਲ ਡਾ. ਸੁਪਨਾ ਨੰਦਾ ਦੀ ਅਗਵਾਈ ਹੇਠ।

ਸਾਰੇ ਛੇ ਕਾਲਜਾਂ ਦੇ ਵਿਦਿਆਰਥੀਆਂ ਅਤੇ ਫੈਕਲਟੀ ਮੈਂਬਰਾਂ ਨੇ ਪ੍ਰੋਗਰਾਮ ਵਿੱਚ ਉਤਸ਼ਾਹਪੂਰਵਕ ਭਾਗ ਲਿਆ। ਭਾਗੀਦਾਰਾਂ ਨੇ ਸੰਵਾਦਾਤਮਕ ਗਤੀਵਿਧੀਆਂ ਅਤੇ ਧਿਆਨ ਅਭਿਆਸਾਂ ਵਿੱਚ ਸਰਗਰਮੀ ਨਾਲ ਹਿੱਸਾ ਲਿਆ ਅਤੇ ਆਪਣੀ ਰੋਜ਼ਾਨਾ ਜੀਵਨ-ਸ਼ੈਲੀ ਵਿੱਚ ਸਰੀਰਕ ਗਤੀਵਿਧੀ, ਆਰਾਮ, ਧਿਆਨ ਅਤੇ ਭਾਵਨਾਤਮਕ ਜਾਗਰੂਕਤਾ ਨੂੰ ਸ਼ਾਮਲ ਕਰਨ ਦੀ ਮਹੱਤਤਾ ਨੂੰ ਸਮਝਿਆ।

ਇਸ ਤਿੰਨ ਰੋਜ਼ਾ ਪਹਿਲਕਦਮੀ ਨੇ ਵਿਦਿਆਰਥੀਆਂ ਅਤੇ ਫੈਕਲਟੀ ਮੈਂਬਰਾਂ ਨੂੰ ਅਕਾਦਮਿਕ ਅਤੇ ਪੇਸ਼ੇਵਰ ਜੀਵਨ ਵਿੱਚ ਮਾਨਸਿਕ ਤੰਦਰੁਸਤੀ, ਭਾਵਨਾਤਮਕ ਮਜ਼ਬੂਤੀ ਅਤੇ ਤਣਾਅ ਪ੍ਰਬੰਧਨ ਦੀ ਵਧ ਰਹੀ ਮਹੱਤਤਾ ’ਤੇ ਵਿਚਾਰ ਕਰਨ ਦਾ ਮੌਕਾ ਪ੍ਰਦਾਨ ਕੀਤਾ। ਸੈਸ਼ਨਾਂ ਦੀ ਅਨੁਭਵਾਤਮਕ ਪ੍ਰਕਿਰਤੀ ਨੇ ਭਾਗੀਦਾਰਾਂ ਨੂੰ ਅੰਦਰੂਨੀ ਸੰਤੁਲਨ ਅਤੇ ਸਮੁੱਚੀ ਤੰਦਰੁਸਤੀ ਬਣਾਈ ਰੱਖਣ ਲਈ ਸਰਲ ਅਤੇ ਟਿਕਾਊ ਅਭਿਆਸ ਅਪਣਾਉਣ ਲਈ ਪ੍ਰੇਰਿਤ ਕੀਤਾ। ਇਹ ਪਹਿਲਕਦਮੀ ਡਾਇਰੈਕਟੋਰੇਟ ਆਫ਼ ਹਾਇਰ ਐਜੂਕੇਸ਼ਨ, ਚੰਡੀਗੜ੍ਹ ਦੀ ਵਿਦਿਆਰਥੀਆਂ ਅਤੇ ਫੈਕਲਟੀ ਮੈਂਬਰਾਂ ਦੇ ਸਰਵਪੱਖੀ ਵਿਕਾਸ ਪ੍ਰਤੀ ਵਚਨਬੱਧਤਾ ਨੂੰ ਦਰਸਾਉਂਦੀ ਹੈ। ਇਸ ਤਹਿਤ ਅਕਾਦਮਿਕ ਵਿਕਾਸ ਦੇ ਨਾਲ-ਨਾਲ ਸਿਹਤ, ਸਚੇਤਤਾ, ਭਾਵਨਾਤਮਕ ਤੰਦਰੁਸਤੀ ਅਤੇ ਅੰਦਰੂਨੀ ਸਦਭਾਵਨਾ ਨੂੰ ਉਤਸ਼ਾਹਿਤ ਕਰਨ ਵਾਲੀਆਂ ਪਹਿਲਕਦਮੀਆਂ ਨੂੰ ਵੀ ਪ੍ਰੋਤਸਾਹਿਤ ਕੀਤਾ ਗਿਆ।

ਕਾਰੋਬਾਰੀ ਪ੍ਰੋਤਸਾਹਨ ਕੇਂਦਰ ਗੋਂਦਪੁਰ ਬੁੱਲਾ ਵਿੱਚ ਮੁਕੇਸ਼ ਅਗਨੀਹੋਤਰੀ ਨੇ ਸੁਣੀਆਂ ਲੋਕਾਂ ਦੀਆਂ ਸਮੱਸਿਆਵਾਂ, 3.60 ਲੱਖ ਦੀ ਸਹਾਇਤਾ ਰਾਸ਼ੀ ਦੇ ਚੈੱਕ ਵੰਡੇ

ਊਨਾ, 12 ਸਤੰਬਰ (ਪੈ.ਗਾਮ-ਏ-ਜਗਤ)

ਉਪ ਮੁੱਖ ਮੰਤਰੀ ਮੁਕੇਸ਼ ਅਗਨੀਹੋਤਰੀ ਨੇ ਅੱਜ ਕਾਰੋਬਾਰੀ ਪ੍ਰੋਤਸਾਹਨ ਕੇਂਦਰ ਗੋਂਦਪੁਰ ਬੁੱਲਾ ਵਿੱਚ ਲੋਕਾਂ ਦੀਆਂ ਸਮੱਸਿਆਵਾਂ ਸੁਣੀਆਂ ਅਤੇ ਲੋੜਵੰਦ ਪਰਿਵਾਰਾਂ ਨੂੰ ਵਿੱਤੀ ਸਹਾਇਤਾ ਦੇ ਚੈੱਕ ਵੰਡੇ।



ਇਸ ਮੌਕੇ 9 ਲਾਭਪਾਤਰੀਆਂ ਨੂੰ ਕੁੱਲ 3.60 ਲੱਖ ਰੁਪਏ ਦੀ ਵਿੱਤੀ ਸਹਾਇਤਾ ਪ੍ਰਦਾਨ ਕੀਤੀ ਗਈ। ਇਨ੍ਹਾਂ ਵਿੱਚ ਡਾਕਟਰੀ ਇਲਾਜ ਲਈ ਦੁਲੈਹੜ ਵਾਸੀ ਰਾਜੀਵ ਕੁਮਾਰ, ਸਿੰਘਾ ਵਾਸੀ ਓਮ ਪ੍ਰਕਾਸ਼, ਹੀਰਾਂ ਵਾਸੀ ਭਾਗ ਸਿੰਘ, ਲੁਥਰੇ, ਹੀਰਾਂ ਵਾਸੀ ਨੀਲਮ ਕੁਮਾਰੀ ਪਾਠਕ, ਬਾਥੂ ਵਾਸੀ ਇਕਮੀਤ ਕੌਰ, ਬਾਲੀਬਾਲ ਵਾਸੀ ਕਮਲਜੀਤ, ਪੰਜਾਬਰ ਵਾਸੀ ਰਾਮ ਸਰੂਪ ਅਤੇ ਇਸਪੁਰ ਟਾਂਡਾ ਵਾਸੀ ਰਾਮ ਰਤਨ ਨੂੰ ਸਹਾਇਤਾ ਰਾਸ਼ੀ ਦੇ ਚੈੱਕ ਪ੍ਰਦਾਨ ਕੀਤੇ ਗਏ। ਉੱਥੇ ਹੀ, ਲਲੜੀ ਦੀ ਰਹਿਣ ਵਾਲੀ ਵਿੰਦਾ ਨੂੰ ਉੱਚ ਸਿੱਖਿਆ ਲਈ 1 ਲੱਖ ਰੁਪਏ ਦੀ ਆਰਥਿਕ ਸਹਾਇਤਾ ਪ੍ਰਦਾਨ ਕੀਤੀ ਗਈ।

ਗੁਲਜ਼ਾਰ ਸਿੰਘ ਦੇ ਪਰਿਵਾਰ ਨਾਲ ਪੰਜਾਬ ਮਹਿਲ਼ਾ ਕਾਂਗਰਸ ਦੀ ਪ੍ਰਧਾਨ ਬਲਜੀਤ ਕੌਰ ਨੇ ਕੀਤੀ ਮੁਲਾਕਾਤ

ਪੈ.ਗਾਮ-ਏ-ਜਗਤ/ਖਰੜ (ਦਵਿੰਦਰ ਕੌਰ)

ਪੰਜਾਬ ਮਹਿਲ਼ਾ ਕਾਂਗਰਸ ਦੀ ਪ੍ਰਧਾਨ ਬਲਜੀਤ ਕੌਰ ਨੇ ਦਿੜ੍ਹਬਾ ਹਲਕੇ ਦੇ ਪਿੰਡ ਤੂਰ ਬੰਜਾਰਾ ਵਿਖੇ ਸਵਰਗਵਾਸੀ ਗੁਲਜ਼ਾਰ ਸਿੰਘ ਜੀ ਦੇ ਘਰ ਪਹੁੰਚ ਕੇ ਉਨ੍ਹਾਂ ਦੇ ਪਰਿਵਾਰ ਨਾਲ ਮੁਲਾਕਾਤ ਕੀਤੀ ਅਤੇ ਇਸ ਦੁੱਖ ਦੀ ਘੜੀ ਵਿੱਚ ਪਰਿਵਾਰ ਨਾਲ ਹਮਦਰਦੀ ਪ੍ਰਗਟ ਕਰਦਿਆਂ ਦੁੱਖ ਸਾਂਝਾ ਕੀਤਾ।

ਇਸ ਮੌਕੇ ਬਲਜੀਤ ਕੌਰ ਨੇ ਪਰਿਵਾਰ ਨੂੰ ਹੌਸਲਾ ਦਿੰਦਿਆਂ ਕਿਹਾ ਕਿ ਉਹ ਆਪਣੇ ਆਪ ਨੂੰ ਇਕੱਲਾ ਨਾ ਸਮਝਣ। ਪੰਜਾਬ ਮਹਿਲ਼ਾ ਕਾਂਗਰਸ ਪੂਰੀ ਮਜ਼ਬੂਤੀ ਨਾਲ ਪਰਿਵਾਰ ਦੇ ਨਾਲ ਖੜ੍ਹੀ ਹੈ ਅਤੇ ਇਨਸਾਫ਼ ਮਿਲਣ ਤੱਕ ਪਰਿਵਾਰ ਦੀ ਆਵਾਜ਼ ਬਣ ਕੇ ਸੰਘਰਸ਼ ਜਾਰੀ ਰੱਖੇਗੀ।

ਉਨ੍ਹਾਂ ਕਿਹਾ ਕਿ ਗੁਲਜ਼ਾਰ ਸਿੰਘ ਜੀ ਦੀ ਮੌਤ ਨਾਲ ਜੁੜੇ ਪੂਰੇ ਮਾਮਲੇ ਦੀ ਨਿਰਪੱਖ ਅਤੇ ਉੱਚ ਪੱਧਰੀ ਜਾਂਚ ਹੋਣੀ ਚਾਹੀਦੀ ਹੈ। ਪਰਿਵਾਰ ਵੱਲੋਂ ਲਗਾਏ ਗਏ ਦੋਸ਼ਾਂ ਅਤੇ ਸਾਹਮਣੇ ਆ ਰਹੇ ਤੱਥਾਂ ਦੀ ਗੰਭੀਰਤਾ ਨਾਲ ਜਾਂਚ ਕਰਕੇ ਸੱਚਾਈ ਲੋਕਾਂ ਸਾਹਮਣੇ ਲਿਆਂਦੀ ਜਾਵੇ। ਬਲਜੀਤ ਕੌਰ ਨੇ ਕਿਹਾ ਕਿ ਦੋਸ਼ੀਆਂ ਖ਼?ਲਾਫ਼ ਸਖ਼ਤ ਕਾਨੂੰਨੀ ਕਾਰਵਾਈ ਕਰਕੇ ਉਨ੍ਹਾਂ ਨੂੰ ਸਜ਼ਾ ਦਿਵਾਈ ਜਾਵੇ ਅਤੇ ਪੀੜਤ ਪਰਿਵਾਰ ਨੂੰ ਇਨਸਾਫ਼ ਯਕੀਨੀ ਬਣਾਇਆ ਜਾਵੇ। ਪੰਜਾਬ ਮਹਿਲ਼ਾ ਕਾਂਗਰਸ ਇਸ ਮਾਮਲੇ ਵਿੱਚ ਪਰਿਵਾਰ ਦੇ ਨਾਲ ਡਟ ਕੇ ਖੜ੍ਹੀ ਰਹੇਗੀ।

ਦਰਸ਼ਨ ਸਿੰਘ ਮੱਟੂ ਦੀ ਅਗਵਾਈ ’ਚ ਲੋੜਵੰਦ ਵਿਅਕਤੀ ਨੂੰ ਵੀਲ੍ਹ ਚੇਅਰ ਭੇਂਟ ਕੀਤੀ

ਪੈ.ਗਾਮ-ਏ-ਜਗਤ/ਗੜ੍ਹਸ਼ੰਕਰ 12 ਸਤੰਬਰ (ਰਾਕੇਸ਼ ਕੁਮਾਰ)

ਰਾਜੂ ਬ੍ਰਦਰਜ਼ ਵੈਲਫੇਅਰ ਸੁਸਾਇਟੀ ਯੂਕੇ ਐਂਡ ਪੰਜਾਬ ਵਲੋਂ ਅੱਜ ਸਮਾਜ ਸੇਵੀ ਦਰਸ਼ਨ ਸਿੰਘ ਮੱਟੂ ਦੀ ਅਗਵਾਈ ਹੇਠ ਗੜ੍ਹਸ਼ੰਕਰ ਵਿਖੇ ਇਕ ਲੋੜਵੰਦ ਵਿਅਕਤੀ ਨੂੰ ਵੀਲ੍ਹ ਚੇਅਰ ਭੇਂਟ ਕੀਤੀ ਗਈ। ਇਸ ਮੌਕੇ ਦਰਸ਼ਨ ਸਿੰਘ ਮੱਟੂ, ਹੈਪੀ ਸਾਧੋਵਾਲ ਅਤੇ ਡਾਕਟਰ ਲਖਵਿੰਦਰ ਕੁਮਾਰ ਨੇ ਦੱਸਿਆ ਕਿ ਪਿੰਡ ਰੋਡਮਜਾਰਾ ਦੇ ਰਾਜ ਕੁਮਾਰ ਜੋ ਕਿ ਕੁਦਰਤ ਦੀ ਮਾਰ ਕਾਰਨ ਚੱਲਣ-ਫਿਰਨ ਤੋਂ ਅਸਮਰਥ ਹੋ ਗਏ ਸਨ। ਇਸ ਸਬੰਧੀ ਰਾਜ ਕੁਮਾਰ ਵਲੋਂ ਉਨ੍ਹਾਂ ਦੀ ਟੀਮ ਨਾਲ ਸੰਪਰਕ ਕੀਤਾ ਤਾਂ ਅੱਜ ਰਾਜ ਕੁਮਾਰ ਨੂੰ ਵੀਲ੍ਹ ਚੇਅਰ ਭੇਂਟ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਸਾਡਾ ਮੁੱਖ ਮੰਤਵ ਇਹ ਹੈ ਕਿ ਕੋਈ ਵੀ ਅਪਾਹਜ ਵਿਅਕਤੀ ਵੀਲ੍ਹ ਚੇਅਰ ਅਤੇ ਟਰਾਈਸਾਈਕਲ ਨਾ ਹੋਣ ਕਰਕੇ ਘਰ ਬੈਠਣ ਨੂੰ ਮਜਬੂਰ ਨਾ ਹੋਵੇ। ਜਿਸ ਦੇ ਮੱਦੇਨਜਰ ਉਨ੍ਹਾਂ ਵੱਲੋਂ ਇਹ ਸੇਵਾ ਨਿਰੰਤਰ ਚਲਾਈ ਜਾ ਰਹੀ ਹੈ। ਇਥੇ ਇਹ ਵੀ ਦੱਸਣਯੋਗ ਹੈ ਕਿ ਰਾਜੂ ਬ੍ਰਦਰਜ਼ ਵੈਲਫੇਅਰ ਸੁਸਾਇਟੀ ਯੂਕੇ ਐਂਡ ਪੰਜਾਬ ਹੁਣ ਤੱਕ ਹਜ਼ਾਰਾਂ ਲੋੜਵੰਦਾਂ ਨੂੰ ਵੀਲ੍ਹ ਚੇਅਰਾਂ ਅਤੇ ਟਰਾਈਸਾਈਕਲ ਉਪਲੱਬਧ ਕਰਵਾ ਚੁੱਕੀ ਹੈ। ਇਸ ਮੌਕੇ ਦਰਸ਼ਨ ਸਿੰਘ ਮੱਟੂ, ਹੈਪੀ ਸਾਧੋਵਾਲ, ਡਾਕਟਰ ਲਖਵਿੰਦਰ ਕੁਮਾਰ, ਰਾਜ ਕੁਮਾਰ, ਗਗਨਜੀਤ ਅਤੇ ਰਾਣੀ ਆਦਿ ਹਾਜ਼ਰ ਸਨ।



ਜਾਅਲੀ ਕੰਪਨੀ ਬਣਾ ਕੇ ਅਤੇ ਲੋਕਾਂ ਨਾਲ ਠੱਗੀ ਮਾਰਨ ਵਾਲਾ ਮੁੱਖ ਦੋਸ਼ੀ ਗ੍ਰਿਫ਼ਤਾਰ

ਪੈ.ਗਾਮ-ਏ-ਜਗਤ
ਅੰਬਾਲਾ, 12 ਸਤੰਬਰ (ਆਰ.ਸਿੰਘ)

ਅੰਬਾਲਾ ਸਿਟੀ ਪੁਲੀਸ ਨੇ ਇੱਕ ਬਦਮਾਸ਼ ਗਿਰੋਹ ਦੇ ਮੁੱਖ ਦੋਸ਼ੀ ਨੂੰ ਗ੍ਰਿਫ਼ਤਾਰ ਕਰ ਲਿਆ ਹੈ ਜੋ ਲੋਕਾਂ ਨੂੰ ਜਾਅਲੀ ਕੰਪਨੀ ਵਿੱਚ ਫਸਾ ਕੇ ਅਤੇ ਉਨ੍ਹਾਂ ਦੇ ਪੈਸੇ ਦੁੱਗਣੇ ਕਰਨ ਦਾ ਵਾਅਦਾ ਕਰਕੇ ਕਰੋੜਾਂ ਰੁਪਏ ਦੀ ਠੱਗੀ ਮਾਰਦਾ ਸੀ। ਪੁਲੀਸ ਨੇ ਦੋਸ਼ੀ ਨੂੰ ਮਾਣਯੋਗ ਅਦਾਲਤ ਵਿੱਚ ਪੇਸ਼ ਕਰਕੇ ਰਿਮਾਂਡ ’ਤੇ ਲਿਆ ਹੈ। ਦੋਸ਼ੀ ਨੇ 28 ਦਸੰਬਰ 2023 ਅਤੇ 6 ਜੁਲਾਈ, 2026 ਦੇ ਵਿਚਕਾਰ ਅੰਬਾਲਾ ਸਿਟੀ ਦੇ ਮਾਨਵ ਚੌਕ ਵਿਖੇ ਸਥਿਤ ਇੱਕ ਜਾਅਲੀ ਦਫ਼ਤਰ ਵਿੱਚ ਇੱਕ ਜਾਅਲੀ ਕੰਪਨੀ ਰਾਹੀਂ ਲੋਕਾਂ ਨੂੰ ਲੁਭਾਇਆ। ਥੋੜ੍ਹੇ ਸਮੇਂ ਵਿੱਚ ਨਿਵੇਸ਼ਕਾਂ ਦੇ ਪੈਸੇ ਦੁੱਗਣੇ ਕਰਨ ਦਾ ਵਾਅਦਾ ਕੀਤਾ ਅਤੇ ਫਿਰ ਕਰੋੜਾਂ ਰੁਪਏ ਠੱਗ ਕੇ ਭੱਜ ਗਏ। ਇਸ ਸ਼ਿਕਾਇਤ ਦਾ ਤੁਰੰਤ ਨੋਟਿਸ ਲੈਂਦੇ ਹੋਏ ਅੰਬਾਲਾ ਸਿਟੀ ਪੁਲੀਸ ਸਟੇਸ਼ਨ ਵਿੱਚ ਮਾਮਲਾ ਦਰਜ ਕੀਤਾ ਗਿਆ ਅਤੇ ਕਾਨੂੰਨੀ ਕਾਰਵਾਈ ਸ਼ੁਰੂ ਕੀਤੀ ਗਈ।



ਜਾਂਚ ਅਧਿਕਾਰੀ ਸਹਾਇਕ ਸਬ-ਇੰਸਪੈਕਟਰ ਰਣਦੀਪ ਸਿੰਘ ਦੀ ਅਗਵਾਈ ਹੇਠ ਪੁਲੀਸ ਟੀਮ ਨੇ ਤਕਨੀਕੀ ਅਤੇ ਖ਼ੁਫ਼ੀਆ ਸਰੋਤਾਂ ਦੀ ਵਰਤੋਂ ਕਰਕੇ ਜਾਲ ਵਿਛਾਇਆ ਅਤੇ ਮੁੱਖ ਮੁਲਜ਼ਮ ਰਿਦਮਲ ਸਿੰਘ ਜੋ ਕਿ ਪਿੰਡ ਭਦਰੂ, ਤਹਿਸੀਲ ਰਾਮਸਰ, ਥਾਣਾ ਰਾਮਸਰ, ਜ਼ਿਲ੍ਹਾ ਬਾੜਮੇਰ, ਰਾਜਸਥਾਨ ਦਾ ਰਹਿਣ ਵਾਲਾ ਹੈ, ਨੂੰ ਗ੍ਰਿਫ਼ਤਾਰ ਕਰ ਲਿਆ; ਜੋ ਕਿ ਵਰਤਮਾਨ ਵਿੱਚ ਨੰਦੀ ਜ਼ਿਲ੍ਹਾ ਜੋਧਪੁਰ ਰਾਜਸਥਾਨ ਦਾ ਰਹਿਣ ਵਾਲਾ ਹੈ। ਪੁਲੀਸ ਅਨੁਸਾਰ ਇਸ ਸਾਜ਼ਿਸ਼ ਵਿੱਚ ਸ਼ਾਮਲ ਹੋਰ ਮੁਲਜ਼ਮਾਂ ਦੀ ਪਛਾਣ ਕੀਤੀ ਜਾ ਰਹੀ ਹੈ ਅਤੇ ਜਲਦੀ ਹੀ ਉਨ੍ਹਾਂ ਨੂੰ ਵੀ ਗ੍ਰਿਫ਼ਤਾਰ ਕਰ ਲਿਆ ਜਾਵੇਗਾ।

ਕੁੰਬੜਾ ਵਿੱਚ ਜਲਦੀ ਹੀ ਬਣਾਇਆ ਜਾਵੇਗਾ ਖੇਡ ਸਟੇਡੀਅਮ : ਸਰਬਜੀਤ ਸਿੰਘ ਸਮਾਣਾ

ਐਸ ਏ ਐਸ ਨਗਰ, 11 ਸਤੰਬਰ (ਪੈ.ਗਾਮ-ਏ-ਜਗਤ)

ਨਗਰ ਨਿਗਮ ਦੇ ਮੇਅਰ ਸ੍ਰ. ਸਰਬਜੀਤ ਸਿੰਘ ਸਮਾਣਾ ਨੇ ਕਿਹਾ ਹੈ ਕਿ ਕੁੰਬੜਾ ਵਿੱਚ ਜਲਦੀ ਹੀ ਖੇਡ ਸਟੇਡੀਅਮ ਬਣਾਇਆ ਜਾਵੇਗਾ। ਪਿੰਡ ਕੁੰਬੜਾ ਵਿਖੇ ਕਰਵਾਏ ਗਏ ਵਿਸ਼ਾਲ ਕੁਸ਼ਤੀ ਦੰਗਲ ਦੇ ਪ੍ਰਬੰਧਕਾਂ ਅਤੇ ਖਿਡਾਰੀਆਂ ਦੀ ਹੌਂਸਲਾ ਅਫਜਾਈ ਕਰਨ ਦੇ ਲਈ ਇਸ ਖੇਡ ਮੇਲੇ ਵਿੱਚ ਪਹੁੰਚੇ ਸਨ। ਸ੍ਰ. ਸਰਬਜੀਤ ਸਿੰਘ ਸਮਾਣਾ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਪੰਜਾਬ ਭਰ ਵਿੱਚ ਵੱਡੇ ਪੱਧਰ ਤੇ ਖੇਡ ਸਟੇਡੀਅਮਾਂ ਦੀ ਉਸਾਰੀ ਕੀਤੀ ਜਾ ਰਹੀ ਹੈ, ਤਾਂ ਜੋ ਨੌਜਵਾਨ ਪੀੜ੍ਹੀ ਨੂੰ ਤੰਦਰੁਸਤ ਰੱਖਿਆ ਜਾ ਸਕੇ ਅਤੇ ਪੰਜਾਬ ਦੇ ਖਿਡਾਰੀ ਆਪਣੀ ਖੇਡ ਕਲਾ ਦਾ ਪ੍ਰਗਟਾਵਾ ਕਰਕੇ ਪੰਜਾਬ ਦਾ ਨਾਮ ਰੌਸ਼ਨ ਕਰ ਸਕਣ।

ਪ੍ਰਬੰਧਕਾਂ ਵੱਲੋਂ ਪਿੰਡ ਕੁੰਬੜਾ ਵਿੱਚ ਖੇਡ ਸਟੇਡੀਅਮ ਦੀ ਉਸਾਰੀ ਕਰਨ ਦੀ ਮੰਗ ਕਰਨ ਤੇ ਉਹਨਾਂ ਕਿਹਾ ਕਿ ਇਸ ਥਾਂ ਤੇ ਜਲਦੀ ਹੀ ਖੇਡ ਸਟੇਡੀਅਮ ਦੀ ਉਸਾਰੀ ਕਰਵਾਈ ਜਾਵੇਗੀ, ਤਾਂ ਕਿ ਆਉਣ ਵਾਲੇ ਸਮੇਂ ਵਿੱਚ ਇੱਥੇ ਖੇਡ ਮੇਲੇ ਅਤੇ ਕੁਸ਼ਤੀ ਦੰਗਲ ਆਯੋਜਿਤ ਕੀਤੇ ਜਾ ਸਕਣ। ਉਹਨਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪੰਜਾਬ ਵਿੱਚ ਖੇਡਾਂ ਨੂੰ ਉਤਸਾਹਿਤ ਕਰਨ ਦੇ ਲਈ ਵੱਡੇ ਉਪਰਾਲੇ ਕੀਤੇ ਜਾ ਰਹੇ ਹਨ, ਜਿਸਦੇ ਤਹਿਤ ਖੇਡ ਮੇਲੇ ਕਰਵਾਉਣ ਵਾਲੇ ਪ੍ਰਬੰਧਕਾਂ ਦੀ ਹੌਸਲਾ ਅਫਜਾਈ ਵੀ ਕੀਤੀ ਜਾਂਦੀ ਹੈ ਅਤੇ ਜੁਝਾਰੂ ਖਿਡਾਰੀਆਂ ਦੀ ਹੌਸਲਾ ਅਫਜਾਈ ਲਈ ਉਹਨਾਂ ਨੂੰ ਨਕਦ ਇਨਾਮ ਵੀ ਤਕਸੀਮ ਕੀਤੇ ਜਾ ਰਹੇ ਹਨ, ਇਸ ਨਾਲ ਇਹਨਾਂ ਖਿਡਾਰੀਆਂ ਦੀ ਹੌਸਲਾ ਅਫਜਾਈ ਹੁੰਦੀ ਹੈ। ਇਸ ਮੌਕੇ ਮੁਹਾਲੀ ਨਗਰ ਨਿਗਮ ਦੇ ਡਿਪਟੀ ਮੇਅਰ ਹਰਪਾਲ ਸਿੰਘ ਚੰਨਾ, ਨਗਰ ਨਿਗਮ ਦੇ ਕੌਂਸਲਰ ਨਸੀਬ ਸਿੰਘ ਸੰਧੂ, ਰਵਿੰਦਰ ਸਿੰਘ ਬਿੰਦਰਾ ਅਤੇ ਗੁਰਜੀਤ ਸਿੰਘ, ਜਿਲ੍ਹਾ ਟਰੇਡਰ ਕਮਿਸ਼ਨ ਦੇ ਵਾਈਸ ਚੇਅਰਪਰਸਨ ਤਰਲੋਚਨ ਸਿੰਘ ਮਟੌਰ, ਮਨਦੀਪ ਸਿੰਘ ਮਟੌਰ, ਸੋਨੂ ਮਟੌਰ, ਕੁਲਵਿੰਦਰ ਸਿੰਘ ਮਟੌਰ, ਮਨਪ੍ਰੀਤ ਸਿੰਘ ਬੈਰਮਪੁਰ, ਲਖਮੀਰ ਸਿੰਘ ਰਾਏਪੁਰ ਕਲਾਂ, ਵਿਸ਼ਵਪ੍ਰੀਤ ਸਿੰਘ ਮਟੌਰ, ਬਲਜੀਤ ਸਿੰਘ ਹੈਪੀ, ਪ੍ਰਗਟ ਸਿੰਘ ਰਾਏਪੁਰ ਕਲਾਂ ਹਾਜ਼ਰ ਸਨ।

• ਪੰਜਬ ਸਰਕਾਰ ਖਿਡਾਰੀਆਂ ਦੇ ਨਾਲ-ਨਾਲ ਖੇਡ ਪ੍ਰਬੰਧਕਾਂ ਨੂੰ ਵੀ ਕੀਤਾ ਜਾ ਰਿਹਾ ਹੈ ਸਨਮਾਨਿਤ



ਜੰਜੂਆ ਓਵਰਸੀਜ਼ ਲਿਮਟਿਡ ਦੀ ਬੋਰਡ ਮੀਟਿੰਗ 18 ਸਤੰਬਰ ਨੂੰ

ਐਸ.ਏ.ਐਸ. ਨਗਰ, 11 ਸਤੰਬਰ (ਪੈ.ਗਾਮ-ਏ-ਜਗਤ)

ਭਾਰਤੀ ਸ਼ੇਅਰ ਬਾਜ਼ਾਰ ਬੀ ਐਸ ਈ ਵਿੱਚ ਕਾਰੋਬਾਰ ਕਰਨ ਵਾਲੀ ਮੁਹਾਲੀ ਦੀ ਕੰਪਨੀ ਜੰਜੂਆ ਓਵਰਸੀਜ਼ ਲਿਮਟਿਡ ਦੀ ਬੋਰਡ ਮੀਟਿੰਗ ਆਉਣ ਵਾਲੀ 18 ਸਤੰਬਰ ਨੂੰ ਹੋਵੇਗੀ। ਇਸ ਸਬੰਧੀ ਜਾਣਕਾਰੀ ਦਿੰਦਿਆਂ ਜੰਜੂਆ ਓਵਰਸੀਜ਼ ਲਿਮਟਿਡ ਦੇ ਡਾਇਰੈਕਟਰ ਹਰਮਨਪ੍ਰੀਤ ਸਿੰਘ ਜੰਜੂਆ ਨੇ ਦੱਸਿਆ ਕਿ ਸਿਕਿਓਰਿਟੀਜ਼ ਐਂਡ ਐਕਸਚੇਂਜ ਬੋਰਡ ਆਫ਼ ਇੰਡੀਆ (ਲਿਸਟਿੰਗ ਓਬਲੀਗੇਸ਼ਨਜ਼ ਐਂਡ ਡਿਸਕਲੋਜ਼ਰ ਰਿਕੁਆਇਰਮੈਂਟਸ) ਰੈਗੂਲੇਸ਼ਨਜ਼, 2015 ਦੇ ਨਿਯਮ 29 ਅਤੇ ਹੋਰ ਲਾਗੂ ਹੋਣ ਵਾਲੀਆਂ ਵਿਵਸਥਾਵਾਂ ਦੇ ਤਹਿਤ ਹੋਣ ਵਾਲੀ ਬੋਰਡ ਆਫ਼ ਡਾਇਰੈਕਟਰਜ਼ ਦੀ ਮੀਟਿੰਗ ਵਿੱਚ ਫੰਡ ਇਕੱਠਾ ਕਰਨ ਦੇ ਪ੍ਰਸਤਾਵ ਤੇ ਵਿਚਾਰ ਕੀਤਾ ਜਾਵੇਗਾ।

ਉਹਨਾਂ ਦੱਸਿਆ ਕਿ ਫੰਡ ਇਕੱਠਾ ਕਰਨ ਵਾਲੀ ਕਮੇਟੀ ਦੇ ਗਠਨ ਤੇ ਵਿਚਾਰ ਕਰਨਾ, ਜਿਸ ਵਿੱਚ ਇਕੱਠੀ ਕੀਤੀ ਜਾਣ ਵਾਲੀ ਰਕਮ ਅਤੇ ਵਿੱਤ ਜੁਟਾਉਣ ਦੇ ਤਰੀਕਿਆਂ (ਜਿਹਨਾਂ ਤੇ ਬੋਰਡ ਆਫ਼ ਡਾਇਰੈਕਟਰਾਂ ਵਲੋਂ ਕਮੇਟੀ ਦੀਆਂ ਸਿਫ਼ਾਰਸ਼ਾਂ ਤੇ ਵਿਚਾਰ ਕਰਦੇ ਹੋਏ ਫੈਸਲਾ ਕੀਤਾ ਜਾਵੇਗਾ) ਨੂੰ ਨਿਰਧਾਰਤ ਕਰਨਾ ਸ਼ਾਮਲ ਹੈ, ਜੋ ਕਿ ਲਾਗੂ ਕਾਨੂੰਨ ਦੇ ਤਹਿਤ ਲੋੜੀਂਦੀਆਂ ਮਨਜ਼ੂਰੀਆਂ ਦੇ ਅਧੀਨ ਹੋਵੇਗਾ।




ਉਹਨਾਂ ਦੱਸਿਆ ਕਿ ਇਸਦੇ ਨਾਲ ਹੀ ਐਚ ਐਚ ਜੰਜੂਆ ਇਨੋਵੇਟ ਐਗਰੋ ਪ੍ਰਾਈਵੇਟ ਲਿਮਟਿਡ ਦੇ ‘ਰਾਈਟਸ ਇਸ਼ੂ’ ਵਿੱਚ ਹਿੱਸਾ ਲੈਣ ਤੇ ਵੀ ਚਰਚਾ ਕੀਤੀ ਜਾਵੇਗੀ ਅਤੇ ਕੰਪਨੀ ਦੇ ਰੋਜ਼ਾਨਾ ਦੇ ਕੰਮਕਾਜ ਦੀ ਸਮੀਖਿਆ ਕੀਤੀ ਜਾਵੇਗੀ। ਉਹਨਾਂ ਕਿਹਾ ਕਿ ਇਸਦੇ ਨਾਲ ਨਾਲ ਕੰਪਨੀ ਦੇ ਚੇਅਰਮੈਨ-ਕਮ-ਮੈਨੇਜਿੰਗ ਡਾਇਰੈਕਟਰ ਮੇਜਰ ਹਰਜਿੰਦਰ ਸਿੰਘ ਜੰਜੂਆ ਦੀ ਇਜਾਜ਼ਤ ਨਾਲ ਕਿਸੇ ਹੋਰ ਮਾਮਲੇ ਤੇ ਵਿਚਾਰ ਕੀਤਾ ਜਾ ਸਕਦਾ ਹੈ। ਐਚ ਐਚ ਜੰਜੂਆ ਇਨੋਵੇਟ ਐਗਰੋ ਪ੍ਰਾਈਵੇਟ ਲਿਮਟਿਡ ਬਾਰੇ ਉਹਨਾਂ ਦੱਸਿਆ ਕਿ ਇਹ ਕੰਪਨੀ ਵੱਖ-ਵੱਖ ਕਾਰੋਬਾਰੀ ਗਤੀਵਿਧੀਆਂ ਵਿੱਚ ਸ਼ਾਮਲ ਹੈ ਜਿਸ ਵਿੱਚ ਇੱਕ ਕਾਸ਼ਤਕਾਰ ਅਤੇ ਬੀਜ ਵੇਚਣ ਵਾਲਾ, ਛਪੀਆਂ ਕਿਤਾਬਾਂ ਵੇਚਣ ਵਾਲਾ ਅਤੇ ਖੇਤੀਬਾੜੀ ਉਪਜ ਅਤੇ ਇਸਦੇ ਉਪ-ਉਤਪਾਦਾਂ ਨਾਲ ਸਬੰਧਤ ਤਕਨਾਲੋਜੀਆਂ ਦੀ ਖੋਜ ਅਤੇ ਵਿਕਾਸ ਸ਼ਾਮਲ ਹੈ ਜੋ ਜੈਵਿਕ ਖਾਦ ਵਜੋਂ ਵਰਤੋਂ ਲਈ ਜਾਂ ਕਾਰਬਨ ਪੈਰਾਂ ਦੇ ਨਿਸ਼ਾਨ ਨੂੰ ਘਟਾਉਣ ਲਈ ਵਾਤਾਵਰਣ-ਅਨੁਕੂਲ ਹਰੀ ਇੱਟ ਦੇ ਨਿਰਮਾਣ ਲਈ ਹਨ।

ਉਹਨਾਂ ਕਿਹਾ ਕਿ ਐਚ ਐਸ ਜੰਜੂਆ ਇਨੋਵੇਟੈਗਰੋ ਪ੍ਰਾਈਵੇਟ ਲਿਮਟਿਡ ਦੇ ਜੰਜੂਆ ਗਰੁੱਪ ਦਾ ਇੱਕ ਉੱਦਮ ਹੈ ਜੋ ਤਕਨਾਲੋਜੀਆਂ ਨੂੰ ਉਤਸ਼ਾਹਿਤ ਕਰਨ ਵਿੱਚ ਕੰਮ ਕਰਦਾ ਹੈ ਜਿੱਥੇ ਖੇਤੀਬਾੜੀ ਉਪਜ ਇਸਦੇ ਉਪ-ਉਤਪਾਦਾਂ ਜਾਂ ਰਹਿੰਦ-ਖੂੰਹਦ ਨੂੰ ਉਦਯੋਗ ਦੇ ਨਵੇਂ ਖੇਤਰਾਂ ਵਿੱਚ ਖੇਤੀਬਾੜੀ ਰਾਹੀਂ ਦੌਲਤ ਦੀ ਸਿਰਜਣਾ ਲਈ ਵਰਤਿਆ ਜਾ ਸਕਦਾ ਹੈ। ਇਹ ਉੱਚ ਵਿਕਾਸ ਵਾਲੇ ਬੀਜਾਂ, ਵਾਤਾਵਰਣ ਸੁਰੱਖਿਆ, ਜਲਵਾਯੂ ਲਚਕੀਲੇਪਣ ਅਤੇ ਦੂਰ-ਦੁਰਾਡੇ ਅਤੇ ਸਰਹੱਦੀ ਖੇਤਰਾਂ ਤੋਂ ਖੇਤੀਬਾੜੀ ਉਪਜ ਦੀ ਤੇਜ਼ ਆਵਾਜਾਈ ਰਾਹੀਂ ਭੋਜਨ ਸੁਰੱਖਿਆ ਨੂੰ ਹੱਲ ਕਰਨ ਤੇ ਕੇਂਦ੍ਰਤ ਕਰਦਾ ਹੈ।

ਸਾਹਿਤਕ ਅਤੇ ਕਾਵਿਕ ਫੋਟੋਗ੍ਰਾਫੀ ਦਾ ਉਸਤਾਦ-ਲੇਖਕ ਹਰਭਜਨ ਬਾਜਵਾ

ਪੈ.ਗਾਮ-ਏ-ਜਗਤ
ਗੁਰਦਾਸਪੁਰ, (ਬਲਵਿੰਦਰ ‘ਬਾਲਮ’)

ਪ੍ਰਸਿੱਧ ਸਾਹਿਤਕ ਅਤੇ ਕਾਵਿਕ ਫੋਟੋਗ੍ਰਾਫਰ ਹਰਭਜਨ ਬਾਜਵਾ ਦੇਸ਼ ਵਿਦੇਸ਼ ਦੇ ਪ੍ਰਸਿੱਧ ਫੋਟੋਗ੍ਰਾਫਰ ਵਿੱਚ ਉਸ ਦਾ ਨਾਂਅ ਹੈ। ਸਰਕਾਰੀ ਪੋਲੀਟੈਕਨਿਕ ਕਾਲਿਜ ਬਟਾਲਾ (ਜ਼ਿਲ੍ਹਾ ਗੁਰਦਾਸਪੁਰ, ਪੰਜਾਬ) ਦੇ ਸਾਹਮਣੇ ਬਾਜਵਾ ਫੋਟੋਸ ਸਟੂਡੀਓ ਅਤੇ ਇਸ ਦੇ ਉੱਪਰ ਉਸ ਦੀ ਰਿਹਾਇਸ਼। ਉਸ ਦੇ ਸਟੂਡੀਓ ਵਿੱਚ ਸਾਹਿੱਤਕ ਅਤੇ ਕਲਾਤਮਿਕ ਫੋਟੋਆਂ ਦੀ ਪ੍ਰਦਰਸ਼ਨੀ ਚੌਵੀ ਘੰਟੇ ਵੇਖੀ ਜਾ ਸਕਦੀ।

ਪੰਜਾਬ, ਪੰਜਾਬੀ, ਪੰਜਾਬੀਅਤ, ਸਾਹਿਤਕ, ਕਲਾਤਮਿਕ ਅਤੇ ਕਾਵਿਕ ਫੋਟੋਗ੍ਰਾਫੀ ਨੂੰ ਸਮਰਪਿਤ ਹੈ ਹਰਭਜਨ ਬਾਜਵਾ, ਅੱਖ ਦੇ ਇਸ਼ਾਰੇ ਨਾਲ ਅੰਬਰੋਂ ਤਾਰੇ ਤੋੜ ਲਿਆਉਣ ਵਾਲਾ ਬੰਦਾ, ਮੂੰਹ ਫੱਟ, ਸੱਚਾ ਸੁੱਚਾ, ਭਾਵੇਂ ਤੂੰ-ਤੂੰ, ਮੈਂ-ਮੈਂ ਹੋ ਜਾਏ ਪਰ ਸੱਚ ਕਹਿਣੋਂ ਬਾਝ ਨਹੀਂ ਆਉਂਦਾ। ਕਈ ਲੋਕ ਉਸ ਨੂੰ ਸਿਰ ਫਿਰਾ, ਪਾਗਲ, ਸ਼ੁਦਾਈ, ਅਲਬੇਲਾ, ਫਕੱਰ, ਕਮਲਾ ਆਦਿ ਵੀ ਕਹਿ ਦਿੰਦੇ ਹਨ।

ਉਸ ਦੀ ਅੱਖ ਕੈਮਰੇ ਦੀ ਕਲਿਕ ਦਾ ਚੋਖਾ ਤਜ਼ੁਰਬਾ ਰੱਖਦੀ ਹੈ। ਉਸ ਦੀ ਅੱਖ ਕਲਾਤਮਿਕ ਚੀਜ਼ਾਂ ’ਤੇ ਜ਼ਿਆਦਾ ਟਿਕਦੀ ਹੈ। ਕੈਮਰੇ ਦੀ ਪਲਕ ਵਿੱਚ ਇੱਕ ਮਿਕਨਾਤੀਸ਼ੀ ਖਿੱਚ। ਵੈਸੇ ਉਹ ਵਿਅਕਤਿਤਵ ਤੌਰ ’ਤੇ ਯਾਰਾਂ ਦਾ ਯਾਰ, ਸੱਚੇ ਸੁੱਚੇ ਗੈਰਾਂ ਦਾ ਵੀ ਆਪਣਾ। ਗਲਤ ਬੰਦੇ ਨੂੰ ਮੂੰਹ ’ਤੇ ਗਲਤ ਕਹਿ ਦੇਣਾ ਉਸ ਦੀ ਆਦਤ ਹੈ, ਪਤਾ ਨਹੀਂ ਇਹ ਚੰਗੀ ਹੈ ਜਾਂ ਮਾੜੀ, ਪਰ ਉਹ ਇਸ ਤੋਂ ਟਸ ਤੋਂ ਮਸ ਨਈਂ ਹੁੰਦਾ। ਪੰਜਾਬ ਦਾ ਸਾਇਦ ਕੋਈ ਹੀ ਐਸਾ ਸਾਹਿਤਕਾਰ, ਨਾਟਕਕਾਰ, ਕਲਾਕਾਰ, ਪੱਤਰਕਾਰ, ਸੰਪਾਦਕ ਹੋਵੇ ਜਿਸ ਦੀ ਫੋਟੋ ਬਾਜਵੇ ਦੇ ਕੈਮਰੇ ਵਿੱਚ ਬੰਦ ਨਾ ਹੋਵੇ। ਚਾਹੇ ਪਾਕਿਸਤਾਨ ਦੇ ਸਾਹਿਤਿਕ ਕਲਾਕਾਰ ਹੋਵਣ ਜਾਂ ਪੰਜਾਬ (ਭਾਰਤ) ਦੇ ਉਸ ਦੇ ਕੈਮਰੇ ਵਿੱਚ ਸੁਸ਼ੋਭਿਤ ਹਨ। ਪੰਜਾਬ ਅਤੇ ਨਾਰਥ ਜੋਨ ਦੇ ਹਿੰਦੀ, ਪੰਜਾਬੀ, ਉਰਦੂ, ਅੰਗਰੇਜ਼ੀ, ਡੋਗਰੀ, ਸਿੰਧੀ ਆਦਿ ਭਾਸ਼ਾਵਾਂ ਦੇ ਲੇਖਕਾਂ ਦੇ ਫੋਟੋਗ੍ਰਾਫਸ ਉਸ ਕੋਲ ਮੌਜੂਦ ਹਨ। ਭਾਰਤ -ਪਾਕਿਸਤਾਨ ਦੇ ਮਸ਼ਹੂਰ ਮੇਲੇ ਉਸ ਦੇ ਕੈਮਰੇ ਵਿੱਚ ਜੀਵਤ ਹਨ। ਭਾਰਤ ਦੀਆਂ ਪਹਾੜੀਆਂ, ਫਸਲਾਂ, ਪਸ਼ੂ-ਪੰਛੀਆਂ ਦੇ ਸੁੰਦਰ ਦ੍ਰਿਸ਼ ਉਸਦੇ ਕੈਮਰੇ ਵਿੱਚ ਸਮੋਏ ਹੋਏ ਹਨ। ਉਹ ਵਧੀਆ ਲੇਖਕ ਤੇ ਕਵੀ ਵੀ ਹਨ। ਪੰਜਾਬੀ ਕਵਿਤਾਵਾਂ ਦੀਆਂ ਦੋ ਪੁਸਤਕਾਂ ਸੁੱਕੇ ਕੱਖਾਂ ਥੱਲੇ ਅੱਗ ਅਤੇ ਮੌਤ ਇੱਕ ਆਸ ਪੰਜਾਬੀ ਸਾਹਿਤ ਦੀ ਝੋਲੀ ਪਾ ਚੁੱਕਾ ਹੈ।



ਬਾਜਵਾ ਜਿੱਦੀ ਨਹੀਂ ਹੈ, ਹਾਂ ਤੇ ਹਾਂ ਜਾਂ ਨਾਂਹ ਤੇ ਨਾਂਹ, ਪਰ ਛੋਟੀ ਗਲਾਸੀ ’ਤੇ ਆਣ ਕੇ ਜਿੱਦ ਕਰਦਾ ਹੈ ਜਰੂਰ ਕਦੀ-ਕਦੀ। ਉਹ ਸੱਚੀ ਤੇ ਇਮਾਨਦਾਰੀ ਵਾਲੀ ਪੰਜਾਬੀ ਵਿੱਚ ਗੱਲ ਕਰਦਾ ਹੈ, ਦੂਸਰਿਆਂ ਸ਼ਬਦਾਂ, ਹੋਰ ਭਾਸ਼ਾਵਾਂ ਨੂੰ ਵਿੱਚ ਨਹੀਂ ਘਸੋੜਦਾ। ਤ੍ਰਿਪਤ ਪੰਜਾਬੀ ਦਾ ਸ਼ੁਦਾਈ। ਬਾਡੀ ਲੈਂਗੂਏਜ ਵਿੱਚ ਓਵਰ ਐਕਟਿੰਗ ਨਹੀਂ ਕਰਦਾ। ਉਸ ਦਾ ਪਹਿਰਾਵਾ ਵੇਖ ਕੇ ਕੋਈ ਵੀ ਕਹਿ ਸਕਦਾ ਹੈ ਕਿ ਇਹ ਬੰਦਾ ਕੋਈ ਬਲਾਅ ਹੈ। ਸਰਕੜੇ ਵਰਗੇ ਸਫੇਦ ਵਾਲ ਮੋਢਿਆਂ ਤੱਕ ਲਹਿਰਾ ਕੇ ਕੰਨਸੋਆਂ ਕਰਦੇ, ਸਿੱਖੀ ਸਰੂਪ ਮੁਕੰਮਲ ਦਾੜ੍ਹੀ, ਮੋਢੇ ਤੇ ਕੈਮਰਾ, ਕੁਰਤਾ-ਪਜਾਮਾ ਉਸ ਦੀ ਫਕੀਰਾਨਾ ਆਦਤ ਤੇ ਅਨੁਕੂਲ। ਜਦੋਂ ਉਹ ਸੱਜਣਾ-ਬੇਲੀਆਂ ਨਾਲ ਗੱਲਾਂ ਕਰਦਾ ਹੈ, ਤਾਂ ਇਵੇਂ ਲਗਦਾ ਹੈ ਜਿਵੇਂ ਕੋਈ ਕਲਾਕਾਰ ਰੰਗਮੰਚ ਦਾ ਸੂਤਰਧਾਰ ਹੋਵੇ।

ਲਲਿਤ ਕਲਾ ਅਕੈਡਮੀ ਵੱਲੋਂ ਭਾਰਤ ਪੱਧਰ ਦਾ ਸਨਮਾਨ ਲੈ ਚੁੱਕਾ ਹੈ। ਪੰਜਾਬ ਆਰਟ ਕੌਂਸਿਲ ਵਲੋਂ ਵੀ ਮਾਨ-ਸਨਮਾਨ ਲੈ ਚੁੱਕਾ ਹੈ।

ਬਾਜਵਾ ਮਨ ਦਾ ਸਰਲ ਤਾਂ ਹੈ ਹੀ, ਪਰ ਮੁਸ਼ਕਿਲ ਵੀ ਹੈ। ਉਸ ਨੂੰ ਹਰ ਬੰਦਾ ਨਹੀਂ ਪੜ੍ਹ ਸਕਦਾ। ਬਟਾਲੇ ਦੇ ਬਹੁਤ ਬੁਜ਼ੁਰਗ ਉਸ ਦੇ ਯਾਰ ਰਹੇ ਹਨ। ਉਹ ਯਾਰ ਜੋ ਸਵ. ਸ਼ਿਵ ਕੁਮਾਰ ਬਟਾਲਵੀ ਦੇ ਯਾਰ ਸਨ। ਬਾਜਵਾ ਵੀ ਸ਼ਿਵ ਕੁਮਾਰ ਬਟਾਲਵੀ ਦਾ ਪੱਕਾ ਯਾਰ ਸੀ। ਉਸ ਦੇ ਸਟੂਡੀਓ ਵਿੱਚ ਕੋਈ ਨਾ ਕੋਈ ਕਲਾਕਾਰ ਵੇਖਣ ਨੂੰ ਜਰੂਰ ਮਿਲ ਜਾਂਦਾ ਹੈ।

ਸ਼ਿਵ ਕੁਮਾਰ ਬਟਾਲਵੀ ਨੂੰ ਬਾਜਵਾ ਸਭ ਤੋਂ ਵੱਧ ਜਾਣਦਾ ਹੈ। ਬਾਜਵਾ ਸਾਹਿਤਕ ਫੋਟੋਗ੍ਰਾਫੀ ਵਿੱਚ ਚੱਲਦਾ ਫਿਰਦਾ ਇਨਸਾਈਕਲੋਪੀਡੀਆ ਹੈ। ਜਿਉਂਦਾ ਵੱਸਦਾ ਰਵੇ।